People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 05 ਜੂਨ 2025 ਵੀਰਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਹੁਣ ਭਾਜਪਾ ਦਾ ਵਿਰੋਧ ਕਰਨ ਵਾਲਿਆਂ ਨੂੰ ਰਾਸ਼ਟਰ ਵਿਰੋਧੀ ਗਰਦਾਨਿਆ ਜਾ ਰਿਹਾ ਹੈ: CM ਮਾਨ

* ਬਿੱਟੂ ਨੂੰ ਚੁਣੌਤੀ ਦਿੱਤੀ ਕਿ ਉਹ ਆਪਣੇ ਮਾਲਕਾਂ ਤੋਂ ਪੁੱਛਣ ਕਿ ਹਰ ਘਰ ਨੂੰ ਸਿੰਦੂਰ ਭੇਜਣ ਦੇ ਫੈਸਲੇ ਤੋਂ ਪਾਸਾ ਕਿਉਂ ਵੱਟਿਆ, * ਜੰਗ ਵਿੱਚ ਜਿੱਤ ਬਾਰੇ ਦੁਨੀਆ ਨੂੰ ਦੱਸਣ ਲਈ ਨਾਮਜ਼ਦ ਵਿਅਕਤੀਆਂ ਨੂੰ ਵਿਦੇਸ਼ ਭੇਜਣ ਦੀ ਲੋੜ ਬਾਰੇ ਪੁੱਛਿਆ ਸਵਾਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ INTERNATIONAL PAPER, 94636 01616 hardipchumber57@gmail.com

ਚੰਡੀਗੜ੍ਹ, 4 ਜੂਨ 2025 - ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਦੇਸ਼ ਵਿੱਚ ਹਾਲਾਤ ਬਹੁਤ ਅਫਸੋਸਜਨਕ ਬਣੇ ਹੋਏ ਹਨ ਕਿਉਂਕਿ ਕਿਸੇ ਵੀ ਪਾਰਟੀ ਵੱਲੋਂ ਭਾਜਪਾ ਵਿਰੁੱਧ ਕੋਈ ਪ੍ਰਚਾਰ ਜਾਂ ਵਿਚਾਰ ਪੇਸ਼ ਕਰਨ ਨਾਲ ਹੁਣ ਉਸ ਨੂੰ ਰਾਸ਼ਟਰ ਵਿਰੋਧੀ ਐਲਾਨਿਆ ਜਾ ਰਿਹਾ ਹੈ।

ਅੱਜ ਇੱਥੇ ਆਪਣੀ ਸਰਕਾਰੀ ਰਿਹਾਇਸ਼ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਹੀ ਹਾਸੋਹੀਣਾ ਹੈ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਆਪ੍ਰੇਸ਼ਨ ਸਿੰਦੂਰ ਬਾਰੇ ਉਨ੍ਹਾਂ ਦੇ ਬਿਆਨ ਉੱਤੇ ਕਿਹਾ ਹੈ ਕਿ ਉਹ ਪਾਕਿਸਤਾਨ ਦੀ ਆਵਾਜ਼ ਬੁਲੰਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਬਿੱਟੂ ਨੇ ਅਜਿਹੇ ਤਰਕਹੀਣ ਬਿਆਨ ਦਿੱਤੇ ਹਨ ਜਦੋਂ ਕਿ ਦਿੱਲੀ ਵਿੱਚ ਬੈਠੇ ਉਨ੍ਹਾਂ ਦੇ ਆਕਾ ਬੇਬੁਨਿਆਦ ਬਿਆਨ ਦੇ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰੀ ਰਾਜ ਮੰਤਰੀ ਇਹ ਭੁੱਲ ਗਏ ਹਨ ਕਿ ਉਨ੍ਹਾਂ ਦੀ ਆਪਣੀ ਪਾਰਟੀ ਹਰ ਘਰ ਵਿੱਚ ਸਿੰਦੂਰ ਭੇਜਣ ਦੇ ਆਪਣੇ ਫੈਸਲੇ ਤੋਂ ਪਿੱਛੇ ਹਟ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਤਰ੍ਹਾਂ ਦਾ ਰਵੱਈਆ ਬੇਲੋੜਾ ਅਤੇ ਗੈਰ-ਵਾਜਬ ਹੈ ਅਤੇ ਇਹ ਦੇਸ਼ ਹਿੱਤ ਵਿੱਚ ਨਹੀਂ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੇ ਇਤਿਹਾਸ ਵਿੱਚ ਪਹਿਲੀ ਵਾਰ ਕੋਈ ਵੀ ਸਰਕਾਰ ਆਪਣੇ ਨਾਮਜ਼ਦ ਵਿਅਕਤੀਆਂ ਨੂੰ ਦੁਨੀਆ ਭਰ ਵਿੱਚ ਭੇਜ ਰਹੀ ਹੈ ਤਾਂ ਜੋ ਸਾਰਿਆਂ ਨੂੰ ਇਹ ਦੱਸਿਆ ਜਾ ਸਕੇ ਕਿ ਉਹ ਜੰਗ ਵਿੱਚ ਜੇਤੂ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਤ ਬਾਰੇ ਕਿਸੇ ਨੂੰ ਦੱਸਣ ਦੀ ਕੋਈ ਲੋੜ ਨਹੀਂ ਹੁੰਦੀ ਕਿਉਂਕਿ ਜਿੱਤ ਆਪਣੇ ਆਪ ਬੋਲਦੀ ਹੈ।



ਸੂਬੇ ਦੇ ਇਕ ਯੂਟਿਊਬਰ ਦੀ ਗ੍ਰਿਫ਼ਤਾਰੀ ਬਾਰੇ ਪੁੱਛੇ ਜਾਣ `ਤੇ ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਵਿੱਚ ਸੋਸ਼ਲ ਮੀਡੀਆ ਚੈਨਲਾਂ ਨੂੰ ਕੇਂਦਰ ਸਰਕਾਰ ਨਿਯਮਤ ਕਰਦੀ ਹੈ। ਹਾਲਾਂਕਿ ਉਨ੍ਹਾਂ ਕਿਹਾ ਕਿ ਜੇ ਸੂਬੇ ਵਿੱਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਧਿਆਨ ਵਿੱਚ ਕੋਈ ਵੀ ਦੇਸ਼ ਵਿਰੋਧੀ ਗਤੀਵਿਧੀ ਆਉਂਦੀ ਹੈ ਤਾਂ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਢੁਕਵੀਂ ਕਾਰਵਾਈ ਕੀਤੀ ਜਾਂਦੀ ਹੈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ `ਤੇ ਕਿਹਾ ਕਿ ਦੇਸ਼ ਵਿਰੁੱਧ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਂਦੀ ਹੈ।

## ਪੰਜਾਬ ਸਰਕਾਰ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੂੰ ਹੁਨਰਮੰਦ ਬਣਾਉਣ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕੇਗੀ

• ਅਮਨ ਅਰੋੜਾ ਵੱਲੋਂ ਨਸ਼ਾ-ਮੁਕਤ ਹੋ ਚੁੱਕੇ ਵਿਅਕਤੀਆਂ ਲਈ ਹੁਨਰ ਵਿਕਾਸ ਪ੍ਰੋਗਰਾਮ ਦੀ ਨਿਗਰਾਨੀ ਵਾਸਤੇ ਪ੍ਰੋਜੈਕਟ ਪ੍ਰਬੰਧਨ ਯੂਨਿਟ ਸਥਾਪਤ ਕਰਨ ਦੇ ਨਿਰਦੇਸ਼,, • ਮੇਰੀ ਸੋਚ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਉਨ੍ਹਾਂ ਨੂੰ ਟੀਚਾਗਤ ਹੁਨਰ ਵਿਕਾਸ ਰਾਹੀਂ ਉੱਦਮੀ ਬਣਾਉਣਾ: ਸਿਹਤ ਮੰਤਰੀ ਡਾ. ਬਲਬੀਰ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ INTERNATIONAL PAPER, 94636 01616 hardipchumber57@gmail.com

ਚੰਡੀਗੜ੍ਹ, 4 ਜੂਨ 2025 - ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਲਈ ਆ ਰਹੇ ਲੋਕਾਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਇੱਕ ਵਿਸ਼ੇਸ਼ ਹੁਨਰ ਵਿਕਾਸ ਪ੍ਰੋਗਰਾਮ ਸ਼ੁਰੂ ਕਰਨ 'ਤੇ ਵਿਚਾਰ ਕਰ ਰਹੀ ਹੈ ਤਾਂ ਜੋ ਨਸ਼ਾ ਛੱਡ ਚੁੱਕੇ ਵਿਅਕਤੀਆਂ ਨੂੰ ਮੁੜ ਤੋਂ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ।

ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਤੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ, ਜਿਸ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੀ ਮੌਜੂਦ ਸਨ, ਵਿੱਚ ਇਹ ਫੈਸਲਾ ਲਿਆ ਗਿਆ ਕਿ ਨਸ਼ਿਆਂ ਦੀ ਦਲਦਲ 'ਚੋਂ ਨਿਕਲ ਚੁੱਕੇ ਵਿਅਕਤੀਆਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਉਨ੍ਹਾਂ ਨੂੰ ਲੋੜੀਂਦੇ ਹੁਨਰ ਨਾਲ ਲੈਸ ਕੀਤਾ ਜਾਵੇਗਾ।



ਸ੍ਰੀ ਅਮਨ ਅਰੋੜਾ ਨੇ ਅਧਿਕਾਰੀਆਂ ਨੂੰ ਨਸ਼ਾ-ਮੁਕਤੀ ਦਾ ਇਲਾਜ ਕਰਾ ਚੁੱਕੇ ਵਿਅਕਤੀਆਂ ਲਈ ਹੁਨਰ ਵਿਕਾਸ ਪ੍ਰੋਗਰਾਮ ਦੀ ਨਿਗਰਾਨੀ ਲਈ ਇੱਕ ਪ੍ਰੋਜੈਕਟ ਪ੍ਰਬੰਧਨ ਯੂਨਿਟ (ਪੀਐਮਯੂ) ਸਥਾਪਤ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਇਨ੍ਹਾਂ ਵਿਅਕਤੀਆਂ ਨੂੰ ਸਫ਼ਲਤਾਪੂਰਵਕ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਕੇ ਨਸ਼ਿਆਂ ਵੱਲ ਮੁੜ ਜਾਣ ਤੋਂ ਰੋਕਿਆ ਜਾ ਸਕੇ।

ਰੋਜ਼ਗਾਰ ਉਤਪਤੀ ਮੰਤਰੀ ਨੇ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀਐਸਡੀਐਮ), ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਲਾਜ ਕਰਾ ਚੁੱਕੇ ਵਿਅਕਤੀਆਂ ਨੂੰ ਸਮੇਂ ਦੀ ਮੰਗ ਅਨੁਸਾਰ ਹੁਨਰ ਨਾਲ ਲੈਸ ਕਰਨ ਲਈ ਉਦਯੋਗਾਂ ਨਾਲ ਤਾਲਮੇਲ ਕਰਨ ਦੇ ਨਿਰਦੇਸ਼ ਦੇਣ ਤੋਂ ਇਲਾਵਾ ਅਧਿਕਾਰੀਆਂ ਨੂੰ ਡਿਪਟੀ ਕਮਿਸ਼ਨਰਾਂ, ਜ਼ਿਲ੍ਹਾ ਰੋਜ਼ਗਾਰ ਅਤੇ ਉੱਦਮ ਬਿਊਰੋ (ਡੀਬੀਈਈ) ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਨ ਲਈ ਵੀ ਕਿਹਾ ਤਾਂ ਜੋ ਨਸ਼ਿਆਂ ਤੋਂ ਮੁਕਤ ਹੋ ਚੁੱਕੇ ਵਿਅਕਤੀਆਂ ਨੂੰ ਹੁਨਰ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਵਧੇਰੇ ਸੁਚਾਰੂ ਬਣਾਇਆ ਜਾ ਸਕੇ।

ਸ੍ਰੀ ਅਮਨ ਅਰੋੜਾ ਨੇ ਸਬੰਧਤ ਅਧਿਕਾਰੀਆਂ ਨੂੰ ਹੁਨਰ ਵਿਕਾਸ 'ਚ ਰੁਚੀ ਰੱਖਣ ਵਾਲੇ ਨਸ਼ੇ ਦਾ ਇਲਾਜ ਕਰਾ ਚੁੱਕੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਢੁਕਵੇਂ ਕਿੱਤਿਆਂ ਦੀ ਸਿਖਲਾਈ ਦੇਣ ਲਈ ਕਿਹਾ। ਮਿਸ਼ਨ ਡਾਇਰੈਕਟਰ ਪੀਐਸਡੀਐਮ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਹੁਨਰ ਸਿਖਲਾਈ ਲੈਣ ਵਾਲੇ ਵਿਅਕਤੀਆਂ ਦੀ ਪਲੇਸਮੈਂਟ ਕਰਵਾਉਣ ਲਈ ਉਪਰਾਲੇ ਕਰਨ ਤਾਂ ਜੋ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸਫਲਤਾਪੂਰਵਕ ਸ਼ਾਮਲ ਕੀਤਾ ਜਾ ਸਕੇ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਰਾਜ ਸਰਕਾਰ ਦਾ ਉਦੇਸ਼ ਨਸ਼ਿਆਂ ਦੀ ਦਲਦਲ ਵਿੱਚੋਂ ਨਿਕਲ ਚੁੱਕੇ ਵਿਅਕਤੀਆਂ ਵਿੱਚ ਚੰਗੀਆਂ ਆਦਤਾਂ ਅਤੇ ਹੁਨਰ ਪੈਦਾ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਸਸ਼ਕਤ ਬਣਾਇਆ ਜਾ ਸਕੇ ਅਤੇ ਉਨ੍ਹਾਂ ਦੀ ਨਸ਼ਿਆਂ ਵੱਲ ਮੁੜ ਜਾਣ ਦੀ ਸੰਭਾਵਨਾ ਨੂੰ ਟਾਲਿਆ ਜਾ ਸਕੇ। ਉਨ੍ਹਾਂ ਕਿਹਾ ਕਿ ਮੇਰੀ ਸੋਚ ਨਸ਼ੇ ਦੇ ਆਦੀਆਂ ਨੂੰ ਇਲਾਜ ਅਤੇ ਟੀਚਾਗਤ ਹੁਨਰ ਵਿਕਾਸ ਜ਼ਰੀਏ ਉੱਦਮੀਆਂ ਵਿੱਚ ਬਦਲਣਾ ਹੈ।

ਇਸ ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਲਕਨੰਦਾ ਦਿਆਲ, ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਕੁਮਾਰ ਰਾਹੁਲ, ਡੀਆਈਜੀ (ਏਐਨਟੀਐਫ) ਸੰਜੀਵ ਰਾਮਪਾਲ, ਆਈਜੀ ਜੇਲ੍ਹਾਂ ਰੂਪ ਕੁਮਾਰ ਅਰੋੜਾ, ਮਿਸ਼ਨ ਡਾਇਰੈਕਟਰ ਪੰਜਾਬ ਹੁਨਰ ਵਿਕਾਸ ਮਿਸ਼ਨ ਅੰਮ੍ਰਿਤ ਸਿੰਘ, ਡਾਇਰੈਕਟਰ ਤਕਨੀਕੀ ਸਿੱਖਿਆ ਸ੍ਰੀ ਮੋਨੀਸ਼ ਕੁਮਾਰ, ਡਾਇਰੈਕਟਰ ਪੈਨਸ਼ਨਜ਼ ਅਮਨਦੀਪ ਬਾਂਸਲ, ਡਾਇਰੈਕਟਰ ਪ੍ਰਮੋਸ਼ਨ ਆਫ਼ ਇਨਫਰਮੇਸ਼ਨ ਟੈਕਨਾਲੋਜੀ ਮੋਹਿੰਦਰ ਪਾਲ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਰਾਜਪਾਲ ਗੁਲਾਬ ਚੰਦ ਕਟਾਰੀਆ 8 ਜੂਨ ਨੂੰ ਹੁਸ਼ਿਆਰਪੁਰ ਦਾ ਕਰਨਗੇ ਦੌਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ INTERNATIONAL PAPER, 94636 01616 hardipchumber57@gmail.com

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 8 ਜੂਨ ਨੂੰ ਹੁਸ਼ਿਆਰਪੁਰ ਦੇ ਦੌਰੇ 'ਤੇ ਆ ਰਹੇ ਹਨ। ਇਸ ਦੌਰਾਨ ਉਹ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਦਾ ਨਿਰੀਖਣ ਕਰਨਗੇ ਅਤੇ ਨਸ਼ਾ ਛੁਡਾਊ ਯਤਨਾਂ ਦਾ ਜਾਇਜ਼ਾ ਲੈਣਗੇ। ਇਸ ਤੋਂ ਬਾਅਦ ਉਹ ਡੀ.ਏ.ਵੀ ਕਾਲਜ ਆਫ਼ ਐਜੂਕੇਸ਼ਨ ਵਿਖੇ ਆਯੋਜਿਤ ਇਕ ਵਿਸ਼ੇਸ਼ ਪ੍ਰੋਗਰਾਮ ਵਿਚ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਨਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਸ ਦੌਰੇ ਦੀਆਂ ਤਿਆਰੀਆਂ ਸਬੰਧੀ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰਾਜਪਾਲ ਦੇ ਆਉਣ ਲਈ ਸਾਰੀਆਂ ਜ਼ਰੂਰੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਕਮਿਸ਼ਨਰ ਨਗਰ ਨਿਗਮ ਡਾ. ਅਮਨਦੀਪ ਕੌਰ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਆਰ.ਟੀ.ਓ ਸੰਜੀਵ ਕੁਮਾਰ ਸ਼ਰਮਾ, ਡੀ.ਐਸ.ਪੀ ਮਨਪ੍ਰੀਤ ਸ਼ੀਮਾਰ, ਸਿਵਲ ਸਰਜਨ ਡਾ. ਪਵਨ ਕੁਮਾਰ, ਸਕੱਤਰ ਰੈੱਡ ਕ੍ਰਾਸ ਸੁਸਾਇਟੀ ਮੰਗੇਸ਼ ਸੂਦ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਮੋਰਿੰਡਾ ਵਿਖੇ 40 ਕਰੋੜ ਦੇ ਸੀਵਰੇਜ ਵਿਕਾਸ ਕਾਰਜਾਂ ਦਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਹਲਕਾ ਸ੍ਰੀ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਅਤੇ ਪੰਜਾਬ ਰਾਜ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ ਵੱਲੋਂ ਅੱਜ ਮੋਰਿੰਡਾ ਵਿਖੇ ਲਗਭਗ 39.36 ਕਰੋੜ ਰੁਪਏ ਦੇ ਸੀਵਰੇਜ ਵਿਕਾਸ ਕਾਰਜਾਂ ਦੇ ਪ੍ਰੋਜੈਕਟ (ਐਕਸਟੈਂਸ਼ਨ ਐਂਡ ਆਗਮੈਂਟੇਸ਼ਨ ਸੀਵਰ ਸਕੀਮ) ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਤੇ ਸੰਬੋਧਨ ਕਰਦਿਆਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਸ. ਭਗਵੰਤ ਮਾਨ ਸਰਕਾਰ ਵੇਲੇ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਵੱਡੇ ਪੱਧਰ ਤੇ ਵਿਕਾਸ ਕਾਰਜ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੋਰਿੰਡਾ ਦਾ ਸੀਵਰੇਜ ਦਾ ਕੰਮ ਪਿਛਲੇ ਕਰੀਬ 40 ਸਾਲਾਂ ਤੋਂ ਲਟਕ ਰਿਹਾ ਸੀ ਪਰੰਤੂ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਆਹਲੂਵਾਲੀਆ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਇਹ ਕੰਮ ਮੁਕੰਮਲ ਹੋਇਆ ਹੈ।

ਡਾ. ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ 2600 ਮੀਟਰ ਮੇਨ ਸੀਵਰ 28672 ਮੀਟਰ ਲੇਟਰਲ ਸੀਵਰ ਅਤੇ 3000 ਘਰਾਂ ਦੇ ਸੀਵਰ ਕਨੈਕਸ਼ਨ ਦੇਣ ਦੀ ਵਿਵਸਥਾ ਮੁਕੰਮਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਮੁਕੰਮਲ ਕਰਨ ਲਈ ਰੇਲਵੇ ਕਰੋਸਿੰਗ ਕਰਨੀ ਪਈ ਹੈ ਤੇ ਇਸ ਪ੍ਰੋਜੈਕਟ ਅਧੀਨ ਕੁਝ ਪੁਰਾਣੇ ਸ਼ਹਿਰੀ ਹਿੱਸੇ ਤੋਂ ਇਲਾਵਾ ਸੁਰਜੀਤ ਨਗਰ, ਨਿਊ ਸੁਰਜੀਤ



ਨਗਰ, ਸੁੰਦਰ ਨਗਰ, ਟਾਵਰ ਕਲੋਨੀ, ਰੈਸਟ ਹਾਊਸ ਏਰੀਆ ਅਤੇ ਸਿਵਲ ਹਸਪਤਾਲ ਏਰੀਆ ਆਦਿ ਨੂੰ ਕਵਰ ਕੀਤਾ ਗਿਆ ਹੈ।

ਇਸ ਮੌਕੇ 'ਤੇ ਉਨ੍ਹਾਂ ਸ. ਭਗਵੰਤ ਮਾਨ ਸਰਕਾਰ ਦੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਮੋਰਿੰਡਾ ਸ਼ਹਿਰ ਦੇ ਕਰੋੜਾਂ ਰੁਪਏ ਦੇ ਕੀਤੇ ਗਏ ਵਿਕਾਸ ਕਾਰਜਾਂ ਦੀ ਜਾਣਕਾਰੀ ਵੀ ਸਾਂਝੀ ਕੀਤੀ। ਇਸ ਤੋਂ ਇਲਾਵਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਸ. ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸਿੱਖਿਆ, ਸਿਹਤ ਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਵੀ ਸਾਂਝੀਆਂ ਕੀਤੀਆਂ, ਜਦਕਿ ਉਨ੍ਹਾਂ ਨੇ ਦੱਸਿਆ ਕਿ ਇਸੇ ਤਰ੍ਹਾਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸਫਲਤਾ ਵੀ ਕਿਸੇ ਤੋਂ ਛੁਪੀ ਨਹੀਂ। ਉਨ੍ਹਾਂ ਨੇ ਦੱਸਿਆ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਨੂੰ ਜਲਦੀ ਹੀ ਨਸ਼ਾ ਮੁਕਤ ਹਲਕਾ ਬਣਾਇਆ ਜਾ ਰਿਹਾ ਹੈ।

ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਚੇਅਰਮੈਨ ਡਾ. ਸੰਨੀ ਆਹਲੂਵਾਲੀਆ ਨੇ ਇਸ ਮੌਕੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਤੋਂ ਪਹਿਲਾਂ 70 ਸਾਲਾਂ ਵਿੱਚ ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਤੱਕ ਉਨ੍ਹਾਂ ਦੀ ਮੁੱਢਲੀ ਜ਼ਰੂਰਤ ਸੀਵਰੇਜ ਅਤੇ ਪਾਣੀ ਦੀ ਸੁਵਿਧਾ ਉਪਲਬਧ ਨਹੀਂ ਕਰਵਾਈ ਜਾ ਸਕੀ, ਪ੍ਰੰਤੂ ਸਾਡੀ ਸਰਕਾਰ ਹੇਠਾਂ ਵਿਕਾਸ ਕਾਰਜਾਂ ਦੇ ਨਾਲ-ਨਾਲ ਪੀਣ ਵਾਲਾ ਸ਼ੁੱਧ ਪਾਣੀ ਅਤੇ ਸੀਵਰੇਜ ਦੀ ਮੁਕੰਮਲ ਵਿਵਸਥਾ ਦੇਣ ਲਈ ਵਚਨਬੱਧ ਹੈ ਅਤੇ ਕਿਸੇ ਹੱਦ ਤੱਕ ਕਾਫੀ ਸਫਲ ਹੋਈ ਹੈ।

ਡਾ. ਸੰਨੀ ਆਹਲੂਵਾਲੀਆ ਨੇ ਕਿਹਾ ਕਿ ਇਸੇ ਤਹਿਤ ਮੋਰਿੰਡਾ ਵਿਖੇ ਵੀ ਵੱਡੇ ਪੱਧਰ ਤੇ ਪੀਣ ਵਾਲੇ ਸ਼ੁੱਧ ਪਾਣੀ ਅਤੇ ਸੀਵਰੇਜ ਦੀ ਵਿਵਸਥਾ ਲਈ ਕਰੀਬ 40 ਕਰੋੜ ਰੁਪਏ ਦਾ ਪ੍ਰੋਜੈਕਟ ਮੁਕੰਮਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸਭ ਲਈ ਲੋਕਾਂ ਦਾ ਸਹਿਯੋਗ ਵੀ ਸਹਾਇਕ ਰਿਹਾ ਹੈ।

ਇਸ ਮੌਕੇ 'ਤੇ ਐਸਡੀਐਮ ਮੋਰਿੰਡਾ ਸ. ਸੁਖਪਾਲ ਸਿੰਘ ਨੇ ਜਿੱਥੇ ਪੰਜਾਬ ਸਰਕਾਰ ਦੀਆਂ ਉਪਲਬਧੀਆਂ ਗਿਣਾਈਆਂ ,ਉੱਥੇ ਹੀ ਉਹਨਾਂ ਦੱਸਿਆ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਵਿਸ਼ੇਸ਼ ਕਰਕੇ ਮੋਰਿੰਡਾ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਲੋਕ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇ ਕੇ ਹਲਕਾ ਸ੍ਰੀ ਚਮਕੌਰ ਸਾਹਿਬ ਨੂੰ ਪੰਜਾਬ ਦੇ ਵਿਧਾਨ ਸਭਾ ਹਲਕਿਆਂ ਵਿੱਚੋਂ ਇੱਕ ਮੋਹਰੀ ਹਲਕਾ ਬਣਾਉਣ ਵਿੱਚ ਸਹਿਯੋਗ ਦੇਣ।

ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਐਕਸੀਅਨ ਸੀਵਰੇਜ ਬੋਰਡ ਗੁਰਸ਼ਰਨਜੀਤ ਸਿੰਘ, ਐਸਡੀਓ ਦੀਪਕ ਕੁਮਾਰ, ਡੀਐਸਪੀ ਜਤਿੰਦਰ ਪਾਲ ਸਿੰਘ, ਆਪ ਆਗੂ ਬੀਰਦਵਿੰਦਰ ਸਿੰਘ ਬੱਲਾਂ, ਸਿਆਸੀ ਸਲਾਹਕਾਰ ਜਗਤਾਰ ਸਿੰਘ ਘੜੂੰਆਂ, ਕਾਰਜ ਸਾਧਕ ਅਫਸਰ ਪਰਵਿੰਦਰ ਸਿੰਘ ਭੱਟੀ, ਏਐਮਈ ਇੰਦਰ ਮੋਹਨ ਸਿੰਘ, ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਐਨਪੀ ਰਾਣਾ, ਮਾਰਕੀਟ ਕਮੇਟੀ ਸ੍ਰੀ ਚਮਕੌਰ ਸਾਹਿਬ ਦੇ ਚੇਅਰਮੈਨ ਸਿਕੰਦਰ ਸਿੰਘ ਸਹੇੜੀ, ਐੱਸਸੀ ਸੈੱਲ ਜ਼ਿਲ੍ਹਾ ਪ੍ਰਧਾਨ ਨਵਦੀਪ ਸਿੰਘ ਟੋਨੀ, ਜੇਈ ਸੀਵਰੇਜ ਬੋਰਡ ਪ੍ਰਦੀਪ ਕੁਮਾਰ, ਡਾਕਟਰ ਗੁਰਪ੍ਰੀਤ ਸਿੰਘ ਮਾਵੀ, ਨਗਰ ਕੌਂਸਲ ਦੇ ਪ੍ਰਧਾਨ ਜਗਦੇਵ ਸਿੰਘ ਬਿੱਟੂ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਕੌਂਸਲਰ ਹਰਜੀਤ ਸਿੰਘ ਸੋਢੀ, ਪੀਏ ਸ੍ਰੀ ਚੰਦ ਹਰਮੀਤ ਸਿੰਘ ਸਲ੍ਹ, ਕੁਲਬੀਰ ਸਿੰਘ ਸੇਠੂ ਰਤਨਗੜ੍ਹ, ਸਾਬਕਾ ਕੌਂਸਲਰ ਜਗਪਾਲ ਸਿੰਘ ਜੌਲੀ, ਹਰਨੇਕ ਸਿੰਘ ਸੋਹਨ ਪਾਲ, ਹਰਪ੍ਰੀਤ ਸਿੰਘ ਭੰਡਾਰੀ ਘੜੂੰਆਂ, ਕੇਸਰ ਸਿੰਘ ਸਮਾਣਾ, ਸਰਪੰਚ ਗੁਰਮੀਤ ਸਿੰਘ ਮੜੌਲੀ, ਪ੍ਰਿੰਸੀਪਲ ਲਾਭ ਸਿੰਘ, ਕੁਲਦੀਪ ਸਿੰਘ ਖੇੜੀ, ਹੈਪੀ ਸੂਦ, ਕੇਵਲ ਜੋਸ਼ੀ, ਸਵਰਨ ਸਿੰਘ ਬਿੱਟੂ, ਵਿੱਕੀ ਸ਼ਰਮਾ, ਜਗਤਾਰ ਸਿੰਘ ਸਹੇੜੀ, ਨਿਰਮਲ ਪ੍ਰੀਤ ਸਿੰਘ ਮਿਹਰਬਾਨ, ਸਰਪੰਚ ਹਰਿੰਦਰ ਸਿੰਘ ਜਟਾਣਾ, ਬਿੱਲੂ ਕਲਾਰਾਂ, ਕੇਵਲ ਜੋਸ਼ੀ, ਜਗਮੋਹਣ ਸਿੰਘ, ਅੰਮ੍ਰਿਤਪਾਲ ਕੌਰ ਨਾਗਰਾ, ਮਨਜੀਤ ਕੌਰ ਅਤੇ ਪਿੰਡਾਂ ਦੇ ਪੰਚ ਸਰਪੰਚ ਆਪ ਵਲੰਟੀਅਰ ਅਤੇ ਹੋਰ ਪਤਵੰਤੇ ਵੀ ਸ਼ਾਮਿਲ ਸਨ।

# ਹਾਈਕੋਰਟ ਦੀ ਸਖ਼ਤੀ, ਪਠਾਨਕੋਟ ਦਾ ਜੱਜ ਜਬਰੀ ਰਿਟਾਇਰ ਕਰਨ ਦੀ ਸਿਫਾਰਸ਼

## ਦੋਸ਼ ਲਾਇਆ ਕਿ ਉਸਨੇ ਜ਼ਰੂਰੀ ਇਜਾਜ਼ਤ ਤੋਂ ਬਿਨਾਂ ਘਰ ਬਣਾਇਆ, ਕੇਵਲ ਇਹੋ ਹੀ ਹੈ, ਜਾ ਪਿਠ-ਭੂਮੀ ਪਿੱਛੇ ਕਠੂਆ ਬਲਾਤਕਾਰ ਅਤੇ ਕਤਲ ਕੇਸ ਵਿੱਚ ਛੇ ਦੋਸ਼ੀਆਂ ਨੂੰ ਦੋਸ਼ੀ ਠਹਿਰਾਇਆ ਜਾ ਕੋਈ ਹੋਰ ਹੈ?

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਦੋ ਸੀਨੀਅਰ ਨਿਆਂਇਕ ਅਧਿਕਾਰੀਆਂ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਦੀ ਸਿਫਾਰਸ਼ ਕੀਤੀ ਹੈ। ਇਹਨਾਂ ਵਿਚ ਇਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਤੇਜਵਿੰਦਰ ਸਿੰਘ ਹੈ। ਹਾਈਕੋਰਟ ਨੇ ਉਨ੍ਹਾਂ ਦੀ ਲਾਜ਼ਮੀ ਸੇਵਾਮੁਕਤੀ ਦੀ ਸਿਫਾਰਸ਼ ਕੀਤੀ ਗਈ ਹੈ। ਸਾਲ 2019 ਵਿੱਚ ਤੇਜਵਿੰਦਰ ਸਿੰਘ ਬਹੁਤ ਚਰਚਾ ਵਿੱਚ ਆਏ ਸਨ, ਇਹਨਾਂ ਨੇ ਕਠੂਆ ਬਲਾਤਕਾਰ ਅਤੇ ਕਤਲ ਕੇਸ ਵਿੱਚ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ ਸੱਤ ਵਿੱਚੋਂ ਛੇ ਦੋਸ਼ੀਆਂ ਨੂੰ ਦੋਸ਼ੀ ਠਹਿਰਾਇਆ ਸੀ। ਇਹ ਮਾਮਲਾ ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਵਿੱਚ ਅੱਠ ਸਾਲ ਦੀ ਬੱਚੀ ਨਾਲ ਹੋਈ ਬੇਰਹਿਮੀ ਨਾਲ ਸਬੰਧਤ ਸੀ, ਜਿਸ ਨੇ ਦੇਸ਼ ਭਰ ਵਿੱਚ ਗੁੱਸੇ ਦੀ ਲਹਿਰ ਪੈਦਾ ਕਰ ਦਿੱਤੀ ਸੀ।




ਜਸਟਿਸ ਅਨੁਪਿੰਦਰ ਸਿੰਘ ਗਰੇਵਾਲ, ਜੋ ਉਸ ਸਮੇਂ ਪਠਾਨਕੋਟ ਸੈਸ਼ਨ ਅਦਾਲਤ ਦੇ ਨਿਰੀਖਣ ਜੱਜ ਸਨ, ਨੇ ਤੇਜਵਿੰਦਰ ਸਿੰਘ ਵਿਰੁੱਧ ਇੱਕ ਪ੍ਰਸ਼ਾਸਕੀ ਟਿੱਪਣੀ ਕੀਤੀ ਸੀ। ਇਸ ਆਧਾਰ 'ਤੇ, ਹੋਰ ਜਾਂਚ ਸ਼ੁਰੂ ਕੀਤੀ ਗਈ ਸੀ। ਤੇਜਵਿੰਦਰ ਸਿੰਘ ਉਤੇ ਦੋਸ਼ ਹੈ ਕਿ ਉਸਨੇ ਜ਼ਰੂਰੀ ਇਜਾਜ਼ਤ ਤੋਂ ਬਿਨਾਂ ਘਰ ਬਣਾਇਆ ਹੈ। ਸਰਕਾਰੀ ਨਿਯਮਾਂਵਲੀ ਅਨੁਸਾਰ ਇਹ ਇਹ ਘੋਰ ਉਲੰਘਣਾ ਮੰਨਿਆ ਗਿਆ। ਜਿਸ ਕਾਰਨ ਹਾਈ ਕੋਰਟ ਦੇ ਪੂਰੇ ਬੈਂਚ ਨੇ ਇੱਕ ਪ੍ਰਸ਼ਾਸਕੀ ਮੀਟਿੰਗ ਵਿੱਚ ਉਸਨੂੰ ਸਮੇਂ ਤੋਂ ਪਹਿਲਾਂ ਸੇਵਾਮੁਕਤ ਕਰਨ ਦਾ ਫੈਸਲਾ ਕੀਤਾ।

ਤੇਜਵਿੰਦਰ ਸਿੰਘ 1991 ਵਿੱਚ ਸਿਰਫ਼ 23 ਸਾਲ ਦੀ ਉਮਰ ਵਿੱਚ ਪੰਜਾਬ ਨਿਆਂਇਕ ਸੇਵਾ ਵਿੱਚ ਸ਼ਾਮਲ ਹੋਏ ਸਨ ਅਤੇ 1993 ਦੇ ਲਿਮਕਾ ਬੁੱਕ ਆਫ਼ ਰਿਕਾਰਡਜ਼ ਵਿੱਚ ਦੇਸ਼ ਦੇ ਸਭ ਤੋਂ ਘੱਟ ਉਮਰ ਦੇ ਮੈਜਿਸਟ੍ਰੇਟ ਵਜੋਂ ਦਰਜਾ ਪ੍ਰਾਪਤ ਕੀਤਾ ਗਿਆ ਸੀ। ਤਿੰਨ ਦਹਾਕਿਆਂ ਤੱਕ ਨਿਆਂਇਕ ਸੇਵਾ ਵਿੱਚ ਸਰਗਰਮ ਰਹੇ ਇਸ ਅਧਿਕਾਰੀ ਦਾ ਨਾਮ ਹੁਣ ਉਸ ਸੂਚੀ ਵਿੱਚ ਆ ਗਿਆ ਹੈ ਜਿਸ ਵਿੱਚ ਉੱਚ ਨਿਆਂਪਾਲਿਕਾ ਨੇ ਆਪਣੇ ਅਨੁਸ਼ਾਸਨਹੀਣ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ।

ਇਸੀ ਤਰ੍ਹਾਂ ਹਰਿਆਣਾ ਦੇ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਆਰ.ਕੇ. ਜੈਨ ਵਿਰੁੱਧ ਸੇਵਾ ਸਮਾਪਤੀ ਦੀ ਸਿਫਾਰਸ਼ ਕੀਤੀ ਗਈ ਹੈ। ਉਨ੍ਹਾਂ ਵਿਰੁੱਧ ਪ੍ਰਾਪਤ ਸ਼ਿਕਾਇਤਾਂ ਦੀ ਜਾਂਚ ਹਾਈ ਕੋਰਟ ਦੀ ਵਿਜੀਲੈਂਸ ਸ਼ਾਖਾ ਦੁਆਰਾ ਕੀਤੀ ਗਈ ਸੀ, ਜਿਸ ਵਿੱਚ ਗੰਭੀਰ ਬੇਨਿਯਮੀਆਂ ਦੀ ਪਹਿਲੀ ਨਜ਼ਰ ਵਿੱਚ ਪੁਸ਼ਟੀ ਹੋਣ ਤੋਂ ਬਾਅਦ ਇਹ ਅਨੁਸ਼ਾਸਨੀ ਕਾਰਵਾਈ ਕੀਤੀ ਗਈ ਸੀ।

ਹਾਈ ਕੋਰਟ ਨੇ ਪਿਛਲੇ ਦੋ ਸਾਲਾਂ ਵਿੱਚ 24 ਤੋਂ ਵੱਧ ਨਿਆਂਇਕ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਹੈ। ਹਾਈਕੋਰਟ ਦੇ ਇਹਨਾਂ ਫੈਸਲਿਆਂ ਨਾਲ ਸਪੱਸ਼ਟ ਸੰਕੇਤ ਜਾਂਦਾ ਹੈ ਕਿ ਅਨੁਸ਼ਾਸਨ ਅਤੇ ਇਮਾਨਦਾਰੀ ਦੇ ਮਿਆਰਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪਿਛਲੇ 10 ਮਹੀਨਿਆਂ ਵਿੱਚ ਜਦੋਂ ਤੋਂ ਜਸਟਿਸ ਸ਼ੀਲ ਨਾਗੂ ਨੇ ਮੁੱਖ ਜੱਜ ਦਾ ਅਹੁਦਾ ਸੰਭਾਲਿਆ ਹੈ, ਨੌਂ ਨਿਆਂਇਕ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਗਈ ਹੈ, ਜਿਨ੍ਹਾਂ ਵਿੱਚ ਤਿੰਨ ਪੰਜਾਬ ਦੇ ਅਤੇ ਛੇ ਹਰਿਆਣਾ ਦੇ ਹਨ।

# ਤਤਕਾਲੀ ਹੈੱਡ ਗ੍ਰੰਥੀ ਸੁਖਦੇਵ ਸਿੰਘ ਨੇ ਕੀਤੇ ਵੱਡੇ ਖੁਲਾਸੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਜੂਨ 1984 ਦੇ ਕਤਲੇਆਮ ਨੂੰ ਲੈ ਕੇ ਪਟਿਆਲਾ ਦੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਦੇ ਤਤਕਾਲੀ ਹੈੱਡ ਗ੍ਰੰਥੀ ਸੁਖਦੇਵ ਸਿੰਘ ਨੇ ਇਤਿਹਾਸ ਵਿਚੋਂ ਕੁਝ ਅਣਸੁਲਝੇ ਪੰਨਿਆਂ ਵਿੱਚੋਂ ਸੱਚਾਈ ਸਭ ਸਾਹਮਣੇ ਬਿਆਨ ਕੀਤੀ ਹੈ। ਤਤਕਾਲੀ ਹੈੱਡ ਗ੍ਰੰਥੀ ਸੁਖਦੇਵ ਸਿੰਘ ਨੇ ਕਿਹਾ ਹੈ ਕਿ ਪਟਿਆਲਾ ਦੇ ਗੁਰਦੁਆਰਾ ਸਾਹਿਬ ਦੇ ਨੇੜੇ ਵੀ 17 ਸ਼ਹੀਦੀਆਂ ਹੋਈਆਂ ਸਨ।

### ਫ਼ੌਜ ਨੇ ਗੁਰਦੁਆਰਾ ਸਾਹਿਬ ਨੂੰ ਪਾ ਲਿਆ ਸੀ ਘੇਰਾ

ਗਿਆਨੀ ਸੁਖਦੇਵ ਸਿੰਘ ਨੇ ਦੱਸਿਆ ਹੈ ਕਿ 1984 ਵਿੱਚ ਇਹ ਕੇਂਦਰ ਸਰਕਾਰ ਦੀ ਸਭ ਤੋਂ ਘਟੀਆ ਕੰਮ ਸੀ। ਪ੍ਰਧਾਨ ਮੰਤਰੀ ਇੰਦਿਰਾ ਗਾਂਧੀ ਨੇ ਫ਼ੌਜ ਨੂੰ ਦਰਬਾਰ ਸਾਹਿਬ ਵਿਖੇ ਲਗਾ ਦਿੱਤਾ ਅਤੇ 1 ਜੂਨ ਤੋਂ ਕਾਰਵਾਈ ਸ਼ੁਰੂ ਕਰ ਦਿੱਤਾ ਅਤੇ ਇਸ ਦੌਰਾਨ ਸੰਗਤ ਨੂੰ ਵੀ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਨੇ ਦੱਸਿਆ ਕਿ ਇਵੇਂ ਹੀ ਪੰਜਾਬ ਦੇ ਕਈ ਇਤਿਹਾਸਕ ਗੁਰਦੁਆਰਾ ਸਾਹਿਬ ਵਿਖੇ ਫ਼ੌਜ ਆਈ। ਇਵੇਂ ਹੀ ਪਟਿਆਲਾ ਦੇ ਦੁੱਖ ਨਿਵਾਰਨ ਗੁਰਦੁਆਰਾ ਸਾਹਿਬ ਵਿਖੇ ਸੀਆਰਪੀਐਫ ਤੇ ਬਾਅਦ ਵਿੱਚ ਫ਼ੌਜ ਵੀ ਆ ਗਈ। ਫ਼ੌਜ ਨੇ ਸਾਰੇ ਗੁਰਦੁਆਰਾ ਸਾਹਿਬ ਨੂੰ ਘੇਰਾ ਪਾ ਲਿਆ। ਉਨ੍ਹਾਂ ਦੱਸਿਆ ਹੈ ਕਿ ਗੁਰਦੁਆਰਾ ਸਾਹਿਬ ਦੇ ਸਾਰੇ ਮੁਲਾਜ਼ਮ ਨੂੰ ਵੀ ਰੋਕ ਲਿਆ। ਉਨ੍ਹਾਂ ਨੇ ਕਿਹਾ ਹੈ ਜਦੋਂ ਰਾਤ ਨੂੰ ਘਰ ਜਾਣ ਲੱਗਿਆ ਤਾਂ ਮੈਨੂੰ ਰੋਕ ਦਿੱਤਾ ਘਰ ਨਹੀਂ ਜਾਣਾ।

### ਕਰਫਿਊ ਲੱਗਣ ਕਾਰਨ ਸਾਰੇ ਘਰਾਂ ਵਿੱਚ ਹੋ ਗਏ ਸਨ ਬੰਦ

ਉਨ੍ਹਾਂ ਨੇ ਦੱਸਿਆ ਹੈ ਕਿ 5 ਜੂਨ ਦੀ ਸ਼ਾਮ ਨੂੰ ਜੋ ਘਟਨਾ ਵਾਪਰੀ ਫ਼ੌਜ ਨੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਫ਼ੌਜ ਨੇ ਅਤਿਵਾਦੀ ਕਹਿ ਕੇ ਫਾਇਰਿੰਗ ਸ਼ੁਰੂ ਕੀਤੀ ਪਰ ਇੱਥੇ ਕੋਈ ਅਤਿਵਾਦੀ ਨਹੀਂ ਸੀ। ਕਰਫਿਊ ਲੱਗਣ ਕਰਕੇ ਕੋਈ ਵੀ ਗੁਰਦੁਆਰਾ ਸਾਹਿਬ ਦੇ ਬਾਹਰ ਨਹੀਂ ਜਾ ਸਕਦਾ ਸੀ। ਫ਼ੌਜ ਨੇ ਕਿਸੇ ਨੂੰ ਵੀ ਘਰਾਂ ਤੋ ਬਾਹਰ ਨਹੀਂ ਨਿਕਲਣ ਦਿੱਤਾ।

### 17 ਸਿੰਘ ਹੋਏ ਸਨ ਸ਼ਹੀਦ

ਗਿਆਨੀ ਨੇ ਦੱਸਿਆ ਹੈ ਕਿ ਫ਼ੌਜ ਵੱਲੋਂ ਫਾਇਰਿੰਗ ਕੀਤੀ ਗਈ ਜਿਸ ਵਿੱਚ 17 ਸਿੰਘ ਸ਼ਹੀਦ ਹੋ ਗਏ, ਜਿੰਨ੍ਹਾਂ ਦਾ ਰਿਕਾਰਡ ਅੱਜ ਵੀ ਹੈ। ਫ਼ੌਜ ਨੇ ਸਾਨੂੰ ਤੇ ਬੱਚਿਆ ਨੂੰ ਅਲੱਗ ਕਰ ਲਿਆ ਗਿਆ। ਸਵੇਰੇ 2 ਵਜੇ ਅਸੀਂ ਅਫ਼ਸਰ ਨੂੰ ਪੁੱਛਿਆ ਗੁਰੂ ਸਾਹਿਬ ਦਾ ਪ੍ਰਕਾਸ਼ ਕਰ ਲਈ ਤੇ ਉਨ੍ਹਾਂ ਨੇ ਅਗਿਆ ਦੇ ਦਿੱਤੀ। ਉਨ੍ਹਾਂ ਦੱਸਿਆ ਹੈ ਕਿ ਪਹਿਲਾ ਫ਼ੌਜ ਨੇ ਗੁਰਦੁਆਰਾ ਸਾਹਿਬ ਅੰਦਰੋਂ ਚੈੱਕ ਕੀਤਾ ਫਿਰ ਪਾਠ ਕੀਤਾ।

### ਫ਼ੌਜ ਨੇ 17 ਦਾ ਕੀਤਾ ਸੀ ਸਸਕਾਰ

ਗਿਆਨੀ ਸੁਖਦੇਵ ਸਿੰਘ ਨੇ ਕਿਹਾ ਹੈ ਕਿ ਫ਼ੌਜ ਨੇ ਹੀ ਸਾਰਿਆ ਦਾ ਸਸਕਾਰ ਕੀਤਾ। ਫ਼ੌਜ ਦੇ ਅੱਗੇ ਕੋਈ ਸਵਾਲ ਨਹੀਂ ਕਰ ਸਕਦਾ ਸੀ। ਹੁਣ ਵੀ ਸਾਰੇ ਵਿਅਕਤੀਆਂ ਦਾ ਰਿਕਾਰਡ ਸਾਂਭਿਆ ਹੋਇਆਂ ਹੈ। ਉਸ ਵਕਤ ਕੋਈ ਵੀ ਵਿਅਕਤੀ ਸਵਾਲ ਨਹੀਂ ਕਰਦੇ ਸਨ ਕਿਉਂਕਿ ਫ਼ੌਜ ਵੱਲੋਂ ਬੜੀ ਬੇਰੁਖੀ ਨਾਲ ਵਿਵਹਾਰ ਕੀਤਾ



ਜਾਂਦਾ ਸੀ।

### ਨੌਜਵਾਨਾਂ ਨੂੰ ਆਪਣਾ ਵਿਰਸਾ ਯਾਦ ਰੱਖਣ ਲਈ ਅਪੀਲ

ਜੂਨ 1984 ਕਦੇ ਵੀ ਭੁਲਿਆ ਨਹੀਂ ਜਾ ਸਕਦਾ ਤੇ ਨਾ ਹੀ ਭੁਲਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਕਈ ਸ਼ਰਾਰਤੀ ਵਿਅਕਤੀਆਂ ਨੇ ਬਾਅਦ ਵਿੱਚ ਲੁੱਟਾਂ-ਖੋਹਾਂ ਵੀ ਕੀਤੀਆ ਸਨ। ਉਨ੍ਹਾਂ ਨੇ ਕਿਹਾ ਹੈ ਕਿ ਸ਼ਹੀਦਾਂ ਦੀ ਯਾਦ ਵਿੱਚ ਅੱਜ ਵੀ ਦੁੱਖ ਨਿਵਾਰਨ ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਆਰੰਭ ਹੁੰਦੇ ਹਨ ਤੇ 6 ਜੂਨ ਨੂੰ ਭੋਗ ਪਾਏ ਜਾਂਦੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਨੌਜਵਾਨਾਂ ਨੂੰ ਅਪੀਲ ਕਰਦੇ ਹਾਂ ਕਿ ਆਪਣੇ ਵਿਰਸੇ ਦੇ ਨਾਲ ਜੁੜ ਕੇ ਰਹੋ ਸਾਡਾ ਇਤਿਹਾਸ ਬਹੁਤ ਅਮੀਰ ਹੈ।

# ਪੰਜਾਬੀਆਂ ਨੂੰ ਜਾਤੀ ਰਹਿਤ ਸਮਾਜ ਸਿਰਜਣ ਦਾ ਗੁਰੂਆਂ ਪੀਰਾਂ ਦੀ ਸਿੱਖਿਆ ਦੇਣ ਦੇ ਬਾਵਜੂਦ ਬਹੁਤ ਸਾਰੇ ਲੋਕ ਜਾਪਪਾਤ ਦੇ ਕੱਟੜਵਾਦੀ

## ਅੰਤਰਜਾਤੀ ਵਿਆਹ ਬਣਿਆ ਪ੍ਰੇਮੀ ਜੋੜੇ ਦੀ ਮੌਤ ਦਾ ਕਾਰਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਅੰਮ੍ਰਿਤਸਰ ਬੀਤੇ ਦਿਨੀ ਪਿੰਡ ਬੋਪਾ ਰਾਏ ਬਾਜ ਸਿੰਘ ਵਿਖੇ ਇੱਕ ਪਿਤਾ ਵੱਲੋਂ ਆਪਣੀ ਲੜਕੀ ਤੇ ਉਸਦੇ ਪ੍ਰੇਮੀ ਨੂੰ ਮੌਤ ਤੇ ਘਾਟ ਉਤਾਰਨ ਦਾ ਮਾਮਲਾ ਸਾਹਮਣੇ ਆਇਆ ਸੀ। ਜਿਸ ਤੋਂ ਬਾਅਦ ਲੜਕੀ ਦੇ ਪਰਿਵਾਰ ਨੇ ਮੀਡੀਆ ਨਾਲ ਕੀਤੀ ਗੱਲਬਾਤ ਇਸ ਮੌਕੇ ਲੜਕੀ ਦੀ ਮਾਂ ਤੇ ਪਿੰਡ ਦੇ ਸਰਪੰਚ ਨੇ ਦੱਸਿਆ ਕਿ ਉਹ ਪਿੰਡ ਦੇ ਡੇਰਿਆਂ 'ਚ ਕੰਮ ਕਰਦੀ ਹੈ। ਪਿਛਲੇ ਤਿੰਨ ਸਾਲ ਤੋਂ ਜੇਬਨਦੀਪ ਸਿੰਘ ਦਾ ਸਾਡੀ ਲੜਕੀ ਦੇ ਨਾਲ ਚੱਕਰ ਚੱਲ ਰਿਹਾ ਸੀ ਜਿਸਦੇ ਚਲਦੇ ਅਸੀਂ ਉਹਨਾਂ ਨੂੰ ਮਨਾ ਵੀ ਕੀਤਾ ਕੀ ਉਹ ਸਾਡੀ ਜਾਤ ਤੋਂ ਬਾਹਰ ਦੇ ਹਨ ਪਰ ਜੇਬਨ ਦੀਪ ਸਿੰਘ ਲੜਕਾ ਨਹੀਂ ਮੰਨਦਾ ਸੀ ਉਹ ਸਾਡੇ ਘਰ ਮਿੱਟੀ ਜੀ ਟਰਾਲੀ ਵਗੈਰਾ ਲੈ ਕੇ ਆਉਂਦਾ ਸੀ।

ਪਿਛਲੇ ਦਿਨੀਂ ਉਹ ਘਰੋਂ ਭੱਜ ਗਏ ਤਾਂ ਉਹਨਾਂ ਨੇ ਗੁਰਦੁਆਰਾ ਸਾਹਿਬ 'ਚ ਜਾ ਕੇ ਵਿਆਹ ਕਰਵਾ ਲਿਆ ਕੱਲ ਉਹ ਘਰ ਕੱਪੜੇ ਲੈਣ ਦੇ ਲਈ ਆਏ ਸਨ ਤੇ ਗੁਰਦਿਆਲ ਸਿੰਘ ਲੜਕੀ ਦਾ ਪਿਤਾ ਘਰੇ ਸੀ ਜਦੋਂ ਉਸ ਨੂੰ ਪਤਾ ਲੱਗਾ ਤਾਂ ਉਹਨਾਂ ਦੀ ਆਪਸ ਵਿੱਚ ਬਹਿਸਬਾਜ਼ੀ ਹੋ ਗਈ, ਜਿਸ ਤੋਂ ਬਾਅਦ ਗੁੱਸੇ ਵਿੱਚ ਆ ਕੇ ਗੁਰਦਿਆਲ ਸਿੰਘ ਵੱਲੋਂ ਲੜਕੀ ਤੇ ਉਸਦੇ ਪ੍ਰੇਮੀ ਜੋ ਕਿ ਉਸ ਦਾ ਪਤੀ ਹੈ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਉਹਨਾਂ ਕਿਹਾ ਕਿ ਅੱਜ ਦੋਵਾਂ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਕੀਤਾ ਜਾ ਰਿਹਾ ਹੈ। ਤੇ ਪੁਲਿਸ ਵੱਲੋਂ ਗੁਰਦਿਆਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

# ਪੰਜਾਬ ਸਰਕਾਰ 12 ਹਜ਼ਾਰ ਹੈਕਟੇਅਰ ਰਕਬਾ ਝੋਨੇ ਤੋਂ ਮੱਕੀ ਦੀ ਕਾਸ਼ਤ ਹੇਠ ਲਿਆਉਣ ਲਈ ਪ੍ਰਤੀ ਹੈਕਟੇਅਰ 17,500 ਰੁਪਏ ਦੇਵੇਗੀ

## • ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਛੇ ਜ਼ਿਲ੍ਹਿਆਂ ਵਿੱਚ ਲਾਗੂ ਕੀਤਾ ਜਾਵੇਗਾ ਪਾਇਲਟ ਪ੍ਰੋਜੈਕਟ: ਗੁਰਮੀਤ ਸਿੰਘ ਖੁੱਡੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ, 4 ਜੂਨ 2025 - ਸੂਬੇ ਵਿੱਚ ਖੇਤੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਸਾਲ 12,000 ਹੈਕਟੇਅਰ ਝੋਨੇ ਦੀ ਖੇਤੀ ਵਾਲੇ ਰਕਬੇ ਨੂੰ ਸਾਉਣੀ ਦੀ ਮੱਕੀ ਅਧੀਨ ਲਿਆਉਣ ਸਬੰਧੀ ਅਹਿਮ ਯੋਜਨਾ ਦੀ ਸ਼ੁਰੂਆਤ ਕੀਤੀ ਹੈ। ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ 17,500 ਰੁਪਏ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ, ਜਿਸਦਾ ਉਦੇਸ਼ ਕਿਸਾਨਾਂ ਦੀ ਆਮਦਨ ਵਧਾਉਣ ਦੇ ਨਾਲ-ਨਾਲ ਵਧੇਰੇ ਟਿਕਾਊ ਤੇ ਵਾਤਾਵਰਣ-ਪੱਖੀ ਖੇਤੀ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਫ਼ਸਲੀ ਵਿਭਿੰਨਤਾ ਯੋਜਨਾ ਬਾਰੇ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਪ੍ਰਾਜੈਕਟ ਛੇ ਜ਼ਿਲ੍ਹਿਆਂ ਬਠਿੰਡਾ, ਸੰਗਰੂਰ, ਪਠਾਨਕੋਟ, ਗੁਰਦਾਸਪੁਰ, ਜਲੰਧਰ ਅਤੇ ਕਪੂਰਥਲਾ ਵਿੱਚ ਪਾਇਲਟ ਪ੍ਰੋਜੈਕਟ ਲਾਗੂ ਕੀਤਾ ਜਾਵੇਗਾ, ਜਿਸ ਤਹਿਤ ਝੋਨੇ ਤੋਂ ਬਦਲ ਕੇ ਮੱਕੀ ਦੀ ਕਾਸ਼ਤ ਅਧੀਨ 12,000 ਹੈਕਟੇਅਰ ਰਕਬਾ ਲਿਆਉਣ ਦਾ ਟੀਚਾ ਹੈ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਝੋਨੇ ਤੋਂ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ ਉਤਸ਼ਾਹਿਤ ਕਰਨ ਅਤੇ ਸੇਧ ਪ੍ਰਦਾਨ ਕਰਨ ਲਈ 200 ਕਿਸਾਨ ਮਿੱਤਰ ਵੀ ਤਾਇਨਾਤ ਕੀਤੇ ਗਏ ਹਨ। ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦਾ ਫੈਸਲਾ ਰਣਨੀਤਕ ਤੌਰ 'ਤੇ ਪਾਣੀ ਦੀ ਘੱਟ ਖ਼ਪਤ ਵਾਲੀਆਂ ਫਸਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਜੁੜਿਆ ਹੋਇਆ ਹੈ। ਮੱਕੀ, ਜੋ ਬੇਹੱਦ ਪੌਸ਼ਟਿਕ ਅਤੇ ਬਹੁਪੱਖੀ ਫਸਲ ਹੈ, ਨੂੰ ਝੋਨੇ ਦੇ ਮੁਕਾਬਲੇ ਘੱਟ ਪਾਣੀ ਦੀ ਲੋੜ ਹੁੰਦੀ ਹੈ, ਜਿਸ ਕਰਕੇ ਇਹ ਵਧੇਰੇ ਟਿਕਾਊ ਬਦਲ ਹੈ। ਇਸ ਤੋਂ ਇਲਾਵਾ ਭੋਜਨ ਤੋਂ ਲੈ ਕੇ ਪਸ਼ੂਆਂ ਦੀ ਖੁਰਾਕ ਅਤੇ ਸਟਾਰਚ ਸਮੱਗਰੀ ਤੱਕ ਇਸਦੀ ਬਹੁਪੱਖੀ ਵਰਤੋਂ ਦੇ ਮਾਮਲੇ ਵਿੱਚ ਇਹ ਫ਼ਸਲ ਕਿਸਾਨਾਂ ਲਈ ਇੱਕ ਵਿਸ਼ਾਲ ਬਾਜ਼ਾਰ ਅਤੇ ਆਮਦਨ 'ਚ ਵਾਧੇ ਦੀ ਸੰਭਾਵਨਾ ਪ੍ਰਦਾਨ ਕਰਦੀ ਹੈ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, "ਅਸੀਂ ਫ਼ਸਲੀ ਵਿਭਿੰਨਤਾ ਨੂੰ ਅਪਨਾ ਕੇ ਮਿੱਟੀ ਦੀ ਸਿਹਤ ਵਿੱਚ ਸੁਧਾਰ, ਪਾਣੀ ਦੀ ਖਪਤ ਘਟਾਉਣ ਦੇ ਨਾਲ-ਨਾਲ ਇੱਕ ਵਧੇਰੇ ਟਿਕਾਊ ਖੇਤੀਬਾੜੀ ਪ੍ਰਣਾਲੀ ਤਿਆਰ ਕਰ ਸਕਦੇ ਹਾਂ। ਇਸ ਨਾਲ ਨਾ ਸਿਰਫ਼ ਸਾਡੇ ਕਿਸਾਨਾਂ ਨੂੰ ਲਾਭ ਹੋਵੇਗਾ ਸਗੋਂ ਇਹ ਪੰਜਾਬ ਵਿੱਚ ਟਿਕਾਊ ਖੇਤੀਬਾੜੀ ਦੇ ਸਾਡੇ ਟੀਚੇ ਨੂੰ ਪ੍ਰਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵੀ ਸਾਬਤ ਹੋਵੇਗੀ।"



ਖੇਤੀਬਾੜੀ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਦੱਸਿਆ ਕਿ ਹੁਣ ਤੱਕ 1500 ਹੈਕਟੇਅਰ ਰਕਬੇ ਵਿੱਚ ਸਾਉਣੀ ਮੱਕੀ ਦੀ ਬਿਜਾਈ ਹੋ ਚੁੱਕੀ ਹੈ। ਇਹ ਕਦਮ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਦੀ ਸਮੱਸਿਆ ਨੂੰ ਹੱਲ ਕਰਨ ਲਈ ਅਹਿਮ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਤਸਾਹਨ ਰਾਸ਼ੀ ਖੇਤੀ ਲਾਗਤਾਂ (ਜਿਵੇਂ ਬੀਜ, ਖਾਦ) ਆਦਿ ਦੇ ਖ਼ਰਚੇ ਨੂੰ ਪੂਰਾ ਕਰਦਿਆਂ ਕਿਸਾਨਾਂ ਦਰਮਿਆਨ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰੇਗੀ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸਰਕਾਰ ਫ਼ਸਲੀ ਵਿਭਿੰਨਤਾ ਯੋਜਨਾ ਦੇ ਸਫ਼ਲ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਤਕਨੀਕੀ ਸਹਾਇਤਾ ਅਤੇ ਸਿਖਲਾਈ ਵੀ ਪ੍ਰਦਾਨ ਕਰੇਗੀ।

# ਹਰਿਆਣਾ 'ਚ ਕਰੋਨਾ ਦੇ 51 ਐਕਟਿਵ ਮਾਮਲੇ ਆਏ ਸਾਹਮਣੇ, ਸਿਹਤ ਵਿਭਾਗ ਦੇ ਅੰਕੜੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹਰਿਆਣਾ ਵਿੱਚ ਕੋਰੋਨਾ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਮੰਗਲਵਾਰ ਨੂੰ ਹਰਿਆਣਾ ਵਿੱਚ ਕੋਰੋਨਾ ਦੇ 16 ਨਵੇਂ ਮਾਮਲੇ ਸਾਹਮਣੇ ਆਏ ਹਨ। ਨਵੇਂ ਕੋਰੋਨਾ ਕੇਸ ਸਾਹਮਣੇ ਆਉਣ ਕਾਰਨ ਸਰਗਰਮ ਮਾਮਲਿਆਂ ਵਿੱਚ ਵਾਧਾ ਹੋਇਆ ਹੈ।

ਸਿਹਤ ਵਿਭਾਗ ਨੇ ਜਾਂਚ ਦਾ ਦਾਇਰਾ ਵਧਾ ਦਿੱਤਾ ਹੈ। ਮੰਗਲਵਾਰ ਨੂੰ ਰਾਜ ਭਰ ਵਿੱਚ 425 ਲੋਕਾਂ ਦੇ ਕੋਰੋਨਾ ਟੈਸਟਿੰਗ ਲਈ ਨਮੂਨੇ ਲਏ ਗਏ। ਸੋਮਵਾਰ ਨੂੰ ਹਰਿਆਣਾ ਵਿੱਚ ਕੋਰੋਨਾ ਦੇ 18 ਨਵੇਂ ਮਾਮਲੇ ਸਾਹਮਣੇ ਆਏ ਸਨ।

ਸਿਹਤ ਵਿਭਾਗ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਮੰਗਲਵਾਰ ਤੱਕ, ਰਾਜ ਵਿੱਚ 51 ਕੋਰੋਨਾ ਕੇਸ ਅਜੇ ਵੀ ਸਰਗਰਮ ਹਨ। ਇਸ ਤੋਂ ਇਲਾਵਾ, ਹੁਣ ਤੱਕ ਕੋਰੋਨਾ ਦੇ ਕੁੱਲ 86 ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ 35 ਮਰੀਜ਼ ਠੀਕ ਹੋ ਗਏ ਹਨ। ਹਾਲਾਂਕਿ, ਰਾਜ ਵਿੱਚ ਹੁਣ ਤੱਕ ਕੋਰੋਨਾ ਤੋਂ ਕੋਈ ਮੌਤ ਨਹੀਂ ਹੋਈ ਹੈ।

ਕੋਰੋਨਾ ਟੈਸਟਿੰਗ ਵਿੱਚ ਸਭ ਤੋਂ ਵੱਧ ਮਾਮਲੇ ਗੁਰੂਗ੍ਰਾਮ ਤੋਂ ਆਏ ਹਨ। ਗੁਰੂਗ੍ਰਾਮ ਵਿੱਚ ਕੋਰੋਨਾ ਦੇ ਛੇ ਮਾਮਲੇ, ਫਰੀਦਾਬਾਦ ਵਿੱਚ ਪੰਜ, ਕਰਨਾਲ ਵਿੱਚ ਦੋ, ਝੱਜਰ ਵਿੱਚ ਦੋ ਅਤੇ ਅੰਬਾਲਾ ਵਿੱਚ ਇੱਕ ਮਾਮਲਾ ਸਾਹਮਣੇ ਆਇਆ ਹੈ।

### ਸਿਹਤ ਵਿਭਾਗ ਤਿਆਰੀਆਂ ਵਿਚ ਜੁਟਿਆ

ਸਿਹਤ ਵਿਭਾਗ ਨੇ ਲਗਾਤਾਰ ਵਧ ਰਹੇ ਮਾਮਲਿਆਂ ਦੇ ਮੱਦੇਨਜ਼ਰ ਹਸਪਤਾਲਾਂ ਵਿੱਚ ਬਿਸਤਰੇ, ਆਕਸੀਜਨ ਅਤੇ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਹੈ। ਲੋਕਾਂ ਨੂੰ ਮਾਸਕ ਪਹਿਨਣ, ਸਮਾਜਿਕ ਦੂਰੀ ਬਣਾਈ ਰੱਖਣ ਅਤੇ ਨਿਯਮਿਤ ਤੌਰ 'ਤੇ ਹੱਥ ਧੋਣ ਦੀ ਅਪੀਲ ਕੀਤੀ ਗਈ ਹੈ। ਵਿਭਾਗ ਨੇ ਟੈਸਟਿੰਗ ਅਤੇ ਸੰਪਰਕ ਟਰੇਸਿੰਗ 'ਤੇ ਵੀ ਜ਼ੋਰ ਦਿੱਤਾ ਹੈ ਤਾਂ ਜੋ ਨਵੇਂ ਮਾਮਲਿਆਂ ਦੀ ਜਲਦੀ ਪਛਾਣ ਕੀਤੀ ਜਾ ਸਕੇ। ਸਿਹਤ ਅਧਿਕਾਰੀਆਂ ਨੇ ਲੋਕਾਂ ਨੂੰ ਸਲਾਹ ਦਿੱਤੀ ਹੈ ਕਿ ਜੇਕਰ ਲੱਛਣ ਦਿਖਾਈ ਦਿੰਦੇ ਹਨ ਤਾਂ ਤੁਰੰਤ ਟੈਸਟ ਕਰਵਾਉਣ ਅਤੇ ਭੀੜ ਵਾਲੀਆਂ ਥਾਵਾਂ ਤੋਂ ਬਚਣ। ਟੀਕਾਕਰਨ ਨੂੰ ਉਤਸ਼ਾਹਿਤ ਕਰਨ ਲਈ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ।

# ਕੇਂਦਰ ਸਰਕਾਰ ਅੰਮ੍ਰਿਤਸਰ ਨੂੰ 'ਨੋ ਵਾਰ ਜ਼ੋਨ' ਐਲਾਨੇ: MP ਸੁਖਜਿੰਦਰ ਸਿੰਘ ਰੰਧਾਵਾ

## ਐਮਪੀ ਰੰਧਾਵਾ ਨੇ ਪੀਐਮ ਮੋਦੀ ਨੂੰ ਲਿਖਿਆ ਸੀ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚਿੱਠੀ ਲਿਖ ਕੇ ਮੰਗ ਕੀਤੀ ਹੈ ਕਿ ਅੰਮ੍ਰਿਤਸਰ ਨੂੰ ਨੋ ਵਾਰ ਜ਼ੋਨ ਐਲਾਨਿਆ ਜਾਵੇ। ਇਸ ਮੁੱਦੇ ਉੱਤੇ ਰੋਜ਼ਾਨਾ ਸਪੋਕਸਮੈਨ ਦੀ ਟੀਮ ਨੇ ਸਾਂਸਦ ਰੰਧਾਵਾ ਨਾਲ ਵਿਸ਼ੇਸ਼ ਗੱਲਬਾਤ ਕੀਤੀ ਗਈ। MP ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਮੋਦੀ ਸਰਕਾਰ ਅੰਮ੍ਰਿਤਸਰ ਨੂੰ ਨੋ ਵਾਰ ਜ਼ੋਨ ਐਲਾਨ ਕਰ ਸਕਦੀ ਹੈ।

ਉਨ੍ਹਾਂ ਨੇ ਕਿਹਾ ਹੈ ਕਿ ਸ੍ਰੀ ਦਰਬਾਰ ਸਾਹਿਬ ਸਾਡੇ ਲਈ ਮੱਕੇ ਵਾਂਗ ਪਵਿੱਤਰ ਸਥਾਨ ਹੈ। ਜੋ ਵੀ ਗੁਰੂ ਨਾਨਕ ਸਾਹਿਬ ਨੂੰ ਮੰਨਦੇ ਹਨ ਉਹ ਸਾਰੇ ਹੀ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਗੁਰਬਾਣੀ ਸਾਰਿਆਂ ਨੂੰ ਬਰਾਬਰ ਰੱਖਦੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਗੁਰੂ ਸਾਹਿਬ ਦੇ ਸਾਇੰਸ ਤੋਂ ਪਹਿਲਾਂ ਹੀ ਸਾਰੀਆਂ ਖੋਜਾਂ ਬਾਰੇ ਵਿਸਥਾਰ ਨਾਲ ਲਿਖਿਆ ਹੈ।

ਰੰਧਾਵਾ ਨੇ ਕਿਹਾ ਹੈ ਕਿ ਫ਼ੌਜ ਨੇ ਵੀ ਕਿਹਾ ਸੀ ਕਿ ਪਾਕਿ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਉਨ੍ਹਾਂ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨੂੰ ਚਾਹੀਦਾ ਹੈ ਕਿ ਸ੍ਰੀ ਦਰਬਾਰ ਸਾਹਿਬ ਨੂੰ ਦੀ ਸੁਰੱਖਿਆ ਨੂੰ ਲੈ ਕੇ ਨੋ ਵਾਰ ਜ਼ੋਨ ਐਲਾਨਣ ਦੀ ਮੰਗ ਕੀਤੀ ਹੈ। ਗੁਰੂ ਸਾਹਿਬ ਦੇ ਚਾਰ ਧਰਮਾਂ ਦਾ ਸਾਂਝਾ ਸਥਾਨ ਕਿਹਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਦਰਬਾਰ ਸਾਹਿਬ ਦੀ ਨੀਂਹ ਪੱਥਰ ਸਾਂਈ ਮੀਆਂ ਮੀਰ ਨੇ ਰੱਖੀ ਸੀ।

ਰੰਧਾਵਾ ਨੇ ਕਿਹਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੇ ਹੈੱਡ ਗ੍ਰੰਥੀ ਨੂੰ ਚਾਹੀਦਾ ਸਾਰੀਆਂ ਪਾਰਟੀਆਂ ਨੂੰ ਇੱਕਠੀਆਂ ਕਰਕੇ ਪ੍ਰਧਾਨ ਮੰਤਰੀ ਨੂੰ ਮਿਲਣਾ ਚਾਹੀਦਾ ਹੈ ਤੇ



ਨੋ ਵਾਰ ਜ਼ੋਨ ਐਲਾਨਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਜਿਵੇਂ ਲਾਂਘਾ ਖੁੱਲਿਆ ਸੀ ਇਸੇ ਤਰ੍ਹਾਂ ਸਰਕਾਰ ਨਾਲ ਗੱਲਬਾਤ ਕਰਕੇ ਇਹ ਵੀ ਹੋ ਸਕਦਾ ਹੈ। ਰੰਧਾਵਾ ਨੇ ਜੇਕਰ ਵਫ਼ਦ ਜਾ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਜਾ ਕੇ ਮਿਲਦੇ ਹਨ ਤਾਂ ਕੋਈ ਨਾ ਕੋਈ ਹੱਲ ਜ਼ਰੂਰ ਨਿਕਲੇਗਾ।

# ਕੇਂਦਰ ਸਰਕਾਰ ਨੇ ਜਾਤੀ ਗਣਨਾ ਨਾਲ ਮਰਦਮਸ਼ੁਮਾਰੀ ਦਾ ਪ੍ਰੋਗਰਾਮ ਐਲਾਨਿਆ

## ਲੱਦਾਖ 'ਚ 1 ਅਕਤੂਬਰ 2026 ਅਤੇ ਦੇਸ਼ ਦੇ ਬਾਕੀ ਹਿੱਸਿਆਂ 'ਚ 1 ਮਾਰਚ 2027 ਨੂੰ ਜਾਤੀ ਗਣਨਾ ਦੇ ਨਾਲ ਮਰਦਮਸ਼ੁਮਾਰੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਗ੍ਰਹਿ ਮੰਤਰਾਲੇ ਨੇ ਬੁਧਵਾਰ ਨੂੰ ਐਲਾਨ ਕੀਤਾ ਕਿ ਲੱਦਾਖ ਵਰਗੀ ਬਰਫ ਨਾਲ ਢਕੇ ਇਲਾਕਿਆਂ 'ਚ 1 ਅਕਤੂਬਰ 2026 ਅਤੇ ਦੇਸ਼ ਦੇ ਬਾਕੀ ਹਿੱਸਿਆਂ 'ਚ 1 ਮਾਰਚ 2027 ਨੂੰ ਜਾਤੀ ਗਣਨਾ ਦੇ ਨਾਲ ਮਰਦਮਸ਼ੁਮਾਰੀ ਕੀਤੀ ਜਾਵੇਗੀ। ਵਸੋਂ ਮਰਦਮਸ਼ੁਮਾਰੀ-2027 ਨੂੰ ਜਾਤਾਂ ਦੀ ਗਣਨਾ ਦੇ ਨਾਲ-ਨਾਲ ਦੋ ਪੜਾਵਾਂ 'ਚ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ।




ਮੰਤਰਾਲੇ ਨੇ ਇਕ ਬਿਆਨ 'ਚ ਕਿਹਾ, ''ਵਸੋਂ ਮਰਦਮਸ਼ੁਮਾਰੀ 2027 ਦੀ ਹਵਾਲਾ ਮਿਤੀ ਮਾਰਚ 2027 ਦੇ ਪਹਿਲੇ ਦਿਨ ਸਵੇਰੇ 00:00 ਵਜੇ ਹੋਵੇਗੀ। ਕੇਂਦਰ ਸ਼ਾਸਿਤ ਪ੍ਰਦੇਸ਼ ਲੱਦਾਖ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਦੇ ਬਰਫ ਨਾਲ ਢਕੇ ਇਲਾਕਿਆਂ ਅਤੇ ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਸੂਬਿਆਂ ਲਈ ਹਵਾਲਾ ਮਿਤੀ ਅਕਤੂਬਰ 2026 ਦੇ ਪਹਿਲੇ ਦਿਨ ਸਵੇਰੇ 00.00 ਵਜੇ ਹੋਵੇਗੀ।''

ਮਰਦਮਸ਼ੁਮਾਰੀ ਐਕਟ 1948 ਦੀ ਧਾਰਾ 3 ਦੇ ਉਪਬੰਧਾਂ ਅਨੁਸਾਰ ਮਰਦਮਸ਼ੁਮਾਰੀ ਕਰਨ ਦੇ ਇਰਾਦੇ ਲਈ ਨੋਟੀਫਿਕੇਸ਼ਨ 16.06.2025 ਨੂੰ ਅਧਿਕਾਰਤ ਗਜ਼ਟ 'ਚ ਪ੍ਰਕਾਸ਼ਤ ਕੀਤਾ ਜਾਵੇਗਾ। ਭਾਰਤ ਦੀ ਮਰਦਮਸ਼ੁਮਾਰੀ ਮਰਦਮਸ਼ੁਮਾਰੀ ਐਕਟ, 1948 ਅਤੇ ਮਰਦਮਸ਼ੁਮਾਰੀ ਨਿਯਮ, 1990 ਦੇ ਪ੍ਰਬੰਧਾਂ ਤਹਿਤ ਕੀਤੀ ਜਾਂਦੀ ਹੈ। ਪਿਛਲੀ ਮਰਦਮਸ਼ੁਮਾਰੀ 2011 'ਚ ਦੋ ਪੜਾਵਾਂ 'ਚ ਕੀਤੀ ਗਈ ਸੀ।

2021 ਦੀ ਮਰਦਮਸ਼ੁਮਾਰੀ ਵੀ ਦੋ ਪੜਾਵਾਂ 'ਚ ਕਰਨ ਦਾ ਪ੍ਰਸਤਾਵ ਸੀ, ਜਿਸ 'ਚ ਪਹਿਲਾ ਪੜਾਅ ਅਪ੍ਰੈਲ-ਸਤੰਬਰ 2020 ਅਤੇ ਦੂਜਾ ਪੜਾਅ ਫ਼ਰਵਰੀ 2021 'ਚ ਕੀਤਾ ਜਾਣਾ ਸੀ। 2021 'ਚ ਹੋਣ ਵਾਲੀ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਸਨ ਅਤੇ 1 ਅਪ੍ਰੈਲ, 2020 ਤੋਂ ਕੁੱਝ ਸੂਬਿਆਂ /ਕੇਂਦਰ ਸ਼ਾਸਤ ਪ੍ਰਦੇਸ਼ਾਂ 'ਚ ਫੀਲਡਵਰਕ ਸ਼ੁਰੂ ਹੋਣਾ ਸੀ। ਹਾਲਾਂਕਿ, ਦੇਸ਼ ਭਰ 'ਚ ਕੋਵਿਡ -19 ਮਹਾਂਮਾਰੀ ਦੇ ਫੈਲਣ ਕਾਰਨ, ਮਰਦਮਸ਼ੁਮਾਰੀ ਦਾ ਕੰਮ ਮੁਲਤਵੀ ਕਰ ਦਿਤਾ ਗਿਆ ਸੀ। ਸਰਕਾਰ ਨੇ ਹਾਲ ਹੀ 'ਚ ਫੈਸਲਾ ਕੀਤਾ ਸੀ ਕਿ ਉਹ ਮਰਦਮਸ਼ੁਮਾਰੀ ਦੇ ਨਾਲ ਸਾੜੀ ਜਾਤੀ ਗਣਨਾ ਵੀ ਕਰੇਗੀ। (ਪੀਟੀਆਈ)

# ਅਦਾਲਤ ਨੇ ਪੰਜਾਬੀ ਯੂਨੀਵਰਸਿਟੀ ਵਿਖੇ ਧਰਨਾ ਨਾ ਲਾਉਣ ਸਬੰਧੀ ਹੁਕਮ ਜਾਰੀ ਕੀਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਪਟਿਆਲਾ, 4 ਜੂਨ 2025 - ਪੰਜਾਬੀ ਯੂਨੀਵਰਸਿਟੀ ਵਿਖੇ ਪਿਛਲੇ ਕੁੱਝ ਦਿਨਾਂ ਤੋਂ ਧਰਨੇ ਉੱਤੇ ਬੈਠੇ ਫਿਕਸ/ਦਿਹਾੜੀਦਾਰ ਕਰਮਚਾਰੀਆਂ ਸਬੰਧੀ ਯੂਨੀਵਰਸਿਟੀ ਅਥਾਰਟੀਜ਼ ਨੇ ਦੱਸਿਆ ਕਿ ਮਾਣਯੋਗ ਅਦਾਲਤ ਵੱਲੋਂ 2 ਜੂਨ ਨੂੰ ਜਾਰੀ ਹੋਏ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਯੂਨੀਵਰਸਿਟੀ ਦੀ ਚਾਰਦੀਵਾਰੀ ਤੋਂ 300 ਮੀਟਰ ਦੇ ਬਾਹਰ ਤੱਕ ਕਿਸੇ ਵੀ ਧਰਨੇ, ਇਕੱਠ, ਮੀਟਿੰਗ, ਇਕੱਤਰਤਾ, ਪ੍ਰਦਰਸ਼ਨ ਘਿਰਾਓ ਆਦਿ ਗਤੀਵਿਧੀ ਦੀ ਮਨਾਹੀ ਹੈ। ਜੋ ਅਦਾਲਤੀ ਹੁਕਮਾਂ ਅਨੁਸਾਰ ਸਪਸ਼ਟ ਹੈ ਕਿ ਯੂਨੀਵਰਸਿਟੀ ਕੈਂਪਸ ਦੇ ਅੰਦਰ ਧਰਨਾ ਨਹੀਂ ਲਗਾਇਆ ਜਾ ਸਕਦਾ। ਕਰਮਚਾਰੀ ਕਿਸੇ ਵੀ ਰੂਪ ਵਿੱਚ ਯੂਨੀਵਰਸਿਟੀ ਦੇ ਕੰਮ ਕਾਜ ਨੂੰ ਪ੍ਰਭਾਵਿਤ ਨਹੀਂ ਕਰ



ਸਕਦੇ। ਅਥਾਰਟੀਜ਼ ਨੇ ਦੱਸਿਆ ਕਿ ਅਦਾਲਤ ਦੇ ਇਨ੍ਹਾਂ ਹੁਕਮਾਂ ਸਬੰਧੀ ਇਨ੍ਹਾਂ ਕਰਮਚਾਰੀਆਂ ਦੇ ਧਿਆਨ ਵਿੱਚ ਲਿਆ ਦਿੱਤਾ ਗਿਆ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

**ਇੰਜੀ. ਹਰਦੀਪ ਸਿੰਘ ਚੁੰਬਰ**

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਭਾਰਤੀ ਲੋਕਤੰਤਰ ਦਾ ਭਵਿੱਖ ਕੀ ਹੈ?

ਮੈਨੂੰ ਦਿੱਤਾ ਗਿਆ ਵਿਸ਼ਾ ਇਹ ਹੈ ਕਿ ਭਾਰਤੀ ਲੋਕਤੰਤਰ ਦਾ ਭਵਿੱਖ ਕੀ ਹੈ? ਬਹੁਤ ਸਾਰੇ ਲੋਕ ਇਸ ਵਿਸ਼ੇ 'ਤੇ ਮਾਣ ਨਾਲ ਬੋਲਦੇ ਹਨ ਜਿਵੇਂ ਕਿ ਲੋਕਤੰਤਰ ਸ਼ੁਰੂ ਤੋਂ ਹੀ ਭਾਰਤ ਦੀ ਪ੍ਰਣਾਲੀ ਰਹੀ ਹੈ। ਵਿਦੇਸ਼ੀ ਵੀ ਆਪਣੀਆਂ ਗੱਲਾਂਬਾਤਾਂ ਵਿੱਚ ਸਤਿਕਾਰ ਨਾਲ ਕਹਿੰਦੇ ਹਨ ਕਿ ਭਾਰਤ ਇੱਕ ਮਹਾਨ ਲੋਕਤੰਤਰ ਹੈ ਅਤੇ ਭਾਰਤ ਦਾ ਇੱਕ ਮਹਾਨ ਪ੍ਰਧਾਨ ਮੰਤਰੀ ਹੈ।



ਬਿਨਾਂ ਕਿਸੇ ਵੀ ਕਿਸਮ ਦੀ ਜਾਣਕਾਰੀ ਦੇ, ਇਹ ਮੰਨਿਆ ਜਾਂਦਾ ਹੈ ਕਿ ਜਿੱਥੇ ਵੀ ਇੱਕ ਗਣਰਾਜ ਹੈ, ਉੱਥੇ ਲੋਕਤੰਤਰ ਹੋਵੇਗਾ। ਇਹ ਵੀ ਮੰਨਿਆ ਜਾਂਦਾ ਹੈ ਕਿ ਜੇਕਰ ਬਾਲਗ ਵੋਟ ਅਧਿਕਾਰ ਦੇ ਸਿਧਾਂਤਾਂ ਅਨੁਸਾਰ, ਇੱਕ ਸੰਸਦ ਬਣਾਈ ਜਾਂਦੀ ਹੈ ਅਤੇ ਕਾਨੂੰਨ ਬਣਾਉਣ ਦਾ ਕੰਮ ਲੋਕਾਂ ਦੁਆਰਾ ਇੱਕ ਖਾਸ ਸਮੇਂ ਲਈ ਚੁਣੇ ਗਏ ਪ੍ਰਤੀਨਿਧੀਆਂ ਦੁਆਰਾ ਕੀਤਾ ਜਾਂਦਾ ਹੈ, ਤਾਂ ਉੱਥੇ ਲੋਕਤੰਤਰ ਹੋਵੇਗਾ। ਦੂਜੇ ਸ਼ਬਦਾਂ ਵਿੱਚ, ਲੋਕਤੰਤਰ ਨੂੰ ਇੱਕ ਰਾਜਨੀਤਿਕ ਸੰਦ ਮੰਨਿਆ ਜਾਂਦਾ ਹੈ ਅਤੇ ਜਿੱਥੇ ਵੀ ਇਹ ਰਾਜਨੀਤਿਕ ਸੰਦ ਅਮਲ ਵਿੱਚ ਹੈ, ਉੱਥੇ ਲੋਕਤੰਤਰ ਦੀ ਹੋਂਦ ਨੂੰ ਵੀ ਮੰਨਿਆ ਜਾਂਦਾ ਹੈ।

ਕੀ ਭਾਰਤ ਵਿੱਚ ਲੋਕਤੰਤਰ ਹੈ ਜਾਂ ਨਹੀਂ? ਸੱਚ ਕੀ ਹੈ? ਗਣਰਾਜ ਅਤੇ ਲੋਕਤੰਤਰ ਵਾਂਗ, ਇਨ੍ਹਾਂ ਸਵਾਲਾਂ ਦਾ ਸਹੀ ਜਵਾਬ ਲੋਕਤੰਤਰ ਅਤੇ ਸੰਸਦੀ ਸ਼ਾਸਨ ਨੂੰ ਇੱਕੋ ਜਿਹਾ ਮੰਨਣ ਕਾਰਨ ਪੈਦਾ ਹੋਣ ਵਾਲੇ ਭੰਬਲਭੂਸੇ ਨੂੰ ਦੂਰ ਕੀਤੇ ਬਿਨਾਂ ਨਹੀਂ ਲੱਭਿਆ ਜਾ ਸਕਦਾ।

ਲੋਕਤੰਤਰ ਗਣਰਾਜ ਜਾਂ ਸੰਸਦੀ ਸ਼ਾਸਨ ਤੋਂ ਬਿਲਕੁਲ ਵੱਖਰਾ ਹੈ। ਲੋਕਤੰਤਰ ਦੀਆਂ ਜੜ੍ਹਾਂ ਪ੍ਰਸ਼ਾਸਨ ਦੇ ਰੂਪ ਵਿੱਚ ਦਿਖਾਈ ਨਹੀਂ ਦਿੰਦੀਆਂ, ਭਾਵੇਂ ਇਹ ਸੰਸਦੀ ਹੋਵੇ ਜਾਂ ਕੋਈ ਹੋਰ। ਲੋਕਤੰਤਰ ਸਹਿਜੀਵਨ ਦਾ ਇੱਕ ਤਰੀਕਾ ਹੈ। ਲੋਕਤੰਤਰ ਦੀਆਂ ਜੜ੍ਹਾਂ ਲੋਕਾਂ ਦੁਆਰਾ ਬਣਾਏ ਗਏ ਸਮਾਜ ਵਿੱਚ ਸਮਾਜਿਕ ਸਬੰਧਾਂ ਅਤੇ ਲੋਕਾਂ ਵਿੱਚ ਸਹਿਜੀਵਨ ਵਿੱਚ ਲੱਭਣੀਆਂ ਪੈਂਦੀਆਂ ਹਨ।

'ਸਮਾਜ' ਸ਼ਬਦ ਦਾ ਕੀ ਅਰਥ ਹੈ? ਸੰਖੇਪ ਵਿੱਚ, ਜਦੋਂ ਅਸੀਂ ਸਮਾਜ ਬਾਰੇ ਗੱਲ ਕਰਦੇ ਹਾਂ, ਤਾਂ ਸਾਡੇ ਮਨ ਵਿੱਚ ਏਕਤਾ ਦਾ ਸੰਕਲਪ ਹੁੰਦਾ ਹੈ। ਭਾਈਚਾਰਕ ਪ੍ਰੇਰਨਾ ਅਤੇ ਜਨਤਕ ਟੀਚਿਆਂ ਪ੍ਰਤੀ ਵਚਨਬੱਧਤਾ, ਇੱਕ ਦੂਜੇ ਲਈ ਚਿੰਤਾ ਅਤੇ ਸਹਿਯੋਗ ਸਮਾਜ ਦੇ ਗੁਣ ਹਨ ਜੋ ਇੱਕ ਇਕਾਈ ਵਜੋਂ ਹਨ।

ਕੀ ਇਹ ਆਦਰਸ਼ ਭਾਰਤੀ ਸਮਾਜ ਵਿੱਚ ਦਿਖਾਈ ਦਿੰਦੇ ਹਨ? ਇਸ ਸਮਾਜ ਵਿੱਚ, ਵਿਅਕਤੀ ਮੌਜੂਦ ਨਹੀਂ ਹੈ; ਇਹ ਕਈ ਜਾਤਾਂ ਦਾ ਸਮੂਹ ਹੈ। ਇੱਕ ਦੂਜੇ ਤੋਂ ਵੰਡੇ ਹੋਏ ਇਹਨਾਂ ਜਾਤੀ ਸਮੂਹਾਂ ਵਿੱਚ ਕੋਈ ਭਾਵਨਾ ਨਹੀਂ ਹੈ ਅਤੇ ਨਾ ਹੀ ਕੋਈ ਆਪਸੀ ਹਮਦਰਦੀ ਹੈ। ਹਾਲਾਂਕਿ, ਇਹ ਸਵਾਲ ਕਿ ਉਪਰੋਕਤ ਆਦਰਸ਼ ਭਾਰਤੀ ਸਮਾਜ ਵਿੱਚ ਮੌਜੂਦ ਹਨ ਜਾਂ ਨਹੀਂ, ਅਣਉੱਤਰਯੋਗ ਸਾਬਤ ਹੁੰਦਾ ਹੈ। ਜਾਤ ਪ੍ਰਣਾਲੀ ਦੇ ਹੋਂਦ ਦੇ ਕਾਰਨ, ਇਹ ਆਦਰਸ਼, ਸਮਾਨਾਰਥੀ, ਲੋਕਤੰਤਰ, ਇਸ ਸਮਾਜ ਵਿੱਚੋਂ ਹਮੇਸ਼ਾ ਲਈ ਬਾਹਰ ਸੁੱਟ ਦਿੱਤੇ ਗਏ ਹਨ।

ਭਾਰਤੀ ਸਮਾਜ ਜਾਤ ਪ੍ਰਣਾਲੀ ਦੇ ਦਲਦਲ ਵਿੱਚ ਇੰਨਾ ਡੂੰਘਾ ਫਸਿਆ ਹੋਇਆ ਹੈ ਕਿ ਸਭ ਕੁਝ ਜਾਤ ਦੇ ਆਧਾਰ 'ਤੇ ਕੀਤਾ ਜਾਂਦਾ ਹੈ। ਜਿਵੇਂ ਹੀ ਤੁਸੀਂ ਭਾਰਤੀ ਸਮਾਜ ਵਿੱਚ ਦਾਖਲ ਹੁੰਦੇ ਹੋ, ਤੁਸੀਂ ਜਾਤ ਪ੍ਰਣਾਲੀ ਦਾ ਅਤਿਅੰਤ ਰੂਪ ਦੇਖ ਸਕਦੇ ਹੋ। ਇੱਕ ਭਾਰਤੀ ਖਾਣਾ ਨਹੀਂ ਖਾ ਸਕਦਾ ਅਤੇ ਨਾ ਹੀ ਕਿਸੇ ਹੋਰ ਵਿਅਕਤੀ ਨਾਲ ਵਿਆਹ ਕਰ ਸਕਦਾ ਹੈ। ਇਸਦਾ ਇੱਕੋ ਇੱਕ ਕਾਰਨ ਇਹ ਹੈ ਕਿ ਉਹ ਵਿਅਕਤੀ ਆਪਣੀ ਜਾਤ ਦਾ ਨਹੀਂ ਹੈ। ਇੱਕ ਭਾਰਤੀ ਕਿਸੇ ਹੋਰ ਭਾਰਤੀ ਨੂੰ ਛੂਹ ਵੀ ਨਹੀਂ ਸਕਦਾ ਕਿਉਂਕਿ ਉਹ ਆਪਣੀ ਜਾਤ ਦਾ ਨਹੀਂ ਹੈ। ਤੁਸੀਂ ਰਾਜਨੀਤੀ ਵਿੱਚ ਵੀ ਜਾਤ ਪ੍ਰਣਾਲੀ ਦਾ ਪ੍ਰਤੀਬਿੰਬ ਦੇਖੋਗੇ। ਇੱਕ ਭਾਰਤੀ ਚੋਣਾਂ ਵਿੱਚ ਕਿਸ ਆਧਾਰ 'ਤੇ ਵੋਟ ਪਾਉਂਦਾ ਹੈ? ਉਹ ਕਿਸੇ ਹੋਰ ਨੂੰ ਵੋਟ ਨਹੀਂ ਦਿੰਦਾ, ਉਹ ਸਿਰਫ਼ ਆਪਣੀ ਜਾਤ ਦੇ ਉਮੀਦਵਾਰ ਨੂੰ ਹੀ ਵੋਟ ਪਾਉਂਦਾ ਹੈ। ਹੋਰ ਸਾਰੀਆਂ ਪਾਰਟੀਆਂ ਵਾਂਗ, ਕਾਂਗਰਸ ਵੀ ਚੋਣਾਂ ਜਿੱਤਣ ਲਈ ਜਾਤ ਪ੍ਰਣਾਲੀ ਦੀ ਦੁਰਵਰਤੋਂ ਕਰਦੀ ਹੈ। ਸਮਾਜਿਕ ਢਾਂਚੇ ਦੇ ਪਿਛੋਕੜ 'ਤੇ ਹਲਕਿਆਂ ਦੇ ਉਮੀਦਵਾਰਾਂ ਦੀ ਸੂਚੀ ਦੀ ਜਾਂਚ ਕਰੋ। ਤੁਸੀਂ ਦੇਖੋਗੇ ਕਿ ਸਿਰਫ਼ ਉਸ ਜਾਤ ਦੇ ਵਿਅਕਤੀ ਨੂੰ ਉਮੀਦਵਾਰੀ ਦਿੱਤੀ ਜਾਂਦੀ ਹੈ ਜੋ ਕਿਸੇ ਖਾਸ ਹਲਕੇ ਵਿੱਚ ਬਹੁਗਿਣਤੀ ਵਿੱਚ ਹੈ। ਕਾਂਗਰਸ ਪਾਰਟੀ ਜੋ ਖੁੱਲ੍ਹ ਕੇ ਜਾਤ ਪ੍ਰਣਾਲੀ ਦਾ ਸਮਰਥਨ ਕਰਦੀ ਹੈ, ਉਹ ਵੀ ਇਸ ਪ੍ਰਣਾਲੀ ਨੂੰ ਉਤਸ਼ਾਹਿਤ ਕਰਦੀ ਹੈ।

ਉਦਯੋਗਿਕ ਖੇਤਰ ਵਿੱਚ ਕੀ ਦੇਖਿਆ ਜਾਂਦਾ ਹੈ? ਉਦਯੋਗ ਦੇ ਮਾਲਕ ਵਿਸ਼ੇਸ਼ ਵਿਅਕਤੀ ਦੀ ਜਾਤੀ ਦੇ ਲੋਕਾਂ ਨੂੰ ਉਦਯੋਗ ਦੇ ਉੱਚ ਤਨਖਾਹ ਵਾਲੇ ਅਹੁਦਿਆਂ 'ਤੇ ਨਿਯੁਕਤ ਕੀਤਾ ਜਾਂਦਾ ਹੈ। ਹੋਰ ਲੋਕ ਆਪਣੀ ਸਾਰੀ ਉਮਰ ਘੱਟ ਤਨਖਾਹ ਵਾਲੇ ਅਹੁਦਿਆਂ 'ਤੇ ਰਹਿੰਦੇ ਹਨ। ਇਹੀ ਤਸਵੀਰ ਕਾਰੋਬਾਰ ਦੇ ਖੇਤਰ ਵਿੱਚ ਵੀ ਦੇਖੀ ਜਾ ਸਕਦੀ ਹੈ। ਪੂਰਾ ਵਪਾਰਕ ਸਮੂਹ ਇੱਕ ਜਾਤੀ ਦੁਆਰਾ ਨਿਯੰਤਰਿਤ ਹੈ ਅਤੇ ਇਸਦੇ ਦਰਵਾਜ਼ੇ 'ਤੇ ਇੱਕ ਸਾਈਨ ਬੋਰਡ ਲਗਾਇਆ ਗਿਆ ਹੈ ਕਿ ਕਿਸੇ ਵੀ ਹੋਰ ਜਾਤੀ ਦੇ ਲੋਕਾਂ ਨੂੰ ਪ੍ਰਵੇਸ਼ ਕਰਨ ਦੀ ਆਗਿਆ ਨਹੀਂ ਹੈ।

"ਇਕੁਐਲਿਟੀ ਐਂਡ ਜਸਟਿਸ"
"Equality and Justice" ਸੁਤੰਤਰਤਾ, ਸਮਾਨਤਾ, ਭਾਈਚਾਰਾ

ਦਾਨ-ਧਰਮ ਦੇ ਖੇਤਰ 'ਤੇ ਇੱਕ ਨਜ਼ਰ ਮਾਰੋ। ਜੇਕਰ ਅਸੀਂ ਇੱਕ ਜਾਂ ਦੋ ਅਪਵਾਦਾਂ ਨੂੰ ਛੱਡ ਦੇਈਏ, ਤਾਂ ਭਾਰਤ ਵਿੱਚ ਦਾਨ ਵੀ ਜਾਤੀ ਦੇ ਆਧਾਰ 'ਤੇ ਕੀਤਾ ਜਾਂਦਾ ਹੈ। ਇੱਕ ਪਾਰਸੀ ਵਿਅਕਤੀ ਆਪਣੀ ਮੌਤ ਤੋਂ ਬਾਅਦ ਆਪਣੀ ਸਾਰੀ ਜਾਇਦਾਦ ਸਿਰਫ਼ ਪਾਰਸੀ ਲੋਕਾਂ ਨੂੰ ਤਬਦੀਲ ਕਰੇਗਾ। ਜਦੋਂ ਇੱਕ ਜੈਨ ਵਿਅਕਤੀ ਦੀ ਮੌਤ ਹੋ ਜਾਂਦੀ ਹੈ, ਤਾਂ ਉਹ ਆਪਣੀ ਸਾਰੀ ਜਾਇਦਾਦ ਸਿਰਫ਼ ਜੈਨਾਂ ਲਈ ਰਾਖਵੀਂ ਰੱਖੇਗਾ। ਆਪਣੀ ਮੌਤ ਤੋਂ ਬਾਅਦ, ਇੱਕ ਮਾਰਵਾੜੀ ਆਪਣੀ ਜਾਇਦਾਦ ਸਿਰਫ਼ ਮਾਰਵਾੜੀ ਭਾਈਚਾਰੇ ਲਈ ਰਾਖਵੀਂ ਰੱਖਦਾ ਹੈ। ਇੱਕ ਬ੍ਰਾਹਮਣ ਦੀ ਮੌਤ ਤੋਂ ਬਾਅਦ, ਉਹ ਆਪਣੀ ਸਾਰੀ ਜਾਇਦਾਦ ਸਿਰਫ਼ ਇੱਕ ਬ੍ਰਾਹਮਣ ਦੇ ਨਾਮ 'ਤੇ ਰੱਖਦਾ ਹੈ। ਇਸ ਤਰ੍ਹਾਂ, ਰਾਜਨੀਤੀ, ਉਦਯੋਗ, ਵਣਜ ਅਤੇ ਸਿੱਖਿਆ ਦੇ ਕਿਸੇ ਵੀ ਖੇਤਰ ਵਿੱਚ ਪਛੜੀਆਂ ਜਾਤੀਆਂ ਲਈ ਕੋਈ ਪ੍ਰਵੇਸ਼ ਨਹੀਂ ਹੈ।

ਜਾਤ ਪ੍ਰਣਾਲੀ ਦੀਆਂ ਹੋਰ ਵੀ ਵਿਸ਼ੇਸ਼ਤਾਵਾਂ ਹਨ। ਇਨ੍ਹਾਂ ਦੇ ਨਕਾਰਾਤਮਕ ਪ੍ਰਭਾਵ ਹਨ ਅਤੇ ਲੋਕਤੰਤਰ ਦੇ ਵਿਰੋਧੀ ਸਾਬਤ ਹੁੰਦੇ ਹਨ। ਜਾਤ ਪ੍ਰਣਾਲੀ ਦੀ ਇੱਕ ਵਿਸ਼ੇਸ਼ਤਾ ਦਰਜਾਬੰਦੀ ਵਾਲੀ ਅਸਮਾਨਤਾ ਹੈ। ਜਾਤਾਂ ਬਰਾਬਰ ਦਰਜੇ ਦੀਆਂ ਨਹੀਂ ਹਨ। ਉਹ ਇੱਕ ਦੂਜੇ ਤੋਂ ਉੱਪਰ ਹਨ। ਉਹ ਇੱਕ ਦੂਜੇ ਨੂੰ ਨਫ਼ਰਤ ਕਰਦੀਆਂ ਹਨ। ਉੱਪਰ ਤੋਂ ਹੇਠਾਂ ਤੱਕ ਨਫ਼ਰਤ ਅਤੇ ਉੱਪਰ ਤੋਂ ਹੇਠਾਂ ਤੱਕ ਨਫ਼ਰਤ ਅਤੇ ਨਫ਼ਰਤ ਦੀ ਭਾਵਨਾ ਹੈ। ਜਾਤ ਪ੍ਰਣਾਲੀ ਦੀ ਇਸ ਵਿਸ਼ੇਸ਼ਤਾ ਦਾ ਸਭ ਤੋਂ ਘਾਤਕ ਨਤੀਜਾ ਆਪਸੀ ਸਹਿਯੋਗ ਦੀ ਭਾਵਨਾ ਅਤੇ ਇੱਛਾ ਦਾ ਵਿਨਾਸ਼ ਹੈ।

ਬਾਕੀ ਦੂਜਾ ਅਤੇ ਆਖਰੀ ਭਾਗ ਕਲ੍ਹ

# ਸਬ ਡਿਵੀਜ਼ਨ ਅਤੇ ਜ਼ਿਲ੍ਹਾ ਪੱਧਰੀ ਸ਼ਿਕਾਇਤ ਨਿਵਾਰਨ ਕਮੇਟੀਆ ਗਠਿਤ ਨਾ ਹੋਣ ਕਰਕੇ ਸਰਕਾਰ ਦੀ ਕਾਰਜਸ਼ੈਲੀ 'ਤੇ ਲੱਗੇ ਸੁਆਲੀਆ ਚਿੰਨ੍ਹ

## ਸੂਬੇ ਦਾ ਪੁਲਿਸ ਪ੍ਰਸ਼ਾਸਨ ਅਤੇ ਨੌਕਰਸ਼ਾਹੀ ਬੇਲਗਾਮ ,, ਸਰਕਾਰੀ ਦਫ਼ਤਰਾਂ ਵਿੱਚ ਜਨਤਾ ਲੁੱਟੇ ਜਾਣ ਅਤੇ ਖੱਜਲਖੁਆਰ ਹੋਣ ਲਈ ਮਜਬੂਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਮਾਨਸਾ - 4 ਜੂਨ - ( ਆਤਮਾ ਸਿੰਘ ਪਮਾਰ ) - ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਭਾਗ ਵਿੱਚ ਆਮ ਲੋਕਾਂ ਦੀ ਸਰਕਾਰੇ-ਦਰਬਾਰੇ ਕੋਈ ਸੁਣਵਾਈ ਨਹੀਂ ਹੋ ਰਹੀ ਅਤੇ ਦਫ਼ਤਰੀ ਬਾਬੂਆਂ ਵੱਲੋਂ ਸ਼ਰੇਆਮ ਕਥਿਤ ਲੁੱਟ ਕੀਤੀ ਜਾ ਰਹੀ ਹੈ। ਹਰ ਇੱਕ ਮਹਿਕਮੇ ਵਿੱਚ ਭ੍ਰਿਸ਼ਟਾਚਾਰ ਦੀਆਂ ਚੜ੍ਹ ਮੱਚੀਆਂ ਹਨ। ਇਸ ਲੁੱਟ ਖਸੁੱਟ ਵਿਰੁੱਧ ਆਪਣੀ ਆਵਾਜ਼ ਉਠਾਉਣ ਲਈ ਸਰਕਾਰੀ ਪੱਧਰ 'ਤੇ ਕੋਈ ਵੀ ਪਲੇਟਫਾਰਮ ਮੌਜੂਦ ਨਹੀਂ ਹੈ।

ਇਸ ਤੋਂ ਪਹਿਲੀਆਂ ਸਰਕਾਰਾਂ ਵਿੱਚ ਬਕਾਇਦਾ ਰੂਪ ਵਿੱਚ ਜ਼ਿਲ੍ਹਾ ਅਤੇ ਸਬ-ਡਿਵੀਜਨ ਪੱਧਰ 'ਤੇ ਸ਼ਿਕਾਇਤ ਨਿਵਾਰਨ ਕਮੇਟੀਆਂ ਦਾ ਗਠਨ ਕੀਤਾ ਜਾਂਦਾ ਰਿਹਾ ਹੈ। ਇਹ ਗੱਲ ਵੱਖਰੀ ਹੈ ਕਿ ਇੰਨਾਂ ਕਮੇਟੀਆਂ ਦੀਆਂ ਮੀਟਿੰਗਾਂ ਗਾਹੇ-ਬਗਾਹੇ ਹੀ ਹੁੰਦੀਆਂ ਸਨ। ਇੰਨ੍ਹਾਂ ਸ਼ਿਕਾਇਤ ਨਿਵਾਰਨ ਕਮੇਟੀਆਂ ਵਿੱਚ ਸੱਤਾਧਾਰੀ ਧਿਰ ਸਮੇਤ ਵੱਖ ਵੱਖ ਮਾਨਤਾ ਪ੍ਰਾਪਤ ਰਾਸ਼ਟਰੀ ਅਤੇ ਖੇਤਰੀ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਖ ਵੱਖ ਵਰਗਾਂ ਅਤੇ ਖੇਤਰਾਂ ਵਿੱਚੋਂ ਵੀ ਨੁਮਾਇੰਦਿਆਂ ਦੀ ਨਾਮਜ਼ਦਗੀ ਕੀਤੀ ਜਾਂਦੀ ਸੀ।

ਮੌਜੂਦਾ ਸਰਕਾਰ ਨੇ ਆਪਣੇ ਕਾਰਜਕਾਲ ਦਾ ਅੱਧੋਂ ਵੱਧ ਸਮਾ ਪੂਰਾ ਕਰ ਲਿਆ ਹੈ ਪਰ ਅਜੇ ਤੱਕ ਸ਼ਿਕਾਇਤ ਨਿਵਾਰਨ ਕਮੇਟੀਆਂ ਕਮੇਟੀਆਂ ਦੀ ਬਾਈ ਧਾਈ ਵੀ ਨਜ਼ਰੀਂ ਨਹੀਂ ਪੈਂਦੀ। ਅਜਿਹਾ ਨਾ ਹੋਣਾ ਜਿੱਥੇ ਆਮ ਆਦਮੀ ਪਾਰਟੀ ਦੇ ਪੰਜਾਬ ਯੂਨਿਟ ਅਤੇ ਪੰਜਾਬ ਸਰਕਾਰ ਦੀ ਖ਼ੁਦਮੁਖ਼ਤਿਆਰੀ 'ਤੇ ਸਵਾਲ ਖੜ੍ਹੇ ਕਰਦਾ ਹੈ ਉੱਥੇ ਅਫ਼ਸਰਸ਼ਾਹੀ ਲਈ ਖੁੱਲ੍ਹੇ ਰੂਪ ਵਿੱਚ ਕਥਿਤ ਤੌਰ 'ਤੇ ਸ਼ਰੇਆਮ ਭ੍ਰਿਸ਼ਟਾਚਾਰ ਦਾ ਰਾਹ ਵੀ ਪੱਧਰਾ ਕਰਦਾ ਹੈ। ਸੱਤਾਧਾਰੀ ਪਾਰਟੀ ਦੇ ਵਲੰਟੀਅਰ ਜਿੰਨਾਂ ਨੂੰ ਮੁੱਖ ਮੰਤਰੀ ਸਾਹਿਬ ਭਮੱਕੜ ਕਹਿ ਕੇ ਸੰਬੋਧਨ ਹੁੰਦੇ ਹਨ ਇੰਨਾਂ ਕਮੇਟੀਆਂ ਦੇ ਮਾਧਿਅਮ ਰਾਹੀਂ ਆਪਣੇ ਆਪ ਨੂੰ ਅਫ਼ਸਰਸ਼ਾਹੀ ਦੇ ਥੇਮੇ ਵਿੱਚ ਪ੍ਰਭਾਵੀ ਹੋਣ ਦਾ ਸੁਪਨਾ ਆਪਣੇ ਦਿਲਾਂ ਵਿੱਚ ਤਿੰਨ ਸਾਲ ਤੋਂ ਵੀ ਵੱਧ ਸਮੇਂ ਤੋਂ ਸਮੋਈ ਬੈਠੇ ਹਨ ਪਰ ਉਹਨਾਂ ਲਈ ਉਕਤ ਕਮੇਟੀਆਂ ਦਾ ਗਠਨ ਊਠ ਦਾ ਬੁੱਲ੍ਹ ਬਣਿਆ ਹੋਇਆ ਹੈ। ਕਾਂਗਰਸ ਅਤੇ ਅਕਾਲੀ-ਭਾਜਪਾ ਗਠਜੋੜ ਦੀਆਂ ਸਰਕਾਰਾਂ ਵਿੱਚ ਉਕਤ ਕਮੇਟੀਆਂ ਬਕਾਇਦਾ ਰੂਪ ਵਿਚ ਹੁੰਦਾ ਸੀ।

ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਜ਼ਿਲ੍ਹਾ ਅਤੇ ਸਬ ਡਵੀਜ਼ਨ ਦੀਆਂ ਸ਼ਿਕਾਇਤ ਨਿਵਾਰਨ ਕਮੇਟੀਆਂ ਸਬੰਧੀ ਦੋ ਢਾਈ ਸਾਲ ਪਹਿਲਾਂ ਨੁਮਾਇੰਦਿਆਂ ਦੇ ਨਾਵਾਂ ਦੀਆਂ ਸੂਚੀਆਂ ਸਰਕਾਰ ਦੁਆਰਾ ਮੰਗਵਾਈਆਂ ਜਾ ਚੁੱਕੀਆਂ ਹਨ।

ਸਿਆਸੀ ਹਲਕਿਆਂ ਵਿੱਚ ਚਰਚਾ ਹੈ ਕਿ "ਦਿੱਲੀ ਵਾਲਿਆਂ" ਵੱਲੋਂ ਹਰੀ ਝੰਡੀ ਨਾ ਮਿਲਣ ਕਰਕੇ ਇੰਨਾਂ ਕਮੇਟੀਆਂ ਦੇ ਗਠਨ ਦਾ ਐਲਾਨ ਰੁਕਿਆ ਹੋਇਆ ਹੈ। ਅੱਜ ਸੂਬੇ ਦੇ ਹਾਲਾਤ ਅਜਿਹੇ ਹਨ ਕਿ ਅਫ਼ਸਰਸ਼ਾਹੀ ਮਨਮਾਨੀਆਂ ਕਰ ਰਹੀ ਹੈ ਅਤੇ ਸੱਤਾਧਾਰੀ ਪਾਰਟੀ ਦੇ ਕਿਸੇ ਵੀ ਆਗੂ ਦਾ ਦਬਦਬਾ ਅਫ਼ਸਰਸ਼ਾਹੀ ਉੱਤੇ ਨਹੀਂ ਹੈ। ਨਸ਼ ਰਿਪੋਰਟਾਂ ਤੋਂ ਪਤਾ ਲੱਗਦਾ ਹੈ ਕਿ ਕਈ ਵਿਧਾਇਕਾਂ ਤੱਕ ਦੀ ਵੀ ਨੌਕਰਸ਼ਾਹੀ ਕੋਈ ਸੁਣਵਾਈ ਨਹੀਂ ਹੈ। ਸਤਾਧਾਰੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਦੀ ਪੁਲਿਸ ਅਤੇ ਪ੍ਰਸ਼ਾਸਨਿਕ ਹਲਕਿਆਂ ਤੱਕ ਸਿੱਧੀ ਪਹੁੰਚ ਅਤੇ ਮਾਣ ਸਤਿਕਾਰ ਹੋਣਾ ਤਾਂ ਦੂਰ ਦੀ ਗੱਲ ਹੈ। ਅਕਾਲੀ-ਭਾਜਪਾ ਅਤੇ ਕਾਂਗਰਸ ਪਾਰਟੀ ਦੀਆਂ ਸਰਕਾਰਾਂ ਵਿੱਚ ਇੰਨ੍ਹਾਂ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਦੀ ਸਰਕਾਰੇ-ਦਰਬਾਰੇ ਤੂਤੀ ਬੋਲਦੀ ਰਹੀ ਹੈ।

ਆਮ ਆਦਮੀ ਪਾਰਟੀ ਦੇ ਵੱਡੇ ਵੱਡੇ ਦਾਅਵੇ ਕਿ ਭ੍ਰਿਸ਼ਟਾਚਾਰ ਨੂੰ ਲੋਕ ਪਾਲ ਦਾ ਗਠਨ ਕਰਕੇ ਨਕੇਲ ਪਾਈ ਜਾਵੇਗੀ ਪ੍ਰੰਤੂ ਇੱਥੇ ਤਾਂ ਆਪ ਪਾਰਟੀ ਨੇ ਸ਼ਿਕਾਇਤ ਨਿਵਾਰਨ ਕਮੇਟੀਆਂ ਦਾ ਗਠਿਨ ਕਰਨਾ ਵੀ ਮੁਨਾਸਿਬ ਨਹੀਂ ਸਮਝਿਆ।

ਸਰਕਾਰ ਕੋਲ ਸਿਵਾਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤੋਂ ਕਿਸੇ ਵੀ ਖੇਤਰ ਵਿੱਚ ਕੋਈ ਠੋਸ ਕਾਰਜ ਨਹੀ ਜਾਂ ਇੰਝ ਆਖਿਆ ਜਾ ਸਕਦਾ ਕਿ ਪੰਜਾਬ ਦੇ ਲੋਕਾਂ ਵਿੱਚ ਵਿਚਰਨ ਲਈ ਕੋਈ ਵੀ ਨਿੱਗਰ ਕਾਰਜ ਜਾਂ ਮੁੱਦਾ ਪਾਰਟੀ ਅਤੇ ਪੰਜਾਬ ਸਰਕਾਰ ਕੋਲ ਨਹੀਂ ਹੈ ਅਤੇ ਸਿਰਫ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਦਕਾ ਲੋਕਾਂ ਵਿੱਚ ਜਾ ਰਹੀ ਹੈ। ਇਸ ਮੁਹਿੰਮ ਦੀਆਂ ਅਸਲ ਹਕੀਕਤਾਂ ਇਹ ਹਨ ਕਿ ਨਰੇਗਾ ਮਜ਼ਦੂਰਾਂ , ਪੁਲਿਸ- ਪ੍ਰਸ਼ਾਸਨ ਦੇ ਅਧਿਕਾਰੀਆਂ ਸਮੇਤ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ-ਅਧਿਕਾਰੀਆਂ ਨੂੰ ਇਕੱਠ ਕਰਨ ਲਈ ਵਰਤਿਆ ਜਾਂਦਾ ਹੈ ਅਤੇ ਇਹ ਵਰਤਾਰਾ ਕਈ ਜੱਗ ਜ਼ਾਹਿਰ ਵੀ ਹੋ ਚੁੱਕਾ ਹੈ। ਆਮ ਲੋਕ ਸੱਤਾਧਾਰੀ ਧਿਰ ਦੀ ਗੱਲ ਸੁਣਨ ਨੂੰ ਤਿਆਰ ਹੀ ਨਹੀਂ। ਕਿਸਾਨ ਯੂਨੀਅਨਾਂ ਦਾ ਵਿਰੋਧ ਵੀ ਆਮ ਆਦਮੀ ਪਾਰਟੀ ਦੇ ਲਈ ਗਲੇ ਦੀ ਹੱਡੀ ਬਣਿਆ ਹੋਇਆ ਹੈ। ਇੰਨ੍ਹਾਂ ਪ੍ਰਸਥਿਤੀਆਂ ਵਿੱਚ ਆਪ ਪਾਰਟੀ ਨੂੰ ਆਪਣੇ ਜੱਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਧਿਆਨ ਦੇਣ ਤੋਂ ਇਲਾਵਾ ਉਕਤ ਕਮੇਟੀਆਂ ਸਮੇਤ ਵੱਖ ਵੱਖ ਸਰਕਾਰੀ ਅਹੁਦਿਆਂ 'ਤੇ ਵਲੰਟੀਅਰਾਂ ਨੂੰ ਅੱਗੇ ਲਿਆਉਣਾ ਹੋਵੇਗਾ। ਇਸ ਤਰ੍ਹਾਂ ਜਾਪਦਾ ਹੈ ਕਿ ਆਪ ਪਾਰਟੀ ਅਤੇ ਸਰਕਾਰ ਭਮੱਤਰੀਆ ਪਈਆਂ ਹਨ ਅਤੇ ਅੱਕੀਂ ਪਲਾਹੀ ਹੱਥ ਮਾਰ ਰਹੀਆਂ ਹਨ।

ਸੱਤਾਧਾਰੀ ਪਾਰਟੀ ਅਤੇ ਸਰਕਾਰ ਦੇ ਵਿਕਾਸ ਕਾਰਜਾਂ , ਲੋਕ ਭਲਾਈ ਸਕੀਮਾਂ , ਜਨਤਕ ਮਸਲਿਆਂ ਦੇ ਹੱਲ ਆਦਿ ਵਿੱਚ ਪ੍ਰਸ਼ਾਸਨਿਕ ਤਾਣੇ-ਬਾਣੇ ਦੀ ਜਵਾਬਦੇਹੀ ਵਿੱਚ ਇੰਨ੍ਹਾਂ ਸ਼ਿਕਾਇਤ ਨਿਵਾਰਨ ਕਮੇਟੀਆਂ ਦਾ ਅਹਿਮ ਰੋਲ ਹੁੰਦਾ ਹੈ। ਹੇਠਲੇ ਪੱਧਰ ਤੱਕ ਮੁਲਾਜ਼ਮਾਂ ਅਧਿਕਾਰੀਆਂ ਦੀ ਕਾਰਜਸ਼ੈਲੀ ਨੂੰ ਚੁਸਤ ਦਰੁੱਸਤ ਕਰਨ ਵਿੱਚ ਇਹ ਕਮੇਟੀਆਂ ਸਬ-ਡਵੀਜਨ ਅਤੇ ਜ਼ਿਲ੍ਹਾ ਪੱਧਰ ਦਾ ਮਹੱਤਵਪੂਰਨ ਥੜਾ ਹੋ ਨਿਬੜਦਾ ਹੈ ਬਸ਼ਰਤੇ ਇੰਨ੍ਹਾਂ ਕਮੇਟੀਆਂ ਦੀਆਂ ਤੈਅ ਸਮਾਂ ਸੀਮਾ ਵਿੱਚ ਮੀਟਿੰਗਾਂ ਹੁੰਦੀਆਂ ਰਹਿਣ।

ਇਸ ਸਬੰਧੀ ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੂਬਾਈ ਆਗੂ ਤੇ ਜ਼ਿਲ੍ਹਾ ਮਾਨਸਾ ਦੇ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਆਪਣੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਤੋਂ ਲੋਕਾਂ ਨੂੰ ਕਾਫੀ ਉਮੀਦਾਂ ਹਨ ਪਰ ਸਰਕਾਰ ਹਰ ਖੇਤਰ ਵਿੱਚ ਨਿਕੰਮੀ ਸਾਬਤ ਹੋ ਰਹੀ ਹੈ ਅਤੇ ਇੰਨ੍ਹਾਂ ਦੇ ਰਾਜ ਭਾਗ ਵਿੱਚ ਪੁਲਿਸ ਅਤੇ ਪ੍ਰਸ਼ਾਸਨਿਕ ਅਫ਼ਸਰਸ਼ਾਹੀ ਬਿਲਕੁਲ ਬੇਲਗਾਮ ਹੋ ਚੁੱਕੀ ਹੈ, ਸਰਕਾਰ ਦੀ ਅਫ਼ਸਰਸ਼ਾਹੀ 'ਤੇ ਕਿਧਰੇ ਵੀ ਪਕੜ ਨਜ਼ਰੀ ਨਹੀਂ ਪੈਂਦੀ ਸਗੋਂ ਇਸਦੇ ਉਲਟ ਆਪ ਪਾਰਟੀ ਅਤੇ ਸਰਕਾਰ ਦਾ ਕਾਰਜ ਭਾਰ ਅਫਸਰਾਂ ਦੇ ਰਹਿਮੋ ਕਰਮ 'ਤੇ ਹੀ ਟਿਕਿਆ ਹੋਇਆ ਜਾਪਦਾ ਹੈ। ਪਾਰਟੀ ਹਾਈਕਮਾਂਡ ਦੇ ਮੁਹਰੈਲਾਂ ਨੂੰ ਇਹ ਮਾਮਲਾ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

# 05 ਜੂਨ ਲਈ ਵਿਸ਼ਵ ਵਾਤਾਵਰਣ ਦਿਵਸ ਸਬੰਧੀ ਵਿਸ਼ੇਸ਼।



ਐਡਵੋਕੇਟ ਕੁਲਦੀਪ ਚੰਦ ਦੋਭੇਟਾ, ਨੇੜੇ ਸਰਕਾਰੀ ਪ੍ਰਾਇਮਰੀ ਸਕੂਲ ਦੋਭੇਟਾ
ਤਹਿਸੀਲ ਨੰਗਲ ਜਿਲ੍ਹਾ ਰੂਪਨਗਰ (ਪੰਜਾਬ) 9417563054

ਹਰ ਸਾਲ ਵਾਂਗ 05 ਜੂਨ ਦਾ ਦਿਹਾੜਾ ਵਿਸ਼ਵ ਵਾਤਾਵਰਣ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ ਅਤੇ ਵਾਤਾਵਰਣ ਵਿੱਚ ਵੱਧ ਰਹੇ ਪ੍ਰਦੂਸ਼ਣ ਤੇ ਚਿੰਤਾ ਦਾ ਪ੍ਰਗਟਾਵਾ ਕਰਨ ਲਈ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਵਲੋਂ ਪ੍ਰੋਗਰਾਮ ਕੀਤੇ ਜਾਣਗੇ। ਜੇਕਰ ਇਸਦਾ ਪਿਛੋਕੜ ਵੇਖੀਏ ਤਾਂ ਸੰਯੁਕਤ ਰਾਸ਼ਟਰ ਸੰਘ ਨੇ ਸਾਲ 1972 ਤੋਂ ਹਰ ਸਾਲ 05 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਦੇ ਰੂਪ ਵਿੱਚ ਮਨਾਉਣ ਦਾ ਫੈਸਲਾ ਕੀਤਾ ਸੀ। ਇਸਦਾ ਮੁੱਖ ਉਦੇਸ਼ ਵਾਤਾਵਰਣ ਦੇ ਪ੍ਰਤੀ ਜਾਗਰੂਕਤਾ ਲਿਆਂਦੇ ਹੋਏ ਰਾਜਨੀਤਿਕ ਚੇਤਨਾ ਜਗਾਉਣਾ ਅਤੇ ਆਮ ਜਨਤਾ ਨੂੰ ਪ੍ਰੇਰਿਤ ਕਰਨਾ ਸੀ। ਵਿਸ਼ਵ ਵਾਤਾਵਰਣ ਦਿਵਸ ਲਈ ਇਸ ਸਾਲ ਦਾ ਥੀਮ ''ਪਲਾਸਟਿਕ ਪ੍ਰਦੂਸ਼ਣ ਦਾ ਅੰਤ'' ਹੈ। ਇਹ ਥੀਮ ਸਾਡੇ ਗ੍ਰਹਿ ਤੋਂ ਪਲਾਸਟਿਕ ਦੇ ਕੂੜੇ ਨੂੰ ਘਟਾਉਣ ਅਤੇ ਖਤਮ ਕਰਨ ਦੀ ਤੁਰੰਤ ਲੋੜ ਤੇ ਕੇਂਦ੍ਰਿਤ ਕਰਦਾ ਹੈ ਜੋਕਿ ਸਮੁੰਦਰਾਂ, ਜੰਗਲੀ ਜੀਵਾਂ ਅਤੇ ਮਨੁੱਖੀ ਸਿਹਤ ਨੂੰ ਨੁਕਸਾਨ ਪਹੁੰਚਾਉਣ ਵਾਲਾ ਇੱਕ ਵੱਡਾ ਵਾਤਾਵਰਣ ਖ਼ਤਰਾ ਬਣ ਗਿਆ ਹੈ। ਕੋਰੀਆ ਗਣਰਾਜ ਵਿਸ਼ਵ ਵਾਤਾਵਰਣ ਦਿਵਸ ਦੇ ਇਸ ਸਾਲ ਦੇ ਪ੍ਰੋਗਰਾਮ ਦੀ ਮੇਜ਼ਬਾਨੀ ਕਰੇਗਾ ਜਿਸ ਵਿੱਚ ਵਿਸ਼ਵ ਪੱਧਰ ਤੇ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨ ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਪਲਾਸਟਿਕ ਪ੍ਰਦੂਸ਼ਣ ਤੋਂ ਧਰਤੀ ਨੂੰ ਮੁਕਤ ਕਰਨਾ ਟਿਕਾਊ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਹੈ ਜਿਸ ਵਿੱਚ ਜਲਵਾਯੂ ਕਾਰਵਾਈ, ਟਿਕਾਊ ਉਤਪਾਦਨ ਅਤੇ ਖਪਤ, ਸਮੁੰਦਰਾਂ ਦੀ ਸੁਰੱਖਿਆ ਅਤੇ ਵਾਤਾਵਰਣ ਪ੍ਰਣਾਲੀਆਂ ਦੀ ਮੁਰੰਮਤ ਅਤੇ ਜੈਵ ਵਿਭਿੰਨਤਾ ਨੂੰ ਬਣਾਈ ਰੱਖਣਾ ਸ਼ਾਮਲ ਹੈ। ਪਲਾਸਟਿਕ ਪ੍ਰਦੂਸ਼ਣ ਹਰ ਕੋਨੇ ਵਿੱਚ ਇੱਥੋਂ ਤੱਕ ਕਿ ਸਾਡੇ ਸ਼ਰੀਰਾਂ ਵਿੱਚ ਮਾਈਕ੍ਰੋਪਲਾਸਟਿਕ ਦੇ ਰੂਪ ਵਿੱਚ ਵੀ ਫੈਲਦਾ ਹੈ। ਦਹਾਕਿਆਂ ਤੋਂ ਪਲਾਸਟਿਕ ਪ੍ਰਦੂਸ਼ਣ ਦੁਨੀਆ ਦੇ ਹਰ ਕੋਨੇ ਵਿੱਚ ਫੈਲ ਗਿਆ ਹੈ ਸਾਡੇ ਪੀਣ ਵਾਲੇ ਪਾਣੀ, ਖਾਣ ਵਾਲੇ ਭੋਜਨ ਅਤੇ ਸਾਡੇ ਸ਼ਰੀਰਾਂ ਵਿੱਚ ਜਾ ਰਿਹਾ ਹੈ। ਇਹ ਅੱਜ ਦੀਆਂ ਵਾਤਾਵਰਣ ਚੁਣੌਤੀਆਂ ਵਿੱਚੋਂ ਇੱਕ ਹੈ ਜਿਸਦੇ ਕੁਝ ਸਪੱਸ਼ਟ ਹੱਲ ਵੀ ਹਨ। ਕੁਦਰਤ ਤੋਂ ਪ੍ਰੇਰਨਾ ਲੈਕੇ ਅਤੇ ਇਨ੍ਹਾਂ ਹੱਲਾਂ ਦਾ ਪ੍ਰਦਰਸ਼ਨ ਕਰਕੇ, ਮੁਹਿੰਮ ਨਾਲ ਜੁੜੇ ਵਿਅਕਤੀਆਂ, ਸੰਗਠਨਾਂ, ਉਦਯੋਗਾਂ ਅਤੇ ਸਰਕਾਰਾਂ ਨੂੰ ਜੋ ਪ੍ਰਣਾਲੀਗਤ ਤਬਦੀਲੀ ਨੂੰ ਚਲਾਉਂਦੇ ਹਨ ਟਿਕਾਊ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕਰੇਗੀ। ਅੱਜ ਦਾ ਦਿਨ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨ ਲਈ ਇੱਕ ਵਿਸ਼ਵ ਸੰਧੀ ਤੇ ਗੱਲਬਾਤ ਜਾਰੀ ਰੱਖਣ ਲਈ ਦੇਸ਼ਾਂ ਦੇ ਦੁਬਾਰਾ ਮਿਲਣ ਤੋਂ ਠੀਕ ਦੋ ਮਹੀਨੇ ਪਹਿਲਾਂ ਆਉਂਦਾ ਹੈ। ਇਹ ਦਿਵਸ ਪਲਾਸਟਿਕ ਪ੍ਰਦੂਸ਼ਣ ਦੇ ਪ੍ਰਭਾਵਾਂ ਤੇ ਵਧ ਰਹੇ ਵਿਗਿਆਨਕ ਸਬੂਤਾਂ ਤੇ ਰੌਸ਼ਨੀ ਪਾਵੇਗਾ ਅਤੇ ਪਲਾਸਟਿਕ ਦੀ ਵਰਤੋਂ ਤੋਂ ਇਨਕਾਰ ਕਰਨ, ਘਟਾਉਣ, ਮੁੜ ਵਰਤੋਂ, ਰੀਸਾਈਕਲ ਕਰਨ ਅਤੇ ਮੁੜ ਵਿਚਾਰ ਕਰਨ ਲਈ ਗਤੀ ਨੂੰ ਤੇਜ਼ੀ ਨਾਲ ਵਧਾਏਗਾ। ਇਹ ਵਿਸ਼ਵ ਪਲਾਸਟਿਕ ਪ੍ਰਦੂਸ਼ਣ ਸੰਧੀ ਦੁਆਰਾ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨ ਲਈ ਕੀਤੀ ਗਈ ਵਿਸ਼ਵਵਿਆਪੀ ਬਚਨਬੱਧਤਾ ਨੂੰ ਵੀ ਮਜ਼ਬੂਤ ਕਰੇਗਾ। ਪਲਾਸਟਿਕ ਪ੍ਰਦੂਸ਼ਣ ਤਿੰਨ ਗ੍ਰਹਿ ਸੰਕਟ ਦੇ ਘਾਤਕ ਪ੍ਰਭਾਵਾਂ ਨੂੰ ਵਧਾਉਂਦਾ ਹੈ ਜਲਵਾਯੂ ਪਰਿਵਰਤਨ ਦਾ ਸੰਕਟ, ਕੁਦਰਤ, ਭੂਮੀ ਅਤੇ ਜੈਵਿਕ ਵਿਭਿੰਨਤਾ ਦੇ ਨੁਕਸਾਨ ਦਾ ਸੰਕਟ, ਪ੍ਰਦੂਸ਼ਣ ਅਤੇ ਰਹਿੰਦ-ਖੂੰਹਦ ਦਾ ਸੰਕਟ। ਵਿਸ਼ਵ ਪੱਧਰ ਤੇ ਅੰਦਾਜ਼ਨ 11 ਮਿਲੀਅਨ ਟੱਨ ਪਲਾਸਟਿਕ ਰਹਿੰਦ-ਖੂੰਹਦ ਹਰ ਸਾਲ ਜਲ-ਪਰਿਆਵਰਣ ਪ੍ਰਣਾਲੀਆਂ ਵਿੱਚ ਪੈਂਦਾ ਹੈ ਜਦੋਂ ਕਿ ਖੇਤੀਬਾੜੀ ਉਤਪਾਦਾਂ ਵਿੱਚ ਪਲਾਸਟਿਕ ਦੀ ਵਰਤੋਂ ਕਾਰਨ ਸਿਵਰੇਜ ਅਤੇ ਭਰਤ ਤੋਂ ਮਿੱਟੀਵਿੱਚ ਮਾਈਕ੍ਰੋਪਲਾਸਟਿਕਸ ਇਕੱਠੇ ਹੁੰਦੇ ਹਨ। ਇਸ ਸਾਲ ਵਿਸ਼ਵ ਵਾਤਾਵਰਣ ਦਿਵਸ ਮਨਾਉਣਾ ਉਦੋਂ ਆਇਆ ਹੈ ਜਦੋਂ ਬਹੁਤੇ ਦੇਸ਼ ਸਮੁੰਦਰੀ ਵਾਤਾਵਰਣ ਸਮੇਤ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨ ਲਈ ਇੱਕ ਵਿਸ਼ਵਵਿਆਪੀ ਸੰਧੀ ਨੂੰ ਸੁਰੱਖਿਅਤ ਕਰਨ ਵੱਲ ਵੱਧ ਰਹੇ ਹਨ। ਨਵੰਬਰ 2024 ਵਿੱਚ ਕੋਰੀਆ ਨੇ ਪਲਾਸਟਿਕ ਪ੍ਰਦੂਸ਼ਣ ਸੰਧੀ ਵਿਕਸਿਤ ਕਰਨ ਲਈ ਗੱਲਬਾਤ ਦੇ ਪੰਜਵੇਂ ਸੈਸ਼ਨ ਦੀ ਮੇਜ਼ਬਾਨੀ ਕੀਤੀ ਸੀ ਅਤੇ ਇਸਦਾ ਦੂਜਾ ਭਾਗ 5 ਤੋਂ 14 ਅਗਸਤ ਤੱਕ ਸਵਿਟਜ਼ਰਲੈਂਡ ਦੇ ਜੇਨੇਵਾ ਵਿੱਚ ਹੋਵੇਗਾ। ਵਿਸ਼ਵ ਵਾਤਾਵਰਣ ਦਿਵਸ ਜਾਗਰੂਕਤਾ ਪੈਦਾ ਕਰਨ ਅਤੇ ਵਾਤਾਵਰਣ ਦੀ ਸੰਭਾਲ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਹੈ। ਇਹ ਕਈ ਗੈਰ-ਸਰਕਾਰੀ ਸੰਸਥਾਵਾਂ, ਕੰਪਨੀਆਂ ਅਤੇ ਸਰਕਾਰੀ ਸੰਸਥਾਵਾਂ ਦੁਆਰਾ ਸਮਰਥਿਤ ਹੈ। ਇਹ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਦੀ ਅਗਵਾਈ ਵਿੱਚ ਅਤੇ 1973 ਤੋਂ ਹਰ ਸਾਲ ਹੋਸਟ ਕੀਤੇ ਜਾਣ ਵਾਲੇ ਵਿਸ਼ਵ ਦੇ ਸਭ ਤੋਂ ਵੱਡੇ ਵਾਤਾਵਰਣ ਪਲੇਟਫਾਰਮ ਵਜੋਂ ਵਿਕਸਤ ਹੋਇਆ ਹੈ। ਪ੍ਰਦੂਸ਼ਣ ਨਾਲ ਅਰਬਾਂ ਹੈਕਟੇਅਰ ਜ਼ਮੀਨ ਖਰਾਬ ਹੋ ਗਈ ਹੈ ਜਿਸ ਨਾਲ ਦੁਨੀਆ ਦੀ ਲੱਗਭੱਗ ਅੱਧੀ ਆਬਾਦੀ ਪ੍ਰਭਾਵਿਤ ਹੋ ਰਹੀ ਹੈ। ਇਸਦੀ ਪੇਂਡੂ ਭਾਈਚਾਰਿਆਂ, ਛੋਟੇ ਕਿਸਾਨਾਂ ਅਤੇ ਅਤਿ ਗਰੀਬਾਂ ਨੂੰ ਸਭ ਤੋਂ ਵੱਧ ਮਾਰ ਪਈ ਹੈ। ਸਿਰਫ਼ 15 ਪ੍ਰਤੀਸ਼ਤ ਜ਼ਮੀਨ ਨੂੰ ਬਹਾਲ ਕਰਨਾ ਅਤੇ ਹੋਰ ਤਬਦੀਲੀ ਨੂੰ ਰੋਕਣਾ 60 ਪ੍ਰਤੀਸ਼ਤ ਤੱਕ ਸੰਭਾਵਿਤ ਪ੍ਰਜਾਤੀਆਂ ਨੂੰ ਵਿਨਾਸ਼ ਤੋਂ ਬਚਾ ਸਕਦਾ ਹੈ। ਪਿਛਲੇ ਕੁੱਝ ਸਾਲਾਂ ਤੋਂ ਤਾਪਮਾਨ ਦੇ ਰਿਕਾਰਡ ਟੁੱਟ ਰਹੇ ਹਨ। ਦੁਨੀਆਂ ਦੇ ਬਹੁਤੇ ਹਿੱਸੇ ਨੇ ਨਾ ਸਿਰਫ਼ ਗਰਮੀ ਸਗੋਂ ਤੂਫ਼ਾਨਾਂ, ਹੜ੍ਹਾਂ ਅਤੇ ਸੋਕੇ ਦੇ ਵੀ ਪ੍ਰਭਾਵ ਮਹਿਸੂਸ ਕੀਤੇ । ਸਾਲ 2000 ਤੋਂ ਸੋਕੇ ਦੀ ਗਿਣਤੀ ਅਤੇ ਮਿਆਦ 29 ਪ੍ਰਤੀਸ਼ਤ ਵਧ ਗਈ ਹੈ ਅਤੇ 2050 ਤੱਕ ਦੁਨੀਆ ਦੀ ਤਿੰਨ-ਚੌਥਾਈ ਆਬਾਦੀ ਨੂੰ ਪ੍ਰਭਾਵਿਤ ਕਰ ਸਕਦਾ ਹੈ। ਭੂਮੀ ਬਹਾਲੀ ਈਕੋ ਸਿਸਟਮ ਬਹਾਲੀ ਸਾਲ 2021-2030 ਤੇ ਸੰਯੁਕਤ ਰਾਸ਼ਟਰ ਦੇ ਦਹਾਕੇ ਦਾ ਇੱਕ ਮੁੱਖ ਥੰਮ ਹੈ ਜੋਕਿ ਪੂਰੀ ਦੁਨੀਆ ਵਿੱਚ ਵਾਤਾਵਰਣ ਪ੍ਰਣਾਲੀ ਦੀ ਸੁਰੱਖਿਆ ਅਤੇ ਪੁਨਰ ਸੁਰਜੀਤੀ ਲਈ ਇੱਕ ਅਵਾਜ਼ ਹੈ ਜੋ ਟਿਕਾਊ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਮਹੱਤਵਪੂਰਨ ਹੈ। ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਦੇ ਨਾਲ ਹਰ ਸਾਲ 150 ਤੋਂ ਵੱਧ ਦੇਸ਼ ਹਿੱਸਾ ਲੈਂਦੇ ਹਨ।




ਵੱਡੀਆਂ ਕਾਰਪੋਰੇਸ਼ਨਾਂ, ਗੈਰ-ਸਰਕਾਰੀ ਸੰਸਥਾਵਾਂ, ਭਾਈਚਾਰਿਆਂ, ਸਰਕਾਰਾਂ ਅਤੇ ਵਿਸ਼ਵ ਭਰ ਦੀਆਂ ਮਸ਼ਹੂਰ ਹਸਤੀਆਂ ਵਾਤਾਵਰਣ ਪ੍ਰਦੂਸ਼ਣ ਦੇ ਕਾਰਨਾਂ ਨੂੰ ਰੋਕਣ ਲਈ ਵਿਸ਼ਵ ਵਾਤਾਵਰਣ ਦਿਵਸ ਬ੍ਰਾਂਡ ਨੂੰ ਅਪਣਾਉਂਦੀਆਂ ਹਨ। ਪ੍ਰਦੂਸ਼ਕ ਹਵਾ, ਪਾਣੀ ਅਤੇ ਜ਼ਮੀਨ ਦੀ ਗੁਣਵੱਤਾ ਨੂੰ ਨੁਕਸਾਨ ਪਹੁੰਚਾਉਂਦੇ ਹਨ। ਉੱਤਰੀ ਪ੍ਰਸ਼ਾਂਤ ਮਹਾਸਾਗਰ ਦੇ ਮੱਧ ਵਿੱਚ ਮਾਈਕ੍ਰੋਸਕੋਪਿਕ ਪਲਾਸਟਿਕ ਦੇ ਕਣਾਂ ਦਾ ਇੱਕ ਵਿਸ਼ਾਲ ਸੰਗ੍ਰਹਿ ਬਣਦਾ ਜਾ ਰਿਹਾ ਹੈ ਜਿਸਨੂੰ ਮਹਾਨ ਪ੍ਰਸ਼ਾਂਤ ਕੂੜਾ ਪੈਚ ਵਜੋਂ ਜਾਣਿਆ ਜਾਂਦਾ ਹੈ। ਪ੍ਰਦੂਸ਼ਣ ਦੀਆਂ ਕਈ ਕਿਸਮਾਂ ਹਨ ਜਿਨ੍ਹਾਂ ਵਿੱਚੋਂ ਪ੍ਰਮੁੱਖ ਜਲ ਪ੍ਰਦੂਸ਼ਣ, ਹਵਾ ਪ੍ਰਦੂਸ਼ਣ, ਸ਼ੋਰ ਪ੍ਰਦੂਸ਼ਣ ਆਦਿ ਹੈ। ਪ੍ਰਦੂਸ਼ਣ ਕਾਰਨ ਮਨੁੱਖੀ ਜੀਵਨ ਸਮੇਤ ਹੋਰ ਕਈ ਪ੍ਰਜਾਤੀਆਂ ਨੂੰ ਵੱਡਾ ਖਤਰਾ ਹੋ ਗਿਆ ਹੈ ਪਰ ਵਾਤਾਵਰਣ ਵਿੱਚ ਪ੍ਰਦੂਸ਼ਣ ਵਧਾਉਣ ਲਈ ਸਿਰਫ ਮਾਨਵ ਹੀ ਜਿੰਮੇਵਾਰ ਹੈ। ਵਧਦਾ ਸ਼ਹਿਰੀਕਰਣ ਅਤੇ ਉਦਯੋਗਿਕਰਣ ਵਾਤਾਵਰਣ ਲਈ ਵੱਡਾ ਖਤਰਾ ਬਣ ਰਹੇ ਹਨ। ਹਵਾ ਵਿੱਚ ਵਧੱ ਰਹੇ ਪ੍ਰਦੂਸ਼ਣ ਨੇ ਵਾਤਾਵਰਣ ਨੂੰ ਬਹੁਤ ਜ਼ਿਆਦਾ ਨੁਕਸਾਨ ਪਹੁੰਚਾਇਆ ਹੈ। ਹਵਾ ਵਿੱਚ ਪ੍ਰਦੂਸ਼ਣ ਉਦੋ ਵਧੱਦਾ ਹੈ ਜਦੋ ਵਾਯੂਮੰਡਲ ਵਿੱਚ ਗੈਸਾਂ, ਧਾਤੂਆਂ ਅਤੇ ਜੈਵਿਕ ਅਣੂਆਂ ਸਮੇਤ ਪਦਾਰਥਾਂ ਦੇ ਨੁਕਸਾਨਦਹੇ ਜਾਂ ਵੱਧ ਮਾਤਰਾ ਵਿੱਚ ਹੁੰਦੀਆਂ ਹਨ। ਇਸ ਨਾਲ ਮਨੁਖਾਂ ਸਮੇਤ ਹੋਰ ਜੀਵਾਂ ਨੂੰ ਐਲਰਜ਼ੀ ਸਮੇਤ ਕਈ ਖਤਰਨਾਕ ਰੋਗ ਲੱਗ ਸਕਦੇ ਹਨ ਅਤੇ ਮੌਤ ਹੋ ਸਕਦੀ ਹੈ। ਇਸਦੇ ਬਹੁਤ ਜ਼ਿਆਦਾ ਸਿਹਤ, ਸਮਾਜਿਕ ਅਤੇ ਆਰਥਿਕ ਪ੍ਰਭਾਵਾਂ ਦੇ ਬਾਵਜੂਦ, ਅੰਤਰਰਾਸ਼ਟਰੀ ਵਿਕਾਸ ਏਜੰਡੇ ਵਿੱਚ ਪ੍ਰਦੂਸ਼ਣ ਰੋਕਥਾਮ ਨੂੰ ਵੱਡੇ ਪੱਧਰ ਤੇ ਨਜ਼ਰਅੰਦਾਜ਼ ਕੀਤਾ ਗਿਆ ਹੈ। ਪ੍ਰਦੂਸ਼ਣ ਅਤੇ ਸਿਹਤ ਸਬੰਧੀ ਅੰਕੜਿਆਂ ਅਨੁਸਾਰ ਪ੍ਰਦੂਸ਼ਣ ਅੰਦਾਜ਼ਨ 90 ਲੱਖ ਮੌਤਾਂ ਲਈ ਜ਼ਿੰਮੇਵਾਰ ਹੈ। ਪ੍ਰਦੂਸ਼ਣ ਕਾਰਨ ਹੋਈਆਂ ਮੌਤਾਂ ਵਿੱਚੋਂ ਹਵਾ ਪ੍ਰਦੂਸ਼ਣ ਵਿਸ਼ਵ ਭਰ ਵਿੱਚ 6.67 ਮਿਲੀਅਨ ਮੌਤਾਂ ਲਈ ਸਭ ਤੋਂ ਵੱਧ ਜ਼ਿੰਮੇਵਾਰ ਹੈ। ਸਮੇਂ ਤੋਂ ਪਹਿਲਾਂ ਲੱਗਭੱਗ 1.36 ਮਿਲੀਅਨ ਮੌਤਾਂ ਲਈ ਪਾਣੀ ਦਾ ਪ੍ਰਦੂਸ਼ਣ ਜ਼ਿੰਮੇਵਾਰ ਹੈ। ਮਾਹਿਰਾਂ ਨੇ ਬੀਤੇ ਸਮੇਂ ਵਿੱਚ ਜੋ ਸ਼ੰਕੇ ਜਾਹਿਰ ਕੀਤੇ ਸਨ ਹੁਣ ਸੱਚ ਸਾਬਤ ਹੋ ਰਹੇ ਹਨ। ਓਜ਼ੋਨ ਪਰਤ ਵਿੱਚ ਛੇਕ ਹੋ ਜਾਣੇ, ਗਲੇਸ਼ੀਅਰਾਂ ਦਾ ਲਗਾਤਾਰ ਪਿਘਲਣਾ ਤੇ ਤਪਸ਼ ਦਾ ਵੱਧਣਾ ਇਸਦੇ ਮਾਰੂ ਪ੍ਰਭਾਵਾਂ ਦੇ ਸਪੱਸ਼ਟ ਲੱਛਣ ਹਨ ਗਲੋਬਲ ਵਾਰਮਿੰਗ ਵਿੱਚ ਵਾਧਾ ਹੋ ਰਿਹਾ ਹੈ ਜਿਸ ਨਾਲ ਧਰੁਵਾਂ ਤੇ ਪਈ ਬਰਫ ਪਿਘਲ ਰਹੀ ਹੈ। ਜੇਕਰ ਇਸ ਪਾਸੇ ਹੁਣ ਵੀ ਧਿਆਨ ਨਾ ਦਿੱਤਾ ਤਾਂ ਸਮੁੰਦਰਾਂ ਦੇ ਪਾਣੀ ਦਾ ਪੱਧਰ ਉੱਚਾ ਹੋ ਜਾਵੇਗਾ ਅਤੇ ਤੱਟਵਰਤੀ ਇਲਾਕੇ ਇਸ ਵਿੱਚ ਡੁੱਬ ਜਾਣਗੇ। ਕਾਰਬਨ ਡਾਈਆਕਸਾਈਡ ਗੈਸ ਦੀ ਹਵਾ ਵਿੱਚ ਮਾਤਰਾ 0.03% ਤੋਂ ਵੱਧ ਰਹੀ ਹੈ। ਇਹ ਗਰਮੀ ਨੂੰ ਵਧਾਉਣ ਦਾ ਵੱਡਾ ਕਾਰਨ ਬਣਦਾ ਜਾ ਰਿਹਾ ਹੈ। ਪੈਟ੍ਰੋਲੀਅਮ ਪਦਾਰਥਾਂ ਦੀ ਅਥਾਹ ਵਰਤੋਂ ਕਰਨ ਨਾਲ ਜ਼ਹਿਰੀਲੇ ਧੂੰਏ ਦੀ ਵੱਧ ਪੈਦਾਵਾਰ ਹੋ ਰਹੀ ਹੈ। ਫਰਿਜ਼ ਅਤੇ ਏਅਰ ਕੰਡੀਸ਼ਨਰਾਂ ਦੀ ਵੱਧ ਰਹੀ ਵਰਤੋਂ ਅਤੇ ਤੇਜ਼ੀ ਨਾਲ ਵੱਧ ਰਹੇ ਉਦਯੋਗੀਕਰਨ ਨਾਲ ਕਾਰਬਨ ਡਾਈਆਕਸਾਈਡ ਵਿੱਚ ਵਾਧਾ ਹੋ ਰਿਹਾ ਹੈ। ਵਾਤਾਵਰਣ ਬਾਰੇ ਜੇਕਰ ਭਾਰਤ ਦੀ ਗੱਲ ਕਰੀਏ ਤਾ ਹਾਲਾਤ ਬਹੁਤੇ ਚੰਗੇ ਨਜ਼ਰ ਨਹੀਂ ਆਉਂਦੇ ਹਨ। 2024 ਦੀ ਇੱਕ ਰਿਪੋਰਟ ਜੋ ਦੁਨੀਆ ਭਰ ਵਿੱਚ ਹਵਾ ਗੁਣਵੱਤਾ ਸੂਚਕਾਂਕ ਰੀਡਿੰਗਾਂ ਦੀ ਨਿਗਰਾਨੀ ਕਰਦੀ ਹੈ ਨੇ ਰਿਪੋਰਟ ਦਿੱਤੀ ਕਿ ਦੁਨੀਆ ਦੇ 20 ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ਵਿੱਚੋਂ 11 ਭਾਰਤ ਵਿੱਚ ਹੀ ਹਨ। ਅਸਾਮ ਅਤੇ ਮੇਘਾਲਿਆ ਰਾਜਾਂ ਦੀ ਸਰਹੱਦ ਤੇ ਇੱਕ ਉਦਯੋਗਿਕ ਸ਼ਹਿਰ ਬਾਇਰਨੀਹਾਟ 2024 ਤੱਕ ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਸੀ ਅਤੇ ਦਿੱਲੀ ਲਗਾਤਾਰ ਦੁਨੀਆ ਦੀ ਸਭ ਤੋਂ ਪ੍ਰਦੂਸ਼ਿਤ ਰਾਜਧਾਨੀ ਸ਼ਹਿਰ ਵਜੋਂ ਮੰਨੀ ਜਾਂਦੀ ਹੈ। ਹਵਾ ਪ੍ਰਦੂਸ਼ਣ ਭਾਰਤ ਵਿੱਚ ਜੀਵਨ ਦੀ ਸੰਭਾਵਨਾ ਨੂੰ ਔਸਤਨ ਪੰਜ ਸਾਲ ਘਟਾਉਂਦਾ ਹੈ ਜੋ ਕਿ ਜਨਤਕ ਸਿਹਤ ਤੇ ਹਵਾ ਪ੍ਰਦੂਸ਼ਣ ਦੇ ਵਿਆਪਕ ਪ੍ਰਭਾਵ ਨੂੰ ਦਰਸਾਉਂਦਾ ਹੈ। ਪ੍ਰਦੂਸ਼ਣ ਵਿੱਚ ਉਦਯੋਗਿਕ ਗਤੀਵਿਧੀਆਂ ਇੱਕ ਵੱਡਾ ਯੋਗਦਾਨ ਪਾਉਂਦੀਆਂ ਹਨ। ਅਨੁਮਾਨਾਂ ਅਨੁਸਾਰ ਉਦਯੋਗਿਕ ਪ੍ਰਦੂਸ਼ਣ ਦੇਸ਼ ਦੇ ਹਵਾ ਪ੍ਰਦੂਸ਼ਣ ਦਾ 51 ਪ੍ਰਤੀਸ਼ਤ ਹੈ। ਥਰਮਲ ਪਾਵਰ ਪਲਾਂਟਾਂ ਵਰਗੀਆਂ ਇਕਾਈਆਂ ਤੋਂ ਸਲਫਰ ਡਾਈਆਕਸਾਈਡ ਅਤੇ ਨਾਇਟਰੋਜਨ ਆਕਸਾਈਡ ਆਦਿ ਸਾਹ ਸੰਬੰਧੀ ਸਮੱਸਿਆਵਾਂ ਪੈਦਾ ਕਰ ਸਕਦੇ ਹਨ ਅਤੇ ਤੇਜ਼ਾਬੀ ਮੀਂਹ ਦਾ ਕਾਰਨ ਬਣ ਸਕਦੇ ਹਨ। 10 ਮਾਈਕ੍ਰੋਮੀਟਰ ਵਿਆਸ ਵਾਲੇ ਕਣ ਪਦਾਰਥ ਉੱਪਰਲੇ ਸਾਹ ਦੀ ਨਾਲੀ ਵਿੱਚ ਜਮ੍ਹਾਂ ਹੋਣ ਤੇ ਜਲਣ ਪੈਦਾ ਕਰ ਸਕਦੇ ਹਨ ਜਦਕਿ ਕਿ 2.5 ਮਾਈਕ੍ਰੋਮੀਟਰ ਜਾਂ ਇਸ ਤੋਂ ਛੋਟੇ ਵਿਆਸ ਵਾਲੇ ਪਦਾਰਥ ਡੂੰਘੇ ਜਮ੍ਹਾ ਹੋ ਸਕਦੇ ਹਨ, ਸੰਭਾਬੀ ਤੌਰ ਤੇ ਫੇਫੜਿਆਂ ਵਿੱਚ ਜਮ੍ਹਾ ਹੋ ਸਕਦੇ ਹਨ ਅਤੇ ਦਮਾ ਅਤੇ ਦਿਲ ਦੇ ਰੋਗਾਂ ਸੰਬੰਧੀ ਚਿੰਤਾਵਾਂ ਦਾ ਕਾਰਨ ਬਣ ਸਕਦੇ ਹਨ। ਭਾਰਤ ਦੇ 1.3 ਬਿਲੀਅਨ ਲੋਕ ਅਜਿਹੇ ਖੇਤਰਾਂ ਵਿੱਚ ਰਹਿੰਦੇ ਹਨ ਜਿੱਥੇ ਸਾਲਾਨਾ ਔਸਤ ਕਣ ਪ੍ਰਦੂਸ਼ਣ ਦਾ ਪੱਧਰ ਵਿਸ਼ਵ ਸਿਹਤ ਸੰਗਠਨ ਦੇ ਦਿਸ਼ਾ-ਨਿਰਦੇਸ਼ਾਂ ਤੋਂ ਵੱਧ ਹੈ। ਆਬਾਦੀ ਦਾ 67.4 ਪ੍ਰਤੀਸ਼ਤ ਅਜਿਹੇ ਖੇਤਰਾਂ ਵਿੱਚ ਰਹਿੰਦਾ ਹੈ ਜੋ ਦੇਸ਼ ਦੇ ਆਪਣੇ ਰਾਸ਼ਟਰੀ ਹਵਾ ਗੁਣਵੱਤਾ ਮਿਆਰ ਤੋਂ ਵੱਧ ਹਨ। ਜੀਵਨ ਸੰਭਾਵਨਾ ਦੇ ਸੰਦਰਭ ਵਿੱਚ ਮਾਪਿਆ ਗਿਆ ਕਣ ਪ੍ਰਦੂਸ਼ਣ ਭਾਰਤ ਵਿੱਚ ਮਨੁੱਖੀ ਸਿਹਤ ਲਈ ਸਭ ਤੋਂ ਵੱਡਾ ਖ਼ਤਰਾ ਹੈ, ਔਸਤਨ ਜੀਵਨ ਵਿੱਚ 5.3 ਸਾਲ ਦੀ ਕਮੀ ਹੈ। ਜੇਕਰ ਮੌਜੂਦਾ ਪ੍ਰਦੂਸ਼ਣ ਪੱਧਰ ਬਰਕਰਾਰ ਰਹਿੰਦਾ ਹੈ ਤਾਂ ਦੇਸ਼ ਦੇ ਸਭ ਤੋਂ ਵੱਧ ਪ੍ਰਦੂਸ਼ਿਤ ਖੇਤਰ ਉੱਤਰੀ ਮੈਦਾਨੀ ਖੇਤਰ ਵਿੱਚ ਭਾਰਤ ਦੀ ਲੱਗਭੱਗ 38.9 ਪ੍ਰਤੀਸ਼ਤ ਆਬਾਦੀ ਵਿਸ਼ਵ ਸਿਹਤ ਸੰਗਠਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਔਸਤਨ 8 ਸਾਲ ਅਤੇ ਰਾਸ਼ਟਰੀ ਮਿਆਰ ਦੇ ਅਨੁਸਾਰ 4.5 ਸਾਲ ਖਤਮ ਕਰਨ ਦੇ ਰਾਹ ਤੇ ਚੱਲ ਰਹੀ ਹੈ। ਸਾਲ 2019 ਵਿੱਚ ਭਾਰਤ ਨੇ ''ਪ੍ਰਦੂਸ਼ਣ ਵਿਰੁੱਧ ਜੰਗ'' ਦਾ ਐਲਾਨ ਕੀਤਾ ਅਤੇ ਪ੍ਰਦੂਸ਼ਣ ਨੂੰ ਘਟਾਉਣ ਦੀ ਆਪਣੀ ਇੱਛਾ ਨੂੰ ਦਰਸਾਉਂਦੇ ਹੋਏ ''ਰਾਸ਼ਟਰੀ ਸਵੱਛ ਹਵਾ ਪ੍ਰੋਗਰਾਮ'' ਦੀ ਸ਼ੁਰੂਆਤ ਕੀਤੀ ਹੈ ਜਿਸਦਾ ਉਦੇਸ਼ 2024 ਤੱਕ 2017 ਦੇ ਪੱਧਰ ਦੇ ਮੁਕਾਬਲੇ ਰਾਸ਼ਟਰੀ ਪੱਧਰ ਤੇ 20-30 ਪ੍ਰਤੀਸ਼ਤ ਤੱਕ ਹਵਾ ਪ੍ਰਦੂਸ਼ਣ ਨੂੰ ਘਟਾਉਣਾ ਸੀ ਅਤੇ 102 ਸ਼ਹਿਰਾਂ ਤੇ ਧਿਆਨ ਕੇਂਦਰਿਤ ਕੀਤਾ ਗਿਆ ਸੀ ਜੋ ਭਾਰਤ ਦੇ ਰਾਸ਼ਟਰੀ ਮਿਆਰ ਨੂੰ ਪੂਰਾ ਨਹੀਂ ਕਰ ਰਹੇ ਸਨ। ਸਰਕਾਰ ਦੇ ਨਵੇਂ ਟੀਚੇ ਦਾ ਉਦੇਸ਼ 2025-26 ਤੱਕ 131 ਗੈਰ-ਪ੍ਰਾਪਤੀ ਸ਼ਹਿਰਾਂ ਦੀ ਵਿਸਤ੍ਰਿਤ ਸੰਖਿਆ ਲਈ 2017 ਦੇ ਪੱਧਰ ਦੇ ਮੁਕਾਬਲੇ ਹਵਾ ਦੇ ਪ੍ਰਦੂਸ਼ਣ ਵਿੱਚ 40 ਪ੍ਰਤੀਸ਼ਤ ਦੀ ਕਮੀ ਕਰਨਾ ਹੈ। ਇਸ ਲਈ ਸਰਕਾਰ ਨੇ ਉਦਯੋਗਿਕ ਇਕਾਈਆਂ ਨੂੰ ਫਲੂ ਗੈਸ ਡੀਸਲਫਰਾਈਜ਼ੇਸ਼ਨ ਪ੍ਰਣਾਲੀਆਂ ਲਾਗੂ ਕਰਨ ਲਈ ਕਿਹਾ ਹੈ ਜੋ ਉਦਯੋਗਿਕ ਉਪ-ਉਤਪਾਦਾਂ ਨੂੰ ਘੱਟ ਨੁਕਸਾਨਦੇਹ ਪਦਾਰਥਾਂ ਵਿੱਚ ਬਦਲਣ ਲਈ ਚੂਨੇ ਜਾਂ ਚੂਨੇ ਦੇ ਪੱਥਰ ਨਾਲ ਰਸਾਇਣਕ ਪ੍ਰਤੀਕ੍ਰਿਆਵਾਂ ਦੀ ਵਰਤੋਂ ਕਰਦੇ ਹਨ। ਇਹ ਆਦੇਸ਼ ਲਗਭਗ 540 ਪਾਵਰ ਪਲਾਂਟ ਯੂਨਿਟਾਂ ਤੇ ਲਾਗੂ ਹੁੰਦਾ ਹੈ ਅਤੇ ਸਾਲ 2026 ਦੀ ਸਮਾਂ ਸੀਮਾ ਹੈ ਨੂੰ ਅਜੇ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਕੀਤਾ ਗਿਆ ਹੈ ਦਰਅਸਲ ਦਸੰਬਰ 2024 ਤੱਕ ਅਜਿਹੀਆਂ ਇਕਾਈਆਂ ਵਿੱਚੋਂ ਸਿਰਫ 8 ਪ੍ਰਤੀਸ਼ਤ ਹੀ ਇਸਦੀ ਪਾਲਣਾ ਕਰ ਰਹੀਆਂ ਸਨ। ਭਾਰਤੀ ਸ਼ਹਿਰ ਸਾਲਾਨਾ ਲਗਭਗ 62 ਮਿਲੀਅਨ ਟਨ ਮਿਉਂਸਪਲ ਠੋਸ ਰਹਿੰਦ-ਖੂੰਹਦ ਪੈਦਾ ਕਰਦੇ ਹਨ। ਇਸ ਰਹਿੰਦ-ਖੂੰਹਦ ਦਾ ਤਿੰਨ-ਚੌਥਾਈ ਤੋਂ ਵੀ ਘੱਟ ਇਕੱਠਾ ਕੀਤਾ ਜਾਂਦਾ ਹੈ ਅਤੇ ਸਿਰਫ 12 ਮਿਲੀਅਨ ਟਨ ਰਹਿੰਦ-ਖੂੰਹਦ ਨੂੰ ਹੀ ਪ੍ਰੋਸੈਸ ਕੀਤਾ ਜਾਂਦਾ ਹੈ ਜਦਕਿ ਲੱਗਭੱਗ 31 ਮਿਲੀਅਨ ਟਨ ਜਮੀਨ ਦੀ ਭਰਤੀ ਵਿੱਚ ਹੀ ਪਾਇਆ ਜਾਂਦਾ ਹੈ। ਸ਼ੋਰ ਪ੍ਰਦੂਸ਼ਣ ਅਸਿੱਧੇ ਤੌਰ ਤੇ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਦਿਲ ਦੀ ਧੜਕਣ ਪ੍ਰਭਾਵਿਤ ਕਰ ਸਕਦਾ ਹੈ। ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਦੀ ਰਿਪੋਰਟ ਨੇ ਦੁਨੀਆ ਭਰ ਦੇ 61 ਸ਼ਹਿਰਾਂ ਦੇ ਨਮੂਨੇ ਵਿੱਚ ਸ਼ੋਰ ਦੇ ਪੱਧਰਾਂ ਦਾ ਅਧਿਐਨ ਕੀਤਾ ਜਿਸ ਵਿੱਚ ਪੰਜ ਭਾਰਤੀ ਸ਼ਹਿਰ ਸ਼ਾਮਲ ਹਨ। ਦੇਸ਼ ਦੀਆਂ ਲੱਗਭੱਗ ਸਾਰੀਆਂ ਨਦੀਆਂ, ਦਰਿਆਵਾਂ ਅਤੇ ਪਾਣੀ ਦੇ ਹੋਰ ਕੁਦਰਤੀ ਸੋਮਿਆਂ ਵਿੱਚ ਕਿਸੇ ਨਾ ਕਿਸੇ ਤਰ੍ਹਾਂ ਫੈਕਟਰੀਆਂ ਤੇ ਸ਼ਹਿਰਾਂ ਦਾ ਜ਼ਹਿਰੀਲਾ ਤੇ ਗੰਦਾ ਪਾਣੀ ਸੁੱਟਿਆ ਜਾ ਰਿਹਾ ਹੈ ਜਿਸ ਕਾਰਨ ਇਹ ਪਾਣੀ ਦੇ ਸਰੋਤ ਖਤਰਨਾਕ ਸਾਬਤ ਹੋ ਰਹੇ ਹਨ। ਸਮੇਂ ਸਮੇਂ ਤੇ ਇਨ੍ਹਾਂ ਦਰਿਆਵਾਂ ਵਿੱਚ ਵੱਖ ਵੱਖ ਉਦਯੋਗਾਂ ਵਿੱਚ ਪੈ ਰਹੇ ਪ੍ਰਦੂਸ਼ਣ ਕਾਰਨ ਪਾਣੀ ਵਿੱਚ ਰਹਿਣ ਵਾਲੇ ਜੀਵ ਵੱਡੀ ਗਿਣਤੀ ਵਿੱਚ ਮਾਰੇ ਜਾਂਦੇ ਹਨ। ਪ੍ਰਦÇੂਸ਼ਤ ਪਾਣੀ ਕਾਰਨ ਲੋਕ ਕੈਂਸਰ ਤੇ ਕਾਲਾ ਪੀਲੀਆ ਵਰਗੀਆਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਖੇਤਾਂ ਵਿੱਚ ਰਸਾਇਣਕ ਖਾਦਾਂ ਅਤੇ ਕੀਟ ਨਾਸ਼ਕ ਦਵਾਈਆਂ ਦੀ ਧੜੱਲੇ ਨਾਲ ਵਰਤੋਂ ਕੀਤੀ ਜਾ ਰਹੀ ਹੈ ਅਤੇ ਇਹ ਜ਼ਹਿਰ ਧਰਤੀ ਹੇਠਲੇ ਪਾਣੀ ਤੱਕ ਵੀ ਪਹੁੰਚ ਗਈ ਹੈ। ਕੁੱਝ ਸਿਹਤ ਕੇਂਦਰਾਂ ਵਲੋਂ ਵੀ ਅਪਣਾ ਮੈਡੀਕਲ ਬਾਇਓਵੇਸਟ ਵੀ ਗੈਰ ਕਨੂੰਨੀ ਤਰੀਕੇ ਨਾਲ ਪਾਣੀ ਦੇ ਸਰੋਤਾਂ ਵਿੱਚ ਜਾਂ ਜਮੀਨ ਵਿੱਚ ਦਬਾਉਣ ਦੇ ਮਾਮਲੇ ਸਾਹਮਣੇ ਆਂਦੇ ਹਨ। ਖੇਤੀ ਰਹਿੰਦ ਖੂੰਹਦ ਜਲਾਉਣ ਅਤੇ ਉਦਯੋਗਾਂ ਵਲੋਂ ਹਵਾ ਵਿੱਚ ਛੱਡੇ ਜਾ ਰਹੇ ਜਹਰੀਲੇ ਧੂੰਏ ਅਤੇ ਗੈਸਾਂ ਕਾਰਨ ਕਈ ਵਾਰ ਸਾਹ ਲੈਣਾਂ ਵੀ ਮੁਸ਼ਕਿਲ ਹੋ ਜਾਂਦਾ ਹੈ। ਸਮਾਜਿਕ, ਧਾਰਮਿਕ, ਰਾਜਨੀਤਿਕ ਕਾਰਜਾਂ ਲਈ ਉੱਚੀ ਅਵਾਜ਼ ਵਿੱਚ ਵੱਜਦੇ ਸਪੀਕਰ ਅਵਾਜ਼ ਦੇ ਪ੍ਰਦੂਸ਼ਣ ਵਿੱਚ ਅਥਾਹ ਵਾਧਾ ਕਰ ਰਹੇ ਹਨ ਅਤੇ ਕਈ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਾਂ। ਰੁੱਖ ਜੋ ਸਾਡੇ ਜੀਵਨ ਅਤੇ ਵਾਤਾਵਰਣ ਦੇ ਸਭ ਤੋਂ ਅਹਿਮ ਕਾਰਕ ਹਨ ਉਹ ਲਗਾਤਾਰ ਘਟਦੇ ਜਾ ਰਹੇ ਹਨ ਜਿਸ ਕਾਰਨ ਧਰਤੀ ਦਾ ਪਰਿਵਰਤਨ ਚੱਕਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਗੱਡੀਆਂ ਦਾ ਧੂੰਆਂ, ਕਾਰਖਾਨਿਆਂ ਦੀ ਗੰਦਗੀ, ਨਾਲੀਆਂ ਦਾ ਗੰਦਾ ਪਾਣੀ ਇਹਨਾਂ ਸਭ ਨੇ ਸਾਡੇ ਜੀਵਨ ਦੀਆਂ ਜ਼ਰੂਰਤਾਂ ਹਵਾ, ਪਾਣੀ ਅਤੇ ਧਰਾਤਲ ਨੂੰ ਦੂਸ਼ਿਤ ਕਰਕੇ ਕਈ ਬਿਮਾਰੀਆਂ ਨੂੰ ਜਨਮ ਦਿੱਤਾ ਹੈ। ਉਦਯੋਗਿਕ ਕ੍ਰਾਂਤੀ ਤੋਂ ਬਾਦ ਵਾਯੂਮੰਡਲ ਵਿੱਚ ਕਾਰਬਨ ਡਾਈਆਕਸਾਈਡ ਦੀ ਮਾਤਰਾ ਵਿੱਚ 40 ਫੀਸਦੀ ਵਾਧਾ ਹੋਇਆ ਹੈ। ਲੋਕ ਵੱਡੀ ਮਾਤਰਾ ਵਿੱਚ ਕੁਦਰਤੀ ਸਾਧਨਾਂ ਦਾ ਦੁਰਉਪਯੋਗ ਕਰਦੇ ਹਨ। ਖੇਤੀ ਦੀ ਰਹਿੰਦ ਖੂਹੰਦ ਅੰਨੇਵਾਹ ਜਲਾਉਣ ਨਾਲ ਹੀ ਦੇਸ਼ ਦੇ ਕਈ ਭਾਗਾਂ ਵਿੱਚ ਕਈ ਦਿਨ ਅਸਮਾਨ ਵਿੱਚ ਧੂੰਏ ਦੇ ਕਾਲੇ ਬੱਦਲ ਹੀ ਨਜ਼ਰ ਆਂਦੇ ਹਨ। ਭਾਰਤ ਵਿੱਚ ਪ੍ਰਦੂਸ਼ਣ ਦਾ ਨਾਗਰਿਕਾਂ ਦੀ ਸਿਹਤ ਤੇ ਮਹੱਤਵਪੂਰਨ ਪ੍ਰਭਾਵ ਪਿਆ ਹੈ ਅਤੇ ਵਾਤਾਵਰਣ ਸੰਤੁਲਨ ਅਤੇ ਵਾਤਾਵਰਣ ਨੂੰ ਵਿਗਾੜਿਆ ਹੈ। ਭਾਰਤ ਸਰਕਾਰ ਨੇ ਪ੍ਰਦੂਸ਼ਣ ਨੂੰ ਘਟਾਉਣ ਲਈ ਕਈ ਵਿਧਾਨਕ ਉਪਾਅ ਅਤੇ ਪ੍ਰੋਗਰਾਮ ਪੇਸ਼ ਕੀਤੇ ਹਨ। ਭਾਰਤ ਵਿੱਚ ਵਾਤਾਵਰਣ ਸੁਰੱਖਿਆ ਅਧਿਨਿਯਮ ਸਭ ਤੋਂ ਪਹਿਲਾਂ 19 ਨਵੰਬਰ, 1986 ਨੂੰ ਲਾਗੂ ਹੋਇਆ ਸੀ ਜਿਸ ਵਿੱਚ ਵਾਤਾਵਰਣ ਦੀ ਗੁਣਵੱਤਾ ਦੇ ਮਾਣਕ ਨਿਰਧਾਰਤ ਕੀਤੇ ਗਏ ਸੀ ਪਰ ਸਿਰਫ ਕਾਨੂੰਨ ਬਣਾ ਦੇਣ ਨਾਲ ਹੀ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਨਹੀਂ ਬਚਾਇਆ ਜਾ ਸਕਦਾ ਹੈ। ਸਰਕਾਰ ਨੂੰ ਪ੍ਰਦੂਸ਼ਣ ਕਰਨ ਵਾਲੇ ਅਦਾਰਿਆਂ ਅਤੇ ਇਸ ਲਈ ਜਿੰਮੇਵਾਰ ਵਿਅਕਤੀਆਂ ਖਿਲਾਫ ਸੱਖਤ ਕਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਵਾਤਾਵਰਣ ਵਿੱਚ ਵਧਦੇ ਪ੍ਰਦੂਸ਼ਣ ਨੂੰ ਰੋਕਣ ਲਈ ਸਰਕਾਰ ਵਲੋਂ ਨੈਸ਼ਨਲ ਗਰੀਨ ਟ੍ਰਿਬਿਊਨਲ, ਕੇਂਦਰੀ ਪ੍ਰਦੂਸ਼ਣ ਨਿੰਯਤਰਣ ਬੋਰਡ ਅਤੇ ਰਾਜਾਂ ਵਿੱਚ ਰਾਜ ਪ੍ਰਦੂਸ਼ਣ ਨਿੰਯਤਰਣ ਬੋਰਡ ਬਣਾਏ ਗਏ ਹਨ। ਇਨ੍ਹਾਂ ਮਹੱਤਵਪੂਰਨ ਅਦਾਰਿਆਂ ਵਿੱਚ ਸਟਾਫ ਦੀ ਘਾਟ ਕਾਰਨ ਇਨ੍ਹਾਂ ਅਦਾਰਿਆਂ ਨੂੰ ਕੰਮ ਕਰਨ ਵਿੱਚ ਭਾਰੀ ਮੁਸਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੇਂਦਰੀ ਪ੍ਰਦੂਸ਼ਣ ਨਿੰਯਤਰਣ ਬੋਰਡ ਦੀ ਸਾਲਾਨਾ ਰਿਪੋਰਟ ਅਨੁਸਾਰ ਇਸ ਅਦਾਰੇ ਲਈ ਕੁੱਲ 603 ਪੋਸਟਾਂ ਮੰਨਜੂਰ ਹਨ ਜਿਨ੍ਹਾਂ ਵਿੱਚੋਂ ਸਿਰਫ 379 ਹੀ ਭਰੀਆਂ ਹੋਈਆਂ ਹਨ ਅਤੇ 24 ਪੋਸਟਾਂ ਖਤਮ ਕਰ ਦਿਤੀਆਂ ਗਈਆਂ ਹਨ ਜਦਕਿ 200 ਪੋਸਟਾਂ ਖਾਲੀ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਿੱਚ ਕੁੱਲ 650 ਅਸਾਮੀਆਂ ਮੰਨਜੂਰ ਹਨ ਜਿਹਨਾਂ ਵਿੱਚੋਂ ਸਿਰਫ 336 ਹੀ ਅਸਾਮੀਆਂ ਭਰੀਆਂ ਹੋਈਆਂ ਹਨ ਅਤੇ 314 ਅਸਾਮੀਆਂ ਖਾਲੀ ਹਨ ਇਨ੍ਹਾਂ ਅਦਾਰਿਆਂ ਵਿੱਚ ਅਸਾਮੀਆਂ ਖਾਲੀ ਹੋਣ ਤੇ ਪ੍ਰਦੂਸ਼ਣ ਨਿਯੰਤਰਣ ਲਈ ਸਹੀ ਕੰਮ ਕਿਸ ਤਰ੍ਹਾਂ ਕੀਤਾ ਜਾ ਸਕਦਾ ਹੈ ਇਹ ਸੋਚਣ ਵਾਲੀ ਗੱਲ ਹੈ। ਨੈਸ਼ਨਲ ਗਰੀਨ ਟ੍ਰਿਬਿਊਨਲ ਦੀ ਰਿਪੋਰਟ ਅਨੁਸਾਰ ਲੱਗਭੱਗ 49659 ਮਾਮਲਿਆਂ ਵਿੱਚੋਂ ਲੱਗਭੱਗ 45030 ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ 4629 ਕੇਸਾਂ ਤੇ ਕਾਰਵਾਈ ਚੱਲ ਰਹੀ ਹੈ। ਕੇਂਦਰੀ ਪ੍ਰਦੂਸ਼ਣ ਨਿੰਯਤਰਣ ਬੋਰਡ ਦੀ ਰਿਪੋਰਟ ਅਨੁਸਾਰ ਮਾਣਯੋਗ ਸੁਪਰੀਮ ਕੌਰਟ ਵਿੱਚ 131 ਕੇਸ, ਵੱਖ ਵੱਖ ਹਾਈ ਕੌਰਟਸ ਵਿੱਚ 269 ਅਤੇ ਨੈਸਨਲ ਗਰੀਨ ਟ੍ਰਿਬਿਊਨਲ ਵਿੱਚ 410 ਕੇਸਾਂ ਤੇ ਕਾਰਵਾਈ ਚੱਲ ਰਹੀ ਹੈ। ਪੰਜਾਬ ਪ੍ਰਦੂਸ਼ਣ ਨਿਯੰਤਰਣ ਬੌਰਡ ਦੀ ਸਾਲਾਨਾ ਰਿਪੋਰਟ ਅਨੁਸਾਰ ਵਾਤਾਵਰਣ ਪ੍ਰਦੂਸ਼ਣ ਸਬੰਧੀ 109 ਕੇਸ ਦਾਇਰ ਕੀਤੇ ਗਏ ਹਨ ਜਿਨਾਂ ਵਿੱਚੋਂ 2 ਦਾ ਫੈਸਲਾ ਹੋ ਚੁੱਕਾ ਹੈ ਅਤੇ 107 ਵੱਖ ਵੱਖ ਅਦਾਲਤਾਂ ਵਿੱਚ ਚੱਲ ਰਹੇ ਹਨ। ਸਾਨੂੰ ਸਭਨੂੰ ਸਰਕਾਰ ਅਤੇ ਪ੍ਰਦੂਸ਼ਣ ਨਿਯੰਤਰਣ ਲਈ ਸਥਾਪਿਤ ਅਦਾਰਿਆਂ ਅਤੇ ਸਮਾਜਿਕ ਸੰਗਠਨਾ ਨਾਲ ਮਿਲਕੇ ਅਪਣੇ ਵਾਤਾਵਰਣ ਨੂੰ ਪ੍ਰਦੂਸ਼ਣ ਤੋ ਬਚਾਉਣ ਲਈ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਅਸੀਂ ਅਪਣੀਆਂ ਆਣ ਵਾਲੀਆਂ ਪੀੜ੍ਹੀਆਂ ਨੂੰ ਸਾਫ ਅਤੇ ਪ੍ਰਦੂਸ਼ਣ ਮੁੱਕਤ ਵਾਤਾਵਰਣ ਦੇ ਸਕੀਏ ਅਤੇ ਵਿਸ਼ਵ ਵਾਤਾਵਰਣ ਦਿਵਸ ਦੀ ਮਹੱਤਤਾ ਕਾਇਮ ਰਹਿ ਸਕੇ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

# ਵਾਤਾਵਰਣ ਦਿਵਸ (05 ਜੂਨ ) ਤੇ ਵਿਸ਼ੇਸ਼

## - ਆਓ ਸੰਸਾਰ ਨੂੰ ਪਲਾਸਟਿਕ ਪ੍ਰਦੂਸ਼ਣ ਰਹਿਤ ਕਰੀਏ

ਪ੍ਰਿੰਸੀਪਲ ਦੀਪਕ ਕੁਮਾਰ ਕਾਂਸਲ 9814310600
ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘਰਾਚੋਂ
(ਸੰਗਰੂਰ)



ਮਨੁੱਖੀ ਗਲਤੀਆਂ ਦੇ ਕਾਰਨ ਧਰਤੀ ਤੇ ਵੱਧਦਾ ਪ੍ਰਦੂਸ਼ਣ ਬੇਹੱਦ ਗੰਭੀਰ ਰੂਪ ਧਾਰਨ ਕਰ ਚੁੱਕਿਆ ਹੈ, ਮੌਜੂਦਾ ਸਮੇਂ ਵੱਧਦਾ ਤਾਪਮਾਨ ਪੂਰੇ ਵਿਸ਼ਵ ਲਈ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਪਾਣੀ ਦੇ ਸੰਕਟ ਦਾ ਖਮਿਆਜ਼ਾ ਮਨੁੱਖੀ ਜੀਵਾਂ ਦੇ ਨਾਲ ਨਾਲ ਜੀਵ ਜੰਤੂ ਅਤੇ ਜੰਗਲ ਵੀ ਭੁਗਤ ਰਹੇ ਹਨ।ਅੱਜ ਤੋਂ 50 ਸਾਲ ਪਹਿਲਾਂ ਜਦੋਂ ਜਲ, ਜੰਗਲ ,ਜ਼ਮੀਨ ਅਤੇ ਹਵਾ ਵੱਧ ਪ੍ਰਦੂਸ਼ਿਤ ਹੋਣ ਲੱਗੀ ,ਤਾਂ ਸੰਯੁਕਤ ਰਾਸ਼ਟਰ ਨੇ ਵਿਸ਼ਵ ਵਿੱਚ ਵਾਤਾਵਰਨ ਪ੍ਰਦੂਸ਼ਣ ਦੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ 05 ਜੂਨ 1974 ਨੂੰ ਪਹਿਲੀ ਵਾਰ 'ਵਿਸ਼ਵ ਵਾਤਾਵਰਨ ਦਿਵਸ' ਵਜੋਂ ਮਨਾਉਣ ਦੀ ਸ਼ੁਰੂਆਤ ਕੀਤੀ ।ਵਿਸ਼ਵ ਦੇ 143 ਤੋਂ ਵੱਧ ਦੇਸ਼ਾਂ ਦੀਆਂ ਸਰਕਾਰਾਂ ,ਸਮਾਜ ਸੇਵੀ ਸੰਸਥਾਵਾਂ ਅਤੇ ਵਿੱਦਿਅਕ ਸੰਸਥਾਵਾਂ ਵੱਲੋਂ ਹਰ ਸਾਲ 05 ਜੂਨ ਨੂੰ ਵੱਖ ਵੱਖ ਪ੍ਰੋਗਰਾਮ ਅਤੇ ਸਮਾਗਮ ਕਰਕੇ ਸਮਾਜ ਨੂੰ ਵਾਤਾਵਰਨ ਸੰਭਾਲ ਪ੍ਰਤੀ ਜਾਗਰੂਕ ਕਰਨ ਦੇ ਉਪਰਾਲੇ ਕੀਤੇ ਜਾਂਦੇ ਹਨ। ਸੰਯੁਕਤ ਰਾਸ਼ਟਰ ਦੇ ਵਾਤਾਵਰਨ ਸੰਭਾਲ ਪ੍ਰੋਗਰਾਮ ਤਹਿਤ ਹਰ ਸਾਲ ਵਾਤਾਵਰਨ ਦਿਵਸ ਦਾ ਇੱਕ ਥੀਮ ਸਮੁੱਚੇ ਵਿਸ਼ਵ ਨੂੰ ਦਿੱਤਾ ਜਾਂਦਾ ਹੈ ਸਾਲ 2025 ਲਈ ਥੀਮ 'ਧਰਤੀ ਨੂੰ ਪਲਾਸਟਿਕ ਪ੍ਰਦੂਸ਼ਣ ਮੁਕਤ ਕਰਨਾ' ਰੱਖਿਆ ਗਿਆ ਹੈ।

ਜੂਨ 5 ਨੂੰ ਮਨਾਏ ਜਾਣ ਵਾਲੇ ਵਿਸ਼ਵ ਵਾਤਾਵਰਣ ਦਿਵਸ ਦੀ ਤਿਆਰੀ ਹੋ ਰਹੀ ਹੈ ਅਤੇ ਅਤੇ ਸਕੂਲੀ ਸਿੱਖਿਆ ਭਵਿੱਖ ਦੀ ਪੀੜ੍ਹੀ ਦੀ ਸੋਚ ਅਤੇ ਵਿਹਾਰ ਨੂੰ ਵਾਤਾਵਰਨ ਸੰਭਾਲ ਅਤੇ ਟਿਕਾਊ ਵਿਕਾਸ ਵੱਲ ਮੋੜਨ ਵਿੱਚ ਕੇਂਦਰੀ ਭੂਮਿਕਾ ਨਿਭਾਉਂਦੀ ਹੈ। ਸਕੂਲ ਗਿਆਨ ਅਤੇ ਮੂਲ ਸਿਧਾਂਤਾਂ ਦਾ ਕੇਂਦਰ ਹੁੰਦੇ ਹਨ, ਜਿੱਥੇ ਵਿਦਿਆਰਥੀ ਸਿਰਫ ਪਾਠਕ੍ਰਮ ਤੋਂ ਹੀ ਨਹੀਂ ਸਿੱਖਦੇ, ਸਗੋਂ ਉਹ ਵਾਤਾਵਰਨ ਦੀ ਰੱਖਿਆ ਵਿੱਚ ਆਪਣੀ ਭੂਮਿਕਾ ਨੂੰ ਸਮਝਣਾ ਵੀ ਸਿੱਖਦੇ ਹਨ।

ਜਦੋਂ ਵਾਤਾਵਰਣ ਸਬੰਧੀ ਸਿੱਖਿਆ ਨੂੰ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਂਦਾ ਹੈ ਤਾਂ ਸਕੂਲਾਂ ਨੂੰ ਇਹ ਮੌਕਾ ਮਿਲਦਾ ਹੈ ਕਿ ਉਹ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ। ਇਹ ਗਤੀਵਿਧੀਆਂ, ਪ੍ਰਾਜੈਕਟਾਂ 'ਤੇ ਆਧਾਰਿਤ ਉਪਰਾਲੇ—ਸਕੂਲ ਵਿਦਿਆਰਥੀਆਂ ਨੂੰ ਆਪਣੇ ਸਮਾਜ ਵਿੱਚ ਵਾਤਾਵਰਨ ਅੰਦਰ ਸਾਕਾਰਾਤਮਕ ਬਦਲਾਅ ਲਈ ਤਿਆਰ ਕਰਦੇ ਹਨ। ਜਦੋਂ ਸਕੂਲਾਂ ਵਿੱਚ ਵਾਤਾਵਰਨ ਚੇਤਨਾ ਦੀ ਸੰਸਕ੍ਰਿਤੀ ਨੂੰ ਉਤਸ਼ਾਹਤ ਕਰਦੇ ਹਾਂ, ਤਾਂ ਅਸੀਂ ਵਿਦਿਆਰਥੀਆਂ ਨੂੰ ਇੱਕ ਜ਼ਿੰਮੇਵਾਰ ਅਤੇ ਟਿਕਾਊ ਜੀਵਨ ਜੀਉਣ ਲਈ ਵੀ ਪ੍ਰੇਰਿਤ ਕਰਦੇ ਹਾਂ।

ਵਾਤਾਵਰਨ ਦਿਵਸ 2025 ਦਾ ਉਦੇਸ਼ ਵਧ ਰਹੇ ਪਲਾਸਟਿਕ ਕਚਰੇ ਦੇ ਸੰਕਟ ਨੂੰ ਰੋਕਣ ਲਈ ਇਕੱਠੇ ਹੋ ਕੇ ਕਾਰਵਾਈ ਕਰਨ ਦੀ ਲੋੜ ਉਤੇ ਜ਼ੋਰ ਦਿੰਦਾ ਹੈ। ਇਸ ਉਦੇਸ਼ ਅਧੀਨ, ਸਕੂਲਾਂ ਨੂੰ ਪਲਾਸਟਿਕ ਰਹਿਤ ਸਮਾਨ ਦੀ ਵਰਤੋਂ ਨੂੰ ਉਤਸ਼ਾਹਤ ਕਰਨ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਇਸਦੇ ਨੁਕਸਾਨਾਂ ਬਾਰੇ ਲੋਕਾਂ ਨੂੰ ਜਾਣੂ ਕਰਨ ਵਾਲੀਆਂ ਗਤੀਵਿਧੀਆਂ ਕਰਵਾਉਣ ਲਈ ਉਤਸ਼ਾਹਤ ਕੀਤਾ ਜਾਂਦਾ ਹੈ। ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਸਿਖਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਭਵਿੱਖ ਦੀਆਂ ਪੀੜ੍ਹੀਆਂ ਲਈ ਇਕ ਸਾਫ਼-ਸੁਥਰਾ ਅਤੇ ਟਿਕਾਊ ਭਵਿੱਖ ਨਿਸ਼ਚਿਤ ਕੀਤਾ ਜਾ ਸਕੇ।

ਇਸ ਲਈ ਸਕੂਲਾਂ ਵਿੱਚ ਕੁਝ ਗਤੀਵਿਧੀਆਂ ਕਰਵਾਈਆਂ ਜਾਣੀਆਂ ਜਰੂਰੀ ਹਨ।

ਸਕੂਲਾਂ ਦੀ ਵਾਤਾਵਰਨ ਸੰਭਾਲ ਅਤੇ ਟਿਕਾਊ ਵਿਕਾਸ ਵਿੱਚ ਅਹਿਮ ਭੂਮਿਕਾ ਨੂੰ ਮੰਨਦੇ ਹੋਏ, ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਸਕੂਲ ਸਿੱਖਿਆ ਪੰਜਾਬ ਅਨੰਦਿਤਾ ਮਿੱਤਰਾ ਜੀ ਦੁਆਰਾ ਵਿਸ਼ਵ ਵਾਤਾਵਰਣ ਦਿਵਸ 2025 ਨੂੰ ਮਨਾਉਣ ਲਈ ਹੇਠ ਲਿਖੀਆਂ ਗਤੀਵਿਧੀਆਂ ਪ੍ਰਸਤਾਵਿਤ ਕੀਤੀਆਂ ਗਈਆਂ ਹਨ। ਕਿਉਂਕਿ ਪੰਜਾਬ ਦੇ ਸਰਕਾਰੀ ਸਕੂਲ 02.06.25 ਤੋਂ ਗਰਮੀਆਂ ਦੀਆਂ ਛੁੱਟੀਆਂ 'ਤੇ ਬੰਦ ਹੋ ਰਹੇ ਹਨ, ਇਹ ਸਭ ਗਤੀਵਿਧੀਆਂ 31.05.25 ਨੂੰ ਰਾਸ਼ਟਰੀ ਪੱਧਰ ਤੇ ਹੋਣ ਵਾਲੀ ਮੇਗਾ ਪੀਟੀਐੱਮ (ਮਾਪੇ-ਅਧਿਆਪਕ ਮਿਲਣੀ) ਮੀਟਿੰਗ ਦੌਰਾਨ 19,000 ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਕਰਵਾਈਆਂ ਜਾਣਗੀਆਂ। ਨਿੱਜੀ ਸਕੂਲਾਂ ਨੂੰ ਵੀ ਇਸ ਸਮੂਹਕ ਉਪਰਾਲੇ ਵਿੱਚ ਭਾਗੀਦਾਰੀ ਦੀ ਅਪੀਲ ਕੀਤੀ ਜਾਂਦੀ ਹੈ।

### 1. ਰੁੱਖ ਲਗਾਓ ਮੁਹਿੰਮ:

31.05.2025 ਨੂੰ ਸਾਰੇ ਸਕੂਲਾਂ ਵਿੱਚ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਜਾਵੇ। ਇਨ੍ਹਾਂ ਰੁੱਖਾਂ ਨੂੰ ਲੋੜ ਅਨੁਸਾਰ ਟ੍ਰੀ ਗਾਰਡ ਲਗਾ ਕੇ ਬਚਾਇਆ ਜਾਵੇ ਅਤੇ ਰੁੱਖ ਦੀ ਵਿਸ਼ੇਸ਼ਤਾ ਜਾਂ ਮੈਡੀਸੀਨਲ ਗੁਣਾਂ ਦੀ ਜਾਣਕਾਰੀ ਵਾਲੀ ਤਖ਼ਤੀ ਵੀ ਲਾਈ ਜਾਵੇ। ਵਿਦਿਆਰਥੀਆਂ ਨੂੰ ਆਪਣੇ ਲਗਾਏ ਰੁੱਖ ਦੀ ਦੇਖਭਾਲ ਦੀ ਜ਼ਿੰਮੇਵਾਰੀ ਦਿੱਤੀ ਜਾਵੇ। ਇਹ ਉਪਰਾਲਾ ਉਨ੍ਹਾਂ ਵਿੱਚ ਜ਼ਿੰਮੇਵਾਰੀ, ਧੀਰਜ ਅਤੇ ਕੁਦਰਤ ਨਾਲ ਨਾਤਾ ਜੋੜਨ ਦੀ ਪ੍ਰੇਰਨਾ ਦੇਵੇਗਾ। ਜਿਵੇਂ ਰੁੱਖ ਵਧੇਗਾ, ਇਹ ਉਨ੍ਹਾਂ ਦੀ ਆਪਣੀ ਧਰਤੀ ਪ੍ਰਤੀ ਪਿਆਰ ਵੀ ਵਧੇਗਾ।

### 2. ਕੱਪੜੇ ਦੇ ਥੈਲੇ ਬਣਾਉਣ ਦੀ ਵਿਧੀ ਦੀ ਜਾਣਕਾਰੀ ਦੇਣਾ:

ਜਿਹੜੇ ਵਿਦਿਆਰਥੀ ਵੋਕੇਸ਼ਨਲ ਸਿਖਲਾਈ ਕੋਰਸਾਂ ਵਿੱਚ ਭਰਤੀ ਹਨ, ਉਨ੍ਹਾਂ ਨੂੰ ਕੱਪੜੇ ਦੇ ਥੈਲੇ ਬਣਾਉਣ ਦੀ ਸਿਖਲਾਈ ਦਿੱਤੀ ਜਾਵੇ। ਮੇਗਾ ਪੀਟੀਐਮ ਦੌਰਾਨ ਇਸਦੀ ਡੈਮੋਨਸਟਰੇਸ਼ਨ ਵੀ ਕੀਤੀ ਜਾਵੇ। ਇਹ ਉਪਰਾਲਾ ਵਿਦਿਆਰਥੀਆਂ ਨੂੰ ਨੌਕਰੀਯੋਗ ਹੁਨਰ ਦੇਣ ਵੱਲ ਮੋੜੇਗਾ ਅਤੇ ਨਾਲ ਹੀ ਵਾਤਾਵਰਨ ਸੁਰੱਖਿਆ ਵੱਲ ਵੀ ਧਿਆਨ ਦਿਵਾਉਣ ਵਿੱਚ ਸਫਲ ਹੋਵੇਗਾ।

### 3. ਕੱਪੜੇ ਦੇ ਥੈਲੇ ਵੰਡਣ ਦੀ ਮੁਹਿੰਮ:

31 ਮਈ ਨੂੰ ਹੋਣ ਵਾਲੀ ਮੇਗਾ ਪੇਰੈਂਟ-ਟੀਚਰ ਮੀਟਿੰਗ ਦੌਰਾਨ ਕੱਪੜੇ ਦੇ ਥੈਲੇ ਵੰਡਣ ਦੀ ਮੁਹਿੰਮ ਚਲਾਈ ਜਾਵੇ। ਇਸ ਨਾਲ ਪਲਾਸਟਿਕ ਤੋਂ ਇਲਾਵਾ ਹੋਰ ਵਿਕਲਪਾਂ ਦੀ ਵਰਤੋਂ ਉੱਤੇ ਜ਼ੋਰ ਦਿੱਤਾ ਜਾਵੇਗਾ। ਸਿੰਗਲ ਯੂਜ਼ ਪਲਾਸਟਿਕ ਦੇ ਨੁਕਸਾਨਾਂ ਸੰਬੰਧੀ ਤਿਆਰ ਕੀਤੀ ਗਏ ਪੋਸਟਰ ਵੀ ਵਰਤੇ ਜਾਣ।

### 4. ਸਕੂਲ ਨਿਊਟ੍ਰਿਸ਼ਨ ਗਾਰਡਨ ਬਣਾਉਣਾ:

ਜਿਹਨਾਂ ਸਕੂਲਾਂ ਵਿੱਚ ਅਜੇ ਤੱਕ ਪੋਸ਼ਣ ਗਾਰਡਨ ਨਹੀਂ ਬਣਾਇਆ ਗਿਆ, ਉਥੇ ਇਹ ਮੌਕਾ ਵਰਤ ਕੇ ਇੱਕ ਸਕੂਲ ਨਿਊਟ੍ਰਿਸ਼ਨ ਗਾਰਡਨ ਬਣਾਇਆ ਜਾਵੇ। ਇਸ ਨਾਲ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਜੁੜਾਅ, ਸਿਹਤਮੰਦ ਖੁਰਾਕ ਪ੍ਰਤੀ ਜਾਗਰੂਕਤਾ ਵਿਕਸਤ ਕਰਨ ਵਿੱਚ ਮਦਦ ਮਿਲੇਗੀ।

### 5. ਹੋਰ ਪੂਰਵ-ਨਿਰਧਾਰਤ ਗਤੀਵਿਧੀਆਂ ਨੂੰ ਲਾਗੂ ਕਰਨਾ:

ਜਿਹੜੀਆਂ ਗਤੀਵਿਧੀਆਂ ਪਹਿਲਾਂ ਤੋਂ ਦੱਸੀ ਗਈਆਂ ਹਨ, ਉਹਨਾਂ ਨੂੰ ਲਾਗੂ ਕੀਤਾ ਜਾਵੇ ਅਤੇ ਦਸਤਾਵੇਜ਼ ਰੂਪ ਵਿੱਚ ਵੀ ਤਿਆਰ ਕਿਤਾ ਜਾਵੇ। ਇਹਨਾਂ ਗਤੀਵਿਧੀਆਂ ਨੂੰ ਤਸਵੀਰਾਂਅਤੇ ਵੀਡੀਓ ਦੇ ਰੂਪ ਵਿੱਚ ਸਕੂਲ ਦੇ ਸ਼ੋਸ਼ਲ ਮੀਡੀਆ ਪਲੇਟਫਾਰਮਾਂ ਤੇ ਅਪਲੋਡ ਕੀਤਾ ਜਾਵੇ।

ਆਓ, ਸਾਰੇ ਮਿਲ ਕੇ ਵਾਤਾਵਰਨ ਸੰਭਾਲ ਵੱਲ ਇਕ ਕਦਮ ਵਧਾਈਏ, ਪਲਾਸਟਿਕ ਪ੍ਰਦੂਸ਼ਣ ਘਟਾਈਏ।

ਇੱਕ ਚੀਨੀ ਦਾਰਸ਼ਨਿਕ ਕਨਫਿਊਸ਼ਿਅਸ ਨੇ ਕਿਹਾ ਸੀ, "ਜੇਕਰ ਤੁਹਾਡੀ ਯੋਜਨਾ ਇੱਕ ਸਾਲ ਲਈ ਹੈ, ਤਾਂ ਚੌਲ ਲਗਾਓ; ਜੇ ਤੁਹਾਡੀ ਯੋਜਨਾ ਦਸ ਸਾਲਾਂ ਲਈ ਹੈ, ਤਾਂ ਰੁੱਖ ਲਗਾਓ; ਜੇ ਤੁਹਾਡੀ ਯੋਜਨਾ ਸੌ ਸਾਲਾਂ ਲਈ ਹੈ, ਤਾਂ ਬੱਚਿਆਂ ਨੂੰ ਸਿੱਖਿਆ ਦਿਓ।"ਸਮੇਂ ਦੀ ਜ਼ਰੂਰਤ ਅਨੁਸਾਰ ਸਿੱਖਿਆ ਦੇ ਪਾਠਕ੍ਰਮ ਵਿੱਚ ਵਾਤਾਵਰਨ ਨੂੰ ਵਿਸ਼ੇਸ਼ ਸਥਾਨ ਦਿੱਤਾ ਜਾਵੇ।

# 6 ਜੂਨ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਏਕਤਾ ਅਤੇ ਸ਼ਾਂਤੀ ਦਾ ਸੁਨੇਹਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ 6 ਜੂਨ ਨੂੰ ਸ਼ਹੀਦੀ ਦਿਹਾੜੇ ਦੇ ਤੌਰ 'ਤੇ ਮਨਾਉਣ ਦੀ ਰੀਤ ਲੰਮੇ ਸਮੇਂ ਤੋਂ ਨਿਭਾਈ ਜਾਂਦੀ ਆ ਰਹੀ ਹੈ। ਇਹ ਦਿਨ ਸਿਰਫ ਯਾਦਗਾਰੀ ਨਹੀਂ, ਸਗੋਂ ਕੌਮ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਨ, ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਬਚਨਾਂ ਨੂੰ ਸੱਚ ਕਰਣ ਅਤੇ ਸਰਕਾਰ ਵੱਲੋਂ ਕੀਤੇ ਗਏ ਘੱਲੂਘਾਰੇ ਨੂੰ ਬੇਨਕਾਬ ਕਰਨ ਲਈ ਮਨਾਇਆ ਜਾਂਦਾ ਹੈ।

ਜਿਸ ਬਾਰੇ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ ਅਤੇ ਉਪਕਾਰ ਸਿੰਘ ਸੰਧੂ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਜਦੋਂ 1996-97 ਵਿੱਚ ਬਾਦਲ ਸਰਕਾਰ ਹੋਂਦ ਚ ਆਈ ਸੀ ਅਤੇ ਬਾਅਦ ਵਿੱਚ ਉਨ੍ਹਾਂ ਭਾਜਪਾ ਨਾਲ ਗਠਜੋੜ ਕੀਤਾ ਸੀ ਉਸ ਸਮੇਂ ਕੇਂਦਰਵਾਦੀ ਸੋਚ ਸ੍ਰੀ ਅਕਾਲ



ਤਖਤ ਸਾਹਿਬ 'ਤੇ 6 ਜੂਨ ਨੂੰ ਸ਼ਹੀਦੀ ਦਿਹਾੜੇ ਮਨਾਉਣ ਤੋਂ ਇਨਕਾਰ ਕਰਦੀ ਸੀ । ਇਨ੍ਹਾਂ ਹਾਲਾਤਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਧੱਕੇ, ਤਸ਼ੱਦਦ ਅਤੇ ਰੁਕਾਵਟਾਂ ਸਹਿਣ ਕਰਦਿਆ 6 ਜੂਨ ਦਾ ਦਿਹਾੜਾ ਮਨਾਉਣ ਦੀ ਪ੍ਰਕਿਰਿਆ ਜਾਰੀ ਰੱਖੀ।

ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਬੜੇ ਯਤਨਾਂ ਨਾਲ ਅਰਦਾਸ ਦੀ ਪ੍ਰਥਾ ਸ਼ੁਰੂ ਕਰਨੀ ਪਈ, ਜਿਸ ਰਾਹੀਂ ਘੱਲੂਘਾਰੇ ਦੀ ਭਾਵਨਾ, ਸਰਕਾਰੀ ਤਸ਼ੱਦਦ ਅਤੇ ਸੰਤ ਭਿੰਡਰਾਂਵਾਲੇ ਦੇ ਬਚਨ 'ਜੇ ਹਿੰਦ ਫੌਜ ਅਕਾਲ ਤਖਤ ਉੱਤੇ ਹਮਲਾ ਕਰੇਗੀ ਤਾਂ ਫਿਰ ਖਾਲਿਸਤਾਨ ਦੀ ਨੀਹ ਰੱਖੀ ਜਾਵੇਗੀ ਨੂੰ ਜਨਤਕ ਕਰਕੇ ਉਸ ਸੋਚ ਤੇ ਪਹਿਰਾ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਾਦਲ ਪੱਖੀ ਜਥੇਦਾਰ ਕੇਲਿਆਵਾਲੀ ਦੇ ਕਾਰਜਕਾਲ ਦੌਰਾਨ ਜਥਿਆਂ ਰਾਹੀ ਤੇ ਬਨਾਵਟੀ ਨਿਹੰਗ ਜਥਿਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਵਿਰੋਧ ਕਰਵਾਇਆ ਗਿਆ ਸੀ । 6 ਜੂਨ ਨੂੰ ਸ਼ਹੀਦੀ ਦਿਹਾੜੇ ਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂਆਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ। ਪਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਕਦੇ ਵੀ ਉਨ੍ਹਾਂ ਦੇ ਵਿੱਚ ਵਿਘਨ ਨਹੀਂ ਪਾਇਆ, ਨਾ ਹੀ ਸ੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਦੀ ਉਲੰਘਣਾ ਕੀਤੀ।

ਉਹਨਾਂ ਨੇ ਕਿਹਾ ਕਿ ਵੇਦਾਂਤੀ ਦੇ ਸਮੇਂ ਕੱਥੂ ਨੰਗਲ ਵਿਖੇ ਬਾਦਲਕਿਆ ਵੱਲੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਉੱਤੇ ਹੁੱਲੜਬਾਜ਼ੀ ਕੀਤੀ ਗਈ ਸੀ ਤੇ ਵੇਦਾਂਤੀ ਸਾਹਿਬ ਵੱਲੋਂ ਕਿਹਾ ਗਿਆ ਸੀ ਕਿ "ਲਾਤੋਂ ਕੇ ਭੂਤ ਬਾਤੋਂ ਸੇ ਨਹੀਂ ਮਾਨਤੇ'। ਬਹੁਤ ਸਾਰਾ ਅੱਤਿਆਚਾਰ ਅਕਾਲੀ ਦਲ ਬਾਦਲ ਵੱਲੋਂ ਕੀਤਾ ਗਿਆ ਸੀ ਪਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਕਦੇ ਵੀ ਵੇਦਾਂਤੀ ਸਾਹਿਬ ਦੇ ਕਾਰਜਕਾਲ ਦੌਰਾਨ ਕੋਈ ਵਿਘਨ ਨਹੀਂ ਪਾਇਆ ਗਿਆ।

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਦਿੱਤਾ ਗਏ ਬਿਆਨ ਬਾਰੇ ਉਨ੍ਹਾਂ ਕਿਹਾ ਕਿ ਇਹ ਬਿਆਨ ਸਪੱਸ਼ਟ ਕਰਦਾ ਹੈ ਕਿ ਸਾਡੀ ਪਾਰਟੀ 6 ਜੂਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਵਿਖੇ ਵਿਘਨ ਪੈਣ ਦੇ ਹੱਕ ਚ ਨਹੀਂ ਹਾਂ। ਉਨ੍ਹਾਂ ਨੇ ਕਿਹਾ ਕਿ, "ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਦੇ ਸਮੇਂ ਵਿੱਚ ਜਥੇਦਾਰ ਕਿਰਪਾਲ ਸਿੰਘ ਦੀ ਜਥੇਦਾਰੀ ਹੁੰਦੀ ਸੀ। ਹਾਲਾਂਕਿ ਸੰਤ ਜੀ ਜਥੇਦਾਰ ਕਿਰਪਾਲ ਤੋਂ ਸੰਤੁਸ਼ਟ ਨਹੀਂ ਸਨ, ਪਰ ਕਦੇ ਵੀ ਉਨ੍ਹਾਂ ਦੇ ਕੰਮ ਵਿੱਚ ਦਖਲ ਨਹੀਂ ਦਿੱਤਾ ਗਿਆ। ਸੰਤ ਜੀ ਹਮੇਸ਼ਾ ਹੀ ਜਥੇਦਾਰ ਕਿਰਪਾਲ ਸਿੰਘ ਦਾ ਸਤਿਕਾਰ ਕਰਦੇ ਰਹੇ। ਉਨ੍ਹਾਂ ਕਿਹਾ ਕਿ ਹੁਣ ਵੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਸਪੱਸ਼ਟ ਕੀਤਾ ਜਾਂਦਾ ਹੈ ਕਿ ਸੰਤਾਂ ਦੇ ਬਚਨਾਂ, ਖਾਲਿਸਤਾਨ ਦਾ ਨੀਹ ਪੱਥਰ ਅਤੇ ਘੱਲੂਘਾਰਿਆਂ ਦੀ ਯਾਦ ਨੂੰ ਜੀਵਤ ਰੱਖਣਾ ਸਾਡੀ ਜ਼ਿੰਮੇਵਾਰੀ ਹੈ। ਇਸ ਲਈ 6 ਜੂਨ ਨੂੰ ਮਨਾਉਣਾ ਸਾਡੀ ਕੌਮ ਦੀ ਵੱਡੀ ਜ਼ਰੂਰਤ ਅਤੇ ਇਤਿਹਾਸਕ ਜ਼ਿੰਮੇਵਾਰੀ ਹੈ। ਜਿਹੜੇ ਲੋਕ ਅੱਜ ਅਕਾਲ ਤਖ਼ਤ ਸਾਹਿਬ ਨੂੰ ਯੁੱਧ ਦਾ ਅਖਾੜਾ ਬਣਾ ਕੇ ਦੁਨੀਆਂ ਸਾਹਮਣੇ ਸਿੱਖਾਂ ਦੀ ਉਚ ਅਦਾਲਤ ਦਾ ਸਤਿਕਾਰ ਘਟਾਉਣਾ ਚਾਹੁੰਦੇ ਹਨ ਉਹਨਾਂ ਨੇ ਕਦੀ ਇਹ ਅਵਾਜ਼ ਉਠਾਉਣ ਦਾ ਉਪਰਾਲਾ ਕਿਓ ਨਹੀ ਕੀਤਾ ਕਿ1984 ਦੇ ਘੱਲੂਘਾਰੇ ਦਾ ਸੁਨੇਹਾ ਸਾਰੀ ਦੁਨੀਆਂ ਵਿੱਚ ਪਹੁੰਚਾਉਣ ਲਈ ਇਸ ਦਿਨ ਨੂੰ ਮੰਜੀ ਸਾਹਿਬ ਦੀਵਾਨ ਹਾਲ ਵਿੱਚ ਅੰਤਰਰਾਸ਼ਟਰੀ ਪੱਧਰ ਤੇ ਮਨਾ ਕੇ ਹਕੂਮਤ ਵੱਲੋਂ ਕੀਤੇ ਗਏ ਅਤਿਆਚਾਰ ਨੂੰ ਸੰਸਾਰ ਪੱਧਰ ਤੇ ਨਸ਼ਰ ਕੀਤਾ ਜਾਵੇ।

# ਡਿਪਟੀ ਕਮਿਸ਼ਨਰ ਨੇ ਰੋਟਰੀ ਕਲੱਬ ਫਗਵਾੜਾ ਜੈੱਮਸ ਵੱਲੋਂ ਦਾਨ ਕੀਤੀ ਮੋਰਚਰੀ ਵੈਨ ਕੀਤੀ ਲੋਕ ਅਰਪਿਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

ਫਗਵਾੜਾ 4 ਜੂਨ (ਸ਼ਿਵ ਕੌੜਾ)ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਅੱਜ ਰੋਟਰੀ ਕਲੱਬ ਫਗਵਾੜਾ ਜੈੱਮਸ ਵਲੋਂ ਦਾਨ ਕੀਤੀ ਮੋਰਚਰੀ ਵੈਨ ਨੂੰ ਲੋਕ ਅਰਪਿਤ ਕੀਤਾ । ਇਹ ਵੈਨ ਪੂਰੀ ਤਰ੍ਹਾਂ ਏ ਸੀ ਹੈ ਜਿਸ ਉੱਪਰ ਕਲੱਬ ਵੱਲੋਂ ਲਗਭਗ 16 ਲੱਖ ਰੁਪਏ ਖਰਚ ਕੀਤੇ ਗਏ ਹਨ ਇਸ ਸਬੰਧੀ ਸਮਾਗਮ ਗੁਰੂ ਹਰਗੋਬਿੰਦ ਨਗਰ ਸਥਿਤ ਬਲੱਡ ਬੈਂਕ ਵਿਖੇ ਹੋਇਆ ਜਿਸ ਵਿਚ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਉਨ੍ਹਾਂ ਨੇ ਨਾਰੀਅਲ ਭੰਨਕੇ ਅਤੇ






ਹਰੀ ਝੰਡੀ ਦਿਖਾ ਕੇ ਰਸਮੀ ਤੌਰ ਤੇ ਮੋਰਚਰੀ ਵੈਨ ਨੂੰ ਲੋਕਅਰਪਿਤ ਕੀਤਾ। ਉਹਨਾਂ ਨੇ ਸੰਬੋਧਨ ਕਰਦਿਆਂ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਵਲੋਂ ਕਲੱਬ ਦੀ ਜਰੂਰਤ ਅਨੁਸਾਰ ਬਣਦਾ ਸਹਿਯੋਗ ਦਿੱਤਾ ਜਾਵੇਗਾ ਕਲੱਬ ਦੇ ਪ੍ਰਧਾਨ ਰੋਟੇਰੀਅਨ ਪਵਨ ਕੁਮਾਰ ਕਾਲੜਾ ਅਤੇ ਪ੍ਰੋਜੈਕਟ ਡਾਇਰੈਕਟਰ ਰੋਟੇਰੀਅਨ ਤਰਨਜੀਤ ਸਿੰਘ ਵਾਲੀਆ ਨੇ ਦੱਸਿਆ ਕਿ ਅੱਜ 16 ਲੱਖ ਰੁਪਏ ਦੀ ਲਾਗਤ ਨਾਲ ਬਣੀ ਏਅਰ-ਕੰਡੀਸ਼ਨਡ ਸ਼ਵ ਵਾਹਨ ਦਾ ਲੋਕਅਰਪਣ ਕਰਕੇ ਸਮਾਜ ਸੇਵਾ ਦੇ ਖੇਤਰ 'ਚ ਕਲੱਬ ਵਲੋਂ ਇੱਕ ਹੋਰ ਮੀਲ ਪੱਥਰ ਸਥਾਪਤ ਕੀਤਾ ਹੈ ਕਲੱਬ ਦੇ ਪ੍ਰਧਾਨ ਰੋਟੇਰੀਅਨ ਪਵਨ ਕੁਮਾਰ ਕਾਲੜਾ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਵ ਵਾਹਨ ਦੀ ਸੇਵਾ ਦਾ ਲਾਭ ਲੈਣ ਲਈ ਮੋਬਾਈਲ ਨੰਬਰ 9988111154 ਅਤੇ 9988111159 'ਤੇ ਸੰਪਰਕ ਕੀਤਾ ਜਾ ਸਕਦਾ ਹੈ ਪ੍ਰੋਜੈਕਟ ਡਾਇਰੈਕਟਰ ਤਰਨਜੀਤ ਵਾਲੀਆ ਅਤੇ ਸਾਬਕਾ ਰੋਟਰੀ ਗਵਰਨਰ ਐਸਪੀ ਸੇਠੀ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ ਇਸ ਮੌਕੇ ਨਗਰ ਨਿਗਮ ਕਮਿਸ਼ਨਰ ਡਾ ਅਕਸ਼ਿਤਾ ਗੁਪਤਾ ,ਆਈਪੀ ਖੁਰਾਣਾ ,ਰਾਕੇਸ਼ ਸੂਦ ਤੇ ਹੋਰ ਪਤਵੰਤੇ ਹਾਜ਼ਰ ਸਨ

# ਪਿੰਡ ਗਹਿਲਾਂ ਅਤੇ ਘੁਮੰਡ ਸਿੰਘ ਵਾਲਾ ਦੇ 1052 ਏਕੜ ਰਕਬੇ ਨੂੰ ਸਿੰਜਾਈ ਲਈ ਲਗਭਗ 01.83 ਕਰੋੜ ਦੀ ਲਾਗਤ ਨਾਲ ਪੈਣ ਵਾਲੀ ਪਾਈਪਲਾਈਨ ਨਾਲ ਮਿਲੇਗਾ ਨਹਿਰੀ ਪਾਣੀ

## ਪਾਈਪਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਕਰਵਾਈ, ਪਹਿਲੀ ਵਾਰ ਆਪਣੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਦਾ ਵੇਖ ਕਿਸਾਨਾਂ ਨੇ ਕੀਤਾ ਸਰਕਾਰ ਦਾ ਧੰਨਵਾਦ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 04 ਜੂਨ, 2025: ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ 'ਆਪ' ਸਰਕਾਰ ਵੱਲੋਂ ਪੰਜਾਬ ਦੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਲਗਾਤਾਰ ਕਾਰਜ ਜਾਰੀ ਹਨ। ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਦੇ ਪਿੰਡ ਗਹਿਲਾ ਅਤੇ ਘੁਮੰਡ ਸਿੰਘ ਵਾਲਾ ਦੇ 1052 ਏਕੜ ਰਕਬੇ ਦੀ ਸਿੰਜਾਈ ਲਈ ਲਗਭਗ 01.83 ਕਰੋੜ ਦੀ ਲਾਗਤ ਨਾਲ ਪਾਈਪਲਾਈਨ ਪਾਉਣ ਦੇ ਕੰਮ ਸ਼ੁਰੂਆਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਕਰਵਾਈ। ਇਸ ਮੌਕੇ ਪਹਿਲੀ ਵਾਰ ਆਪਣੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਦਾ ਵੇਖ ਕਿਸਾਨਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਵੱਡੀ ਖੁਸ਼ੀ ਜ਼ਾਹਿਰ ਕੀਤੀ।



ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਸੰਗਰੂਰ ਵਿੱਚ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਸਾਰੇ ਕੰਮ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ ਤੇ ਵਿਕਾਸ ਕਾਰਜਾਂ ਦੀ ਗੁਣਵੰਤਾ ਬਾਬਤ ਕਿਸੇ ਕਿਸਮ ਦਾ ਸਮਝੌਤਾ ਨਹੀਂ ਕੀਤਾ ਜਾ ਰਿਹਾ। ਉਹਨਾਂ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਹਲਕੇ ਵਿੱਚ ਜਿਹੜੇ ਵੀ ਵਿਕਾਸ ਕਾਰਜ ਹੋ ਰਹੇ ਹਨ, ਉਹਨਾਂ ਉੱਤੇ ਖੁਦ ਨਜ਼ਰ ਰੱਖਣ, ਜੇਕਰ ਕਿਤੇ ਕੋਈ ਢਿੱਲ-ਮੱਠ ਸਾਹਮਣੇ ਆਉਂਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ।

ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦਾ ਨਹਿਰੀ ਪਾਣੀ ਹਰ ਕਿਸਾਨ ਦੇ ਖੇਤ ਤਕ ਪੁਜਦਾ ਕੀਤਾ ਜਾਵੇ। ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਧਰਤੀ ਹੇਠਲੇ ਪਾਣੀ ਦੇ ਮੁਕਾਬਲੇ ਨਹਿਰੀ ਪਾਣੀ ਵਿੱਚ ਜ਼ਮੀਨ ਲਈ ਲੋੜੀਂਦੇ ਖੁਰਾਕੀ ਤੱਤ ਜ਼ਿਆਦਾ ਹੁੰਦੇ ਹਨ।

ਇਸ ਮੌਕੇ ਹਲਕਾ ਵਿਧਾਇਕ ਨੇ ਦੱਸਿਆ ਕਿ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਵਿੱਚ ਨਹਿਰੀ ਪਾਣੀ ਦੀਆਂ ਪਾਈਪ ਲਾਈਨਾਂ ਪਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ, ਜਿਸ ਨਾਲ ਹਲਕਾ ਸੰਗਰੂਰ ਦੇ ਵੱਡੇ ਖੇਤਰ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ ਉੱਤੇ ਨਿਰਭਰਤਾ ਘਟੇਗੀ। ਧਰਤੀ ਹੇਠਲਾ ਪਾਣੀ ਬਚਾਉਣ ਦੇ ਮੱਦੇਨਜ਼ਰ ਹੀ ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇਣ।

ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਜਗਸੀਰ ਸਿੰਘ ਝਨੇੜੀ, ਜਤਿੰਦਰ ਸਿੰਘ ਬਾਜਵਾ, ਲਖਵਿੰਦਰ ਸਿੰਘ ਫੱਗੂਵਾਲਾ, ਗੁਰਵਿੰਦਰ ਸਿੰਘ ਚੱਠਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਇਲਾਕੇ ਦੇ ਪਤਵੰਤੇ ਅਤੇ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

# ਨਸ਼ਾ ਮੁਕਤੀ ਯਾਤਰਾ- ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਦੇ ਵੱਖੋ-ਵੱਖ ਪਿੰਡਾਂ

Rs- 100/month
"ਇਕੁਐਲਿਟੀ ਐਂਡ ਜਸਟਿਸ"
"Equality and Justice" स्वतंत्रता, समानता, भाईचारा

## ਨਸ਼ਿਆਂ ਦੇ ਖਾਤਮੇ ਦੀ ਚੁਕਾਈ ਸਹੁੰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਦਿੜ੍ਹਬਾ, 04 ਜੂਨ, 2025: ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਕੀਤੀ ਜਾ ਰਹੀ "ਨਸ਼ਾ ਮੁਕਤੀ ਯਾਤਰਾ" ਜ਼ਰੀਏ ਕੈਬਨਿਟ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਦੇ ਪਿੰਡ ਕੌਹਰੀਆਂ ਤੇ ਰਟੌਲਾਂ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਤੇ ਸਮੂਹ ਹਾਜ਼ਰੀਨ ਨੂੰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਜੰਗੀ ਪੱਧਰ ਉੱਤੇ ਕੰਮ ਕਰਨ ਵਾਸਤੇ ਪ੍ਰੇਰਿਆ ਗਿਆ।



ਇਹਨਾਂ ਮੀਟਿੰਗਾਂ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਓ.ਐੱਸ.ਡੀ. ਤਪਿੰਦਰ ਸੋਹੀ ਅਤੇ ਮਾਰਕਿਟ ਕਮੇਟੀ ਸੂਲਰ ਘਰਾਟ ਦੇ ਚੇਅਰਮੈਨ ਹਰਵਿੰਦਰ ਸਿੰਘ ਛਾਜਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਜੋਸ਼ੋ ਖਰੋਸ਼ ਨਾਲ ਜਾਰੀ ਰਹੇਗੀ। ਉਹਨਾਂ ਕਿਹਾ ਕਿ ਪਿੰਡਾਂ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਸਾਰੇ ਹੀ ਵਰਗ, ਇਸ ਸਮਾਜਕ ਬੁਰਾਈ ਦੇ ਖਾਤਮੇ ਲਈ ਵਧ ਚੜ੍ਹ ਕੇ ਅੱਗੇ ਆ ਰਹੇ ਹਨ, ਜੋ ਕਿ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਪਹਿਰੇਦਾਰ ਵਜੋਂ ਕੰਮ ਕਰ ਕੇ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਫਸੇ ਲੋਕਾਂ ਦੇ ਇਲਾਜ ਤੇ ਪੁਨਰਵਾਸ ਲਈ ਸਰਕਾਰ ਦਾ ਸਹਿਯੋਗ ਕਰਨ ਤਾਂ ਜੋ ਨਸ਼ਾ ਪੀੜਤਾਂ ਨੂੰ ਤੰਦਰੁਸਤ ਕਰ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕੀਤਾ ਜਾ ਸਕੇ।

ਇਸ ਮੌਕੇ ਪਿੰਡਾਂ ਦੇ ਲੋਕਾਂ ਨੂੰ ਸਿਹਤ, ਪੁਲਿਸ ਤੇ ਪੇਂਡੂ ਵਿਕਾਸ ਵਿਭਾਗਾਂ ਦੇ ਵੱਖ-ਵੱਖ ਬੁਲਾਰਿਆਂ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਲੋਕਾਂ ਨੂੰ ਨਸ਼ੇ ਨਾ ਕਰਨ ਤੇ ਨਸ਼ਿਆਂ ਦੇ ਖਾਤਮੇ ਦੀ ਸਹੁੰ ਵੀ ਚੁਕਾਈ ਗਈ।

ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਖੋ ਵੱਖ ਅਹੁਦੇਦਾਰ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਸਿਵਲ ਸਰਜਨ ਵੱਲੋਂ ਜ਼ਿਲੇ ਅੰਦਰ ਚੱਲ ਰਹੇ ਸਿਹਤ ਪ੍ਰੋਗਰਾਮਾਂ ਦੀ ਸਮੀਖਿਆ ਲਈ ਮਹੀਨਾਵਾਰ ਮੀਟਿੰਗ ਆਯੋਜਿਤ

## ਡਿਲਿਵਰੀਆਂ ਪ੍ਰਾਈਵੇਟ ਦੀ ਥਾਂ ਤੇ ਸਰਕਾਰੀ ਸੰਸਥਾਵਾਂ ਵਿੱਚ ਜਿਆਦਾ ਤੋਂ ਜਿਆਦਾ ਹੋਣ ਲਈ ਯੋਗ ਉਪਰਾਲੇ ਕੀਤੇ ਜਾਣ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 4 ਜੂਨ (ਤਰਸੇਮ ਦੀਵਾਨਾ )

ਸਿਵਲ ਸਰਜਨ ਡਾ. ਪਵਨ ਕੁਮਾਰ ਸ਼ਗੋਤਰਾ ਦੀ ਯੋਗ ਪ੍ਰਧਾਨਗੀ ਹੇਠ ਅੱਜ ਦਫਤਰ ਸਿਵਲ ਸਰਜਨ ਵਿਖੇ ਜ਼ਿਲ੍ਹੇ ਦੇ ਸਮੂਹ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਨਾਲ ਕੌਮੀ ਸਿਹਤ ਪ੍ਰੋਗਰਾਮਾਂ ਸੰਬੰਧੀ ਮਹੀਨਾਵਾਰ ਰੀਵਿਊ ਮੀਟਿੰਗ ਕੀਤੀ ਗਈ। ਜਿਸ ਵਿੱਚ ਜਿਲ੍ਹੇ ਅੰਦਰ ਚੱਲ ਰਹੇ ਸਾਰੇ ਸਿਹਤ ਪ੍ਰੋਗਰਾਮਾਂ ਦੇ ਟੀਚਿਆਂ ਅਤੇ ਪ੍ਰਾਪਤੀਆਂ ਬਾਰੇ ਸਮੀਖਿਆ ਕੀਤੀ ਗਈ।

ਮੀਟਿੰਗ ਦਾ ਆਗਾਜ਼ ਕਰਦਿਆਂ ਸਿਵਲ ਸਰਜਨ ਡਾ ਪਵਨ ਕੁਮਾਰ ਨੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਸੰਬੋਧਨ ਦੱਸਿਆ ਕਿ ਜਿਲਾ ਪ੍ਰਸ਼ਾਸਨ ਵੱਲੋਂ ਯੁੱਧ ਵਰਗੀ ਆਪਾਤ ਸਥਿਤੀ ਵਿੱਚ ਸਿਹਤ ਵਿਭਾਗ ਵੱਲੋਂ ਕੀਤੀਆਂ ਤਿਆਰੀਆਂ ਲਈ ਸ਼ਲਾਘਾ ਪੱਤਰ ਦਿੱਤਾ ਗਿਆ ਹੈ, ਜਿਸਦੇ ਲਈ ਇਸ ਸਥਿਤੀ ਦੌਰਾਨ ਡਿਊਟੀ ਨਿਭਾਉਣ ਵਾਲੇ ਸਾਰੇ ਹੀ ਅਧਿਕਾਰੀ ਅਤੇ ਕਰਮਚਾਰੀ ਸ਼ਲਾਘ ਦੇ ਪੱਤਰ ਹਨ।



ਮੀਟਿੰਗ ਦੌਰਾਨ ਸਿਹਤ ਪ੍ਰੋਗਰਾਮਾਂ ਦੀ ਸਮੀਖਿਆ ਕਰਦਿਆਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਕਿਹਾ ਕਿ ਗਰਭਵਤੀ ਔਰਤਾਂ ਦੀ ਰਜਿਸਟ੍ਰੇਸ਼ਨ, ਚੈਕਅਪ ਅਤੇ ਸੰਪੂਰਨ ਟੀਕਾਕਰਨ ਦੇ ਟੀਚੇ ਪੂਰੇ ਕਰਨ ਵੱਲ ਖਾਸ ਧਿਆਨ ਦਿੱਤਾ ਜਾਵੇ। ਹਰ ਗਰਭਵਤੀ ਔਰਤ ਦਾ 9 ਤਾਰੀਖ ਨੂੰ ਪੀ.ਐਮ. ਐਸ.ਐਮ.ਏ ਵਾਲੇ ਦਿਨ ਮਾਹਰ ਡਾਕਟਰਾਂ ਤੋਂ ਚੈੱਕ ਅੱਪ ਕਰਵਾਉਣਾ ਯਕੀਨੀ ਬਣਾਇਆ ਜਾਵੇ। ਇਸ ਦੌਰਾਨ ਪਹਿਚਾਣ ਕੀਤੀਆਂ ਹਾਈ ਰਿਸਕ ਗਰਭਵਤੀਆਂ ਦਾ ਹਰ ਮਹੀਨੇ 23 ਤਾਰੀਖ ਨੂੰ ਕੀਤੇ ਜਾਂਦੇ ਐਕਸਟੈਂਡਰਡ ਪੀ.ਐਮ.ਐਸ.ਐਮ.ਏ. ਵਾਲੇ ਦਿਨ ਚੈੱਕਅਪ ਜਰੂਰ ਕੀਤਾ ਜਾਵੇ। ਇਸਦੇ ਨਾਲ ਹੀ ਉਹਨਾਂ ਦਾ ਆਸ਼ਾ ਅਤੇ ਏਐਨਐਮ ਜਰੀਏ ਫਾਲੋਅੱਪ ਕਰਨਾ ਯਕੀਨੀ ਬਣਾਇਆ ਜਾਵੇ। ਡਿਲਿਵਰੀਆਂ ਪ੍ਰਾਈਵੇਟ ਦੀ ਥਾਂ ਤੇ ਸਰਕਾਰੀ ਸੰਸਥਾਵਾਂ ਵਿੱਚ ਜਿਆਦਾ ਤੋਂ ਜਿਆਦਾ ਹੋਣ ਲਈ ਯੋਗ ਉਪਰਾਲੇ ਕੀਤੇ ਜਾਣੇ ਜਾਣ। ਮੈਟਰਨਲ ਡੈਥ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਇਸਨੂੰ ਰੋਕਣ ਲਈ ਹਰ ਸੰਭਵ ਯਤਨ ਕੀਤੇ ਜਾਣ।

ਸਿਵਲ ਸਰਜਨ ਨੇ ਆਯੂਸ਼ਮਾਨ ਆਰੋਗਿਆ ਕੇਂਦਰਾਂ 'ਤੇ 30 ਸਾਲ ਤੋਂ ਉਪਰ ਦੇ ਵਿਅਕਤੀਆਂ ਦੀ ਐਨਸੀਡੀ ਸਕਰੀਨਿੰਗ ਯਕੀਨੀ ਬਣਾਉਣ ਅਤੇ ਸਕਰੀਨਿੰਗ ਦੇ ਨਾਲ-ਨਾਲ ਸਭ ਦੀ ਸਿਹਤ ਸੰਬੰਧੀ ਆਭਾ ਆਈਡੀ ਜਰੂਰ ਬਣਾਉਣ ਲਈ ਕੇਂਦਰਾਂ ਦੇ ਸਟਾਫ ਨੂੰ ਜਰੂਰੀ ਨਿਰਦੇਸ਼ ਜਾਰੀ ਕਰਨ ਲਈ ਕਿਹਾ। ਇਸ ਦੌਰਾਨ ਹੀਟ ਵੇਵ ਸਬੰਧਿਤ ਸਮੇਂ ਸਿਰ ਰੋਜ਼ਾਨਾ ਰਿਪੋਰਟ ਆਨਲਾਈਨ ਕਰਨ, ਡੇਂਗੂ ਤੋਂ ਬਚਾਅ ਸਬੰਧਤ ਗਤੀਵਿਧੀਆ ਨੂੰ ਹੋਰ ਸੁਚਾਰੂ ਢੰਗ ਨਾਲ ਕਰਨ ਦੇ ਜਰੂਰੀ ਨਿਰਦੇਸ਼ ਦਿੱਤੇ ਗਏ। ਉਨਾਂ ਕਿਹਾ ਕਿ ਪਰਫਾਰਮੈਂਸ ਦੇ ਹਿਸਾਬ ਨਾਲ ਜਿਹੜੇ ਪੈਰਾਮੀਟਰ ਘੱਟ ਹਨ ਉਹਨਾਂ ਉਪਰ ਫੋਕਸ ਕੀਤਾ ਜਾਵੇ।

# ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ

## ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਬੱਲਮਗੜ੍ਹ, ਦੁੱਗਨੀ ਅਤੇ ਜਾਤੀਮਾਜਰਾ ਵਿਖੇ ਡਿਫੈਂਸ ਕਮੇਟੀਆਂ ਨਾਲ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਧੂਰੀ, 04 ਜੂਨ, 2025: ਪੰਜਾਬ ਦੇ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦਾ ਸੱਦਾ ਦਿੰਦੇ ਹੋਏ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ, ਧੂਰੀ ਦੇ ਪਿੰਡ ਬੱਲਮਗੜ੍ਹ, ਦੁੱਗਨੀ ਅਤੇ ਜਾਤੀਮਾਜਰਾ ਅਤੇ ਵਾਰਡ ਨੰਬਰ 21 ਧੂਰੀ ਵਿਖੇ ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ




ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ।

ਇਸ ਦੌਰਾਨ ਸ. ਢਿੱਲੋਂ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਸੂਬੇ ਨੂੰ ਨਸ਼ਾ ਮੁਕਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ ਤੇ ਇਸ ਦੇ ਸਾਰਥਿਕ ਸਿੱਟੇ ਨਿਕਲ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾਵਾਂ ਤਹਿਤ ਰੋਜ਼ਾਨਾ ਦੇ ਆਧਾਰ ਉਤੇ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਇਸ ਵੱਡੀ ਸਮਾਜਿਕ ਬੁਰਾਈ ਦੇ ਖਾਤਮੇ ਲਈ ਇੱਕਜੁੱਟ ਕੀਤਾ ਜਾ ਰਿਹਾ ਹੈ।

ਇਸ ਮੌਕੇ ਸ. ਘੁੱਲੀ ਨੇ ਕਿਹਾ ਕਿ ਜਿਹੜੇ ਲੋਕ ਕਿਸੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਉਹਨਾਂ ਦਾ ਮੁਫਤ ਇਲਾਜ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਹੈ ਅਤੇ ਉਹ ਅਜਿਹੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਨਸ਼ਾ ਮੁਕਤੀ ਕੇਂਦਰਾਂ ਵਿੱਚ ਦਾਖਲ ਹੋ ਕੇ ਆਪਣਾ ਇਲਾਜ ਜ਼ਰੂਰ ਕਰਵਾਉਣ। ਉਹਨਾਂ ਕਿਹਾ ਕਿ ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨੂੰ ਸਖਤੀ ਨਾਲ ਨਜਿਠਿਆ ਜਾ ਰਿਹਾ ਹੈ ਅਤੇ ਨਸ਼ੇ ਵੇਚ ਕੇ ਨਸ਼ਾ ਤਸਕਰਾਂ ਵੱਲੋਂ ਬਣਾਈਆਂ ਨਾਜਾਇਜ਼ ਜਾਇਦਾਦਾਂ ਨੂੰ ਵੀ ਢਾਹਿਆ ਜਾ ਰਿਹਾ ਹੈ।

ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

# ਸੁਪਰੀਮ ਕੋਰਟ, ਜ਼ਿਲ੍ਹਾ ਮੈਜਿਸਟ੍ਰੇਟ ਅਤੇ ਜੱਜਾਂ ਦੀਆਂ ਚੋਣਾਂ ਵਿੱਚ ਆਮ ਲੋਕਾਂ ਨੇ ਪਾਈਆਂ ਵੋਟਾਂ - 2700 ਤੋਂ ਵੱਧ ਨਿਆਂਇਕ ਅਹੁਦਿਆਂ ਲਈ 7700 ਉਮੀਦਵਾਰਾਂ ਨੇ ਚੋਣ ਲੜੀ - ਅਦਾਲਤਾਂ ਦੇ ਰਾਜਨੀਤਿਕ ਅਤੇ ਅਪਰਾਧਿਕ ਦਬਾਅ ਹੇਠ ਆਉਣ ਦੀ ਸੰਭਾਵਨਾ

## ਦੁਨੀਆ ਦਾ ਪਹਿਲਾ ਦੇਸ਼ ਜਿੱਥੇ ਆਮ ਲੋਕਾਂ ਨੇ ਨਿਆਂਇਕ ਅਹੁਦਿਆਂ ਲਈ ਸਿੱਧੇ ਤੌਰ ‘ਤੇ ਵੋਟ ਪਾਈ - ਸਿਰਫ 13 ਪ੍ਰਤੀਸ਼ਤ ਵੋਟਿੰਗ ਦਰਜ ਕੀਤੀ ਗਈ

**ਅਦਾਲਤ ਨੂੰ ਲੋਕਤੰਤਰੀ ਬਣਾਉਣ ਲਈ ਆਮ ਲੋਕਾਂ ਦੁਆਰਾ ਸਿੱਧੀ ਚੋਣ ਵਿਲੱਖਣ, ਵਿਵਾਦਪੂਰਨ ਅਤੇ ਲੋਕਤੰਤਰ ਦਾ ਮਜ਼ਾਕ ਹੈ, ਨਿਆਂਇਕ ਪ੍ਰਣਾਲੀ ਰਾਜਨੀਤਿਕ, ਅਪਰਾਧਿਕ ਅਤੇ ਅਯੋਗ ਵਿਅਕਤੀਆਂ ਦੇ ਹੱਥਾਂ ਵਿੱਚ ਹੋਵੇਗੀ - ਐਡਵੋਕੇਟ ਕਿਸ਼ਨ ਸਨਮੁਖਦਾਸ ਭਵਾਨੀ ਗੋਂਡੀਆ ਮਹਾਰਾਸ਼ਟਰ**

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਗੋਂਡੀਆ - ਵਿਸ਼ਵ ਪੱਧਰ ‘ਤੇ, ਬਹੁਤ ਸਾਰੇ ਦੇਸ਼ਾਂ ਵਿੱਚ, ਨਿਆਂਇਕ ਖੇਤਰ ਨੂੰ ਆਪਣੇ ਨਿਯੰਤਰਣ ਵਿੱਚ ਰੱਖਣ ਲਈ ਤਿੱਖੇ ਯਤਨ ਕੀਤੇ ਗਏ ਹਨ, ਇਸ ਲਈ ਬਹੁਤ ਸਾਰੇ ਦੇਸ਼ਾਂ ਨੇ ਆਪਣੀ ਸੰਸਦ ਵਿੱਚ ਕਾਨੂੰਨ ਬਣਾਏ ਹਨ ਅਤੇ ਸੁਪਰੀਮ ਕੋਰਟ ਦੇ ਜੱਜਾਂ, ਹਾਈ ਕੋਰਟ, ਜ਼ਿਲ੍ਹਾ ਸੈਸ਼ਨ ਕੋਰਟ, ਯਾਨੀ ਸੰਵਿਧਾਨ ਵਿੱਚ ਸੋਧ ਕਰਕੇ, ਪੂਰੀ ਸ਼ਕਤੀ ਆਪਣੇ ਹੱਥਾਂ ਵਿੱਚ ਲੈ ਲਈ ਹੈ, ਜਿਸਦੀ ਸਹੀ ਉਦਾਹਰਣ ਪਾਕਿਸਤਾਨ ਅਤੇ ਇਜ਼ਰਾਈਲ ਸਮੇਤ ਕੁਝ ਦੇਸ਼ ਹਨ, ਅਤੇ ਬਹੁਤ ਸਾਰੇ ਦੇਸ਼ਾਂ ਨੇ ਇਸ ਦਿਸ਼ਾ ਵਿੱਚ ਕਦਮ ਚੁੱਕੇ ਹਨ, ਕਿਉਂਕਿ ਬਹੁਤ ਸਾਰੇ ਦੇਸ਼ਾਂ ਵਿੱਚ ਅਸੀਂ ਦੇਖਿਆ ਹੈ ਕਿ ਬਹੁਤ ਸਾਰੇ ਫੈਸਲੇ ਲਏ ਜਾ ਰਹੇ ਹਨ ਅਦਾਲਤ ਵੱਲੋਂ ਵੱਡੇ ਆਗੂਆਂ ਨੂੰ ਸਲਾਖਾਂ ਪਿੱਛੇ ਭੇਜਿਆ ਗਿਆ ਹੈ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਦੇ ਫੈਸਲਿਆਂ ਨੂੰ ਵੀ ਉਲਟਾ ਦਿੱਤਾ ਗਿਆ ਹੈ, ਹਾਲਾਂਕਿ ਉਹ ਸਰਕਾਰਾਂ ਤੁਰੰਤ ਇੱਕ ਆਰਡੀਨੈਂਸ ਲਿਆ ਕੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਉਲਟਾ ਦਿੰਦੀਆਂ ਹਨ, ਜਿਸਦੀ ਸਭ ਤੋਂ ਵੱਡੀ ਉਦਾਹਰਣ ਇਹ ਹੈ ਕਿ ਦਿੱਲੀ ਮਾਮਲੇ ਵਿੱਚ, ਇੱਕ ਆਰਡੀਨੈਂਸ ਲਿਆ ਕੇ ਸੁਪਰੀਮ ਕੋਰਟ ਦੇ ਆਦੇਸ਼ ਨੂੰ ਉਲਟਾ ਦਿੱਤਾ ਗਿਆ ਸੀ, ਇਹ ਖੇਡ 1986 ਵਿੱਚ ਸ਼ਾਹਬਾਨੋ ਕੇਸ ਨਾਲ ਸ਼ੁਰੂ ਹੋਈ ਸੀ ਜਿਸ ਵਿੱਚ ਇੱਕ ਆਰਡੀਨੈਂਸ ਲਿਆ ਕੇ ਸੁਪਰੀਮ ਕੋਰਟ ਦੇ ਆਦੇਸ਼ ਨੂੰ ਉਲਟਾ ਦਿੱਤਾ ਗਿਆ ਸੀ। ਅੱਜ ਅਸੀਂ ਇਸ ਬਾਰੇ ਚਰਚਾ ਕਰ ਰਹੇ ਹਾਂ ਕਿਉਂਕਿ ਮੈਕਸੀਕੋ 11 ਸਤੰਬਰ 2024 ਨੂੰ ਇੱਕ ਕਾਨੂੰਨ ਪਾਸ ਕਰਕੇ ਦੁਨੀਆ ਦਾ ਪਹਿਲਾ ਦੇਸ਼ ਬਣਿਆ ਸੀ, ਜਿਸ ਨੇ ਵੋਟਰਾਂ ਨੂੰ ਹਰ ਪੱਧਰ ‘ਤੇ ਜੱਜ ਚੁਣਨ ਦੀ ਇਜਾਜ਼ਤ ਦਿੱਤੀ ਸੀ, ਜਿਸ ਵਿੱਚ ਉੱਪਰਲੇ ਸਦਨ ਵਿੱਚ ਬਿੱਲ ਦੇ ਹੱਕ ਵਿੱਚ 68 ਅਤੇ ਵਿਰੋਧ ਵਿੱਚ 41 ਵੋਟਾਂ ਪਈਆਂ ਸਨ ਅਤੇ ਇਸਨੂੰ ਸੋਧਾਂ ਨਾਲ ਦੋ-ਤਿਹਾਈ ਬਹੁਮਤ ਨਾਲ ਪਾਸ ਕੀਤਾ ਗਿਆ ਸੀ, ਅਤੇ 2025 ਅਤੇ 2027 ਵਿੱਚ ਜੱਜਾਂ ਦੀ ਚੋਣ ਲਈ ਪ੍ਰਬੰਧ ਕੀਤੇ ਗਏ ਸਨ। ਇਸਦੇ ਪਹਿਲੇ ਪੜਾਅ ਵਿੱਚ, 2 ਜੂਨ 2025 ਨੂੰ ਚੋਣਾਂ ਹੋਈਆਂ ਸਨ ਜਿਸ ਵਿੱਚ 2700 ਤੋਂ ਵੱਧ ਅਹੁਦਿਆਂ ਲਈ 7700 ਉਮੀਦਵਾਰਾਂ ਨੇ ਹਿੱਸਾ ਲਿਆ ਸੀ। ਮੇਰਾ ਮੰਨਣਾ ਹੈ ਕਿ ਇਹ ਕਾਰਵਾਈ ਸੰਯੁਕਤ ਰਾਸ਼ਟਰ ਜਾਂ ਗਲੋਬਲ ਫੋਰਮਾਂ ਦੁਆਰਾ ਪਾਸ ਕੀਤੇ ਗਏ ਕਾਨੂੰਨ ਅਤੇ ਇਸ ਅਨੁਸਾਰ ਕਰਵਾਈਆਂ ਗਈਆਂ ਚੋਣਾਂ ਨੂੰ ਰੱਦ ਕਰਨ ਲਈ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਇਹ ਪ੍ਰਣਾਲੀ ਪੂਰੀ ਨਿਆਂਇਕ ਪ੍ਰਣਾਲੀ ਦੇ ਰਾਜਨੀਤਿਕੀਕਰਨ ਅਤੇ ਅਪਰਾਧੀਕਰਨ ਦੀ ਸੰਭਾਵਨਾ ਨੂੰ ਵਧਾ ਦੇਵੇਗੀ। ਉਹ ਨਿਆਂਇਕ ਪ੍ਰਣਾਲੀ ਪੂਰੀ ਤਰ੍ਹਾਂ ਵਿਗੜ ਜਾਵੇਗੀ ਅਤੇ ਆਮ ਜਨਤਾ ਦਾ ਨਿਆਂਇਕ ਪ੍ਰਣਾਲੀ ਵਿੱਚ ਵਿਸ਼ਵਾਸ ਖਤਮ ਹੋ ਜਾਵੇਗਾ। ਕਿਉਂਕਿ ਮੈਕਸੀਕੋ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ ਜਿੱਥੇ ਆਮ ਜਨਤਾ ਨੇ ਸਿੱਧੇ ਤੌਰ ‘ਤੇ ਨਿਆਂਇਕ ਅਹੁਦਿਆਂ ਲਈ ਵੋਟ ਪਾਈ, ਸਿਰਫ 13 ਪ੍ਰਤੀਸ਼ਤ ਵੋਟਿੰਗ ਦਰਜ ਕੀਤੀ ਗਈ ਹੈ, ਇਸ ਲਈ ਅੱਜ, ਮੀਡੀਆ ਵਿੱਚ ਉਪਲਬਧ ਜਾਣਕਾਰੀ ਦੀ ਮਦਦ ਨਾਲ, ਅਸੀਂ ਇਸ ਲੇਖ ਰਾਹੀਂ ਚਰਚਾ ਕਰਾਂਗੇ, ਅਦਾਲਤਾਂ ਨੂੰ ਲੋਕਤੰਤਰੀ ਬਣਾਉਣਾ, ਆਮ ਜਨਤਾ ਦੁਆਰਾ ਸਿੱਧੀ ਚੋਣ, ਇੱਕ ਵਿਲੱਖਣ ਵਿਵਾਦ ਅਤੇ ਲੋਕਤੰਤਰ ਦਾ ਮਜ਼ਾਕ ਹੈ - ਨਿਆਂਇਕ ਪ੍ਰਣਾਲੀ ਰਾਜਨੀਤਿਕ, ਅਪਰਾਧੀ ਅਤੇ ਅਯੋਗ ਵਿਅਕਤੀਆਂ ਦੇ ਹੱਥਾਂ ਵਿੱਚ ਹੋਵੇਗੀ।

ਦੋਸਤੋ, ਜੇਕਰ ਅਸੀਂ ਮੈਕਸੀਕੋ ਵਿੱਚ ਜੱਜਾਂ ਦੀ ਚੋਣ ਵਿੱਚ 13 ਪ੍ਰਤੀਸ਼ਤ ਵੋਟਾਂ ਦੇ ਕੇ ਆਮ ਜਨਤਾ ਦੁਆਰਾ ਰੱਦ ਕਰਨ ਦੀ ਗੱਲ ਕਰੀਏ, ਤਾਂ ਦੇਸ਼ ਵਿਆਪੀ ਚੋਣਾਂ ਰਾਹੀਂ ਆਪਣੀ ਨਿਆਂਇਕ ਪ੍ਰਣਾਲੀ ਵਿੱਚ ਸੁਧਾਰ ਕਰਨ ਦੀ ਮੈਕਸੀਕੋ ਦੀ ਮਹੱਤਵਾਕਾਂਖੀ ਕੋਸ਼ਿਸ਼ ਨੂੰ ਵੋਟਰਾਂ ਵੱਲੋਂ ਬਹੁਤ ਘੱਟ ਹੁੰਗਾਰਾ ਮਿਲਿਆ ਹੈ। ਰਾਸ਼ਟਰਪਤੀ ਵੱਲੋਂ ਇਸ ਪ੍ਰਕਿਰਿਆ ਨੂੰ ਸਫਲ ਦੱਸਣ ਦੇ ਬਾਵਜੂਦ, ਸਰਵੇਖਣਾਂ ਵਿੱਚ ਯੋਗ ਵੋਟਰਾਂ ਵਿੱਚੋਂ ਸਿਰਫ਼ 13% ਨੂੰ ਹੀ ਆਕਰਸ਼ਿਤ ਕਰਨ ਦਾ ਅਨੁਮਾਨ ਹੈ, ਜੋ ਕਿ ਹਾਲੀਆ ਰਾਸ਼ਟਰਪਤੀ ਚੋਣਾਂ ਵਿੱਚ 60% ਵੋਟਿੰਗ ਦੇ ਬਿਲਕੁਲ ਉਲਟ ਹੈ। ਆਪਣੇ ਪੈਮਾਨੇ ਵਿੱਚ ਬੇਮਿਸਾਲ, ਚੋਣਾਂ ਦਾ ਉਦੇਸ਼ ਸੁਪਰੀਮ ਕੋਰਟ ਦੇ ਜੱਜਾਂ ਸਮੇਤ ਲਗਭਗ 3,000 ਨਿਆਂਇਕ ਅਹੁਦਿਆਂ ਦੀ ਚੋਣ ਕਰਨਾ ਸੀ। ਆਲੋਚਕਾਂ ਦਾ ਕਹਿਣਾ ਹੈ ਕਿ ਇਹ ਪਹੁੰਚ ਸੱਤਾਧਾਰੀ ਪਾਰਟੀ ਨੂੰ ਸਰਕਾਰ ਦੀਆਂ ਸਾਰੀਆਂ ਸ਼ਾਖਾਵਾਂ ਵਿੱਚ ਸ਼ਕਤੀ ਨੂੰ ਇੱਕਜੁੱਟ ਕਰਨ ਦੀ ਆਗਿਆ ਦੇ ਸਕਦੀ ਹੈ, ਜੋ ਸੰਭਾਵੀ ਤੌਰ ‘ਤੇ ਨਿਆਂਇਕ ਆਜ਼ਾਦੀ ਨਾਲ ਸਮਝੌਤਾ ਕਰ ਸਕਦੀ ਹੈ। ਘੱਟ ਵੋਟਿੰਗ ਦਾ ਕਾਰਨ ਵੋਟਰਾਂ ਦੀ ਉਲਝਣ, ਉਮੀਦਵਾਰਾਂ ਬਾਰੇ ਜਾਣਕਾਰੀ ਦੀ ਘਾਟ ਅਤੇ ਯੋਗਤਾ ਦੇ ਆਧਾਰ ‘ਤੇ ਜੱਜਾਂ ਦੀ ਨਿਯੁਕਤੀ ਕਰਨ ਦੀ ਬਜਾਏ ਉਨ੍ਹਾਂ ਦੀ ਚੋਣ ਕਰਨ ਬਾਰੇ ਵਿਆਪਕ ਸ਼ੱਕ ਹੈ। ਜਿਵੇਂ-ਜਿਵੇਂ ਨਤੀਜੇ ਆ ਰਹੇ ਹਨ, ਇਸ ਬਾਰੇ ਸਵਾਲ ਉਠਾਏ ਜਾ ਰਹੇ ਹਨ ਕਿ ਕੀ ਇਹ ਲੋਕਤੰਤਰੀ ਪ੍ਰਯੋਗ ਮੈਕਸੀਕੋ ਦੀ ਟੁੱਟੀ ਹੋਈ ਨਿਆਂ ਪ੍ਰਣਾਲੀ ਨੂੰ ਸੰਬੋਧਿਤ ਕਰੇਗਾ, ਜਿੱਥੇ 10% ਤੋਂ ਘੱਟ ਅਪਰਾਧ ਰਿਪੋਰਟ ਕੀਤੇ ਜਾਂਦੇ ਹਨ, ਜਿਸ ਨਾਲ ਜਨਤਕ ਅਵਿਸ਼ਵਾਸ ਵਧਦਾ ਹੈ। ਮੀਡੀਆ ਦੀ ਰਿਪੋਰਟ ਅਨੁਸਾਰ, ਇਨ੍ਹਾਂ ਚੋਣਾਂ ਦੇ ਨਤੀਜਿਆਂ ਦੇ ਮੈਕਸੀਕਨ ਸ਼ਾਸਨ ਵਿੱਚ ਸ਼ਕਤੀ ਦੇ ਸੰਤੁਲਨ ਲਈ ਦੂਰਗਾਮੀ ਪ੍ਰਭਾਵ ਪੈ ਸਕਦੇ ਹਨ। ਤੁਹਾਨੂੰ ਦੱਸ ਦੇਈਏ ਕਿ ਮੈਕਸੀਕੋ ਦੇ ਇਤਿਹਾਸ ਵਿੱਚ ਪਹਿਲੀ ਵਾਰ ਨਿਆਂਇਕ ਚੋਣਾਂ ਹੋ ਰਹੀਆਂ ਹਨ, ਜਿਸਨੇ ਦੇਸ਼ ਵਿੱਚ ਵਿਵਾਦ ਪੈਦਾ ਕਰ ਦਿੱਤਾ ਹੈ। ਇਸਨੇ ਉਨ੍ਹਾਂ ਵੋਟਰਾਂ ਨੂੰ ਉਲਝਾ ਦਿੱਤਾ ਹੈ ਜੋ ਅਜੇ ਵੀ ਇਸ ਪ੍ਰਕਿਰਿਆ ਨੂੰ ਸਮਝਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਨਵਾਂ ਬਦਲਾਅ ਦੇਸ਼ ਦੀ ਅਦਾਲਤੀ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਬਦਲ ਸਕਦਾ ਹੈ। ਪਿਛਲੇ ਸਾਲ ਦੇ ਅੰਤ ਵਿੱਚ, ਮੈਕਸੀਕੋ ਦੀ ਸੱਤਾਧਾਰੀ ਪਾਰਟੀ ਨੇ ਅਦਾਲਤੀ ਪ੍ਰਣਾਲੀ ਵਿੱਚ ਵੱਡੇ ਬਦਲਾਅ ਕੀਤੇ ਸਨ। ਇਸਦਾ ਵਿਰੋਧ ਕਰਦੇ ਹੋਏ, ਬਹੁਤ ਸਾਰੇ ਲੋਕਾਂ ਨੇ ਦੋਸ਼ ਲਗਾਇਆ ਕਿ ਸਰਕਾਰ ਆਪਣੇ ਰਾਜਨੀਤਿਕ ਪ੍ਰਭਾਵ ਦੀ ਵਰਤੋਂ ਕਰਕੇ ਨਿਆਂਪਾਲਿਕਾ ‘ਤੇ ਕਬਜ਼ਾ ਕਰਨਾ ਚਾਹੁੰਦੀ ਹੈ, ਜੋ ਕਿ ਹੁਣ ਤੱਕ ਇਸ ਦੇ ਕਾਬੂ ਤੋਂ ਬਾਹਰ ਹੈ।







ਦੋਸਤੋ, ਜੇਕਰ ਅਸੀਂ ਮੈਕਸੀਕੋ ਵਿੱਚ ਇਸ ਚੋਣ ਦੇ ਹੱਕ ਅਤੇ ਵਿਰੋਧ ਵਿੱਚ ਵੱਖ-ਵੱਖ ਵਿਚਾਰਾਂ ਦੀ ਗੱਲ ਕਰੀਏ ਤਾਂ ਇੱਕ ਕਾਨੂੰਨੀ ਸੰਗਠਨ ਦੇ ਡਾਇਰੈਕਟਰ ਨੇ ਕਿਹਾ ਕਿ ਇਹ ਅਦਾਲਤੀ ਪ੍ਰਣਾਲੀ ‘ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਹੈ। ਨਿਆਂਪਾਲਿਕਾ ਹੁਣ ਤੱਕ ਸੱਤਾ ਵਿੱਚ ਬੈਠੇ ਲੋਕਾਂ ਦੀਆਂ ਅੱਖਾਂ ਵਿੱਚ ਕੰਡਾ ਰਹੀ ਹੈ। ਪਰ ਇੱਕ ਮਜ਼ਬੂਤ ਲੋਕਤੰਤਰ ਵਿੱਚ, ਇਹ ਸੰਤੁਲਨ ਬਣਾਈ ਰੱਖਣ ਦਾ ਸਾਧਨ ਹੈ। ਹੁਣ ਤੱਕ ਜੱਜਾਂ ਦੀ ਨਿਯੁਕਤੀ ਉਨ੍ਹਾਂ ਦੇ ਤਜਰਬੇ ਅਤੇ ਯੋਗਤਾ ਦੇ ਆਧਾਰ ‘ਤੇ ਕੀਤੀ ਜਾਂਦੀ ਸੀ, ਪਰ ਇਸ ਵਾਰ ਲਗਭਗ 7,700 ਉਮੀਦਵਾਰ ਚੋਣਾਂ ਲੜ ਰਹੇ ਹਨ, ਜਿਨ੍ਹਾਂ ਵਿੱਚੋਂ ਜਨਤਾ ਨੇ 2,600 ਤੋਂ ਵੱਧ ਨਿਆਂਇਕ ਅਹੁਦਿਆਂ ਲਈ ਵੋਟ ਦਿੱਤੀ। ਰਾਸ਼ਟਰਪਤੀ ਅਤੇ ਉਨ੍ਹਾਂ ਦੀ ਪਾਰਟੀ ਦਾ ਕਹਿਣਾ ਹੈ ਕਿ ਇਹ ਚੋਣ ਨਿਆਂਪਾਲਿਕਾ ਤੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਵੱਲ ਇੱਕ ਕਦਮ ਹੈ, ਕਿਉਂਕਿ ਦੇਸ਼ ਲੰਬੇ ਸਮੇਂ ਤੋਂ ਅਪਰਾਧੀਆਂ ਨੂੰ ਸਜ਼ਾ ਨਾ ਮਿਲਣ ਦੀ ਸਮੱਸਿਆ ਨਾਲ ਜੂਝ ਰਿਹਾ ਹੈ। ਪਰ ਆਲੋਚਕਾਂ ਦਾ ਕਹਿਣਾ ਹੈ ਕਿ ਇਸ ਨਾਲ ਲੋਕਤੰਤਰ ਕਮਜ਼ੋਰ ਹੋਵੇਗਾ ਅਤੇ ਅਪਰਾਧੀ ਅਤੇ ਭ੍ਰਿਸ਼ਟ ਤਾਕਤਾਂ ਨਿਆਂਪਾਲਿਕਾ ਵਿੱਚ ਘੁਸਪੈਠ ਕਰ ਸਕਦੀਆਂ ਹਨ। ‘ਡਿਫੈਂਸੋਰਕਸ’ ਵਰਗੇ ਨਾਗਰਿਕ ਸਮੂਹਾਂ ਨੇ ਕਈ ਉਮੀਦਵਾਰਾਂ ‘ਤੇ ਸਵਾਲ ਖੜ੍ਹੇ ਕੀਤੇ ਹਨ। ਇਨ੍ਹਾਂ ਵਿੱਚ ਕੁਝ ਵਕੀਲ ਸ਼ਾਮਲ ਹਨ ਜਿਨ੍ਹਾਂ ਨੇ ਮੈਕਸੀਕੋ ਦੇ ਬਦਨਾਮ ਡਰੱਗ ਮਾਫੀਆ ਦੇ ਕੇਸ ਲੜੇ ਹਨ। ਇਸ ਤੋਂ ਇਲਾਵਾ, ਕੁਝ ਅਧਿਕਾਰੀ ਜਿਨ੍ਹਾਂ ਨੂੰ ਭ੍ਰਿਸ਼ਟਾਚਾਰ ਕਾਰਨ ਅਸਤੀਫ਼ਾ ਦੇਣਾ ਪਿਆ ਸੀ, ਉਹ ਵੀ ਚੋਣਾਂ ਲੜ ਰਹੇ ਹਨ ਅਤੇ ਇੱਥੋਂ ਤੱਕ ਕਿ ਕੁਝ ਸਾਬਕਾ ਅਧਿਕਾਰੀ ਜਿਨ੍ਹਾਂ ਨੇ ਅਮਰੀਕਾ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਜੇਲ੍ਹ ਦੀ ਸਜ਼ਾ ਕੱਟੀ ਹੈ। ਕੁਝ ਉਮੀਦਵਾਰ ਇੱਕ ਧਾਰਮਿਕ ਸਮੂਹ ਨਾਲ ਜੁੜੇ ਹੋਏ ਹਨ ਜਿਸਦਾ ਅ ਧਿ ਆ ਤ ਮਿ ਕ ਆਗੂ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ ਵਿੱਚ ਅਮਰੀਕਾ ਵਿੱਚ ਸਜ਼ਾ ਕੱਟ ਰਿਹਾ ਹੈ। ਦੂਜੇ ਪਾਸੇ, ਵੋਟਰ ਇਸ ਪ੍ਰਕਿਰਿਆ ਬਾਰੇ ਉਲਝਣ ਵਿੱਚ ਹਨ। ਇੱਕ ਮਾਹਰ ਦੇ ਅਨੁਸਾਰ, ਚੋਣਾਂ ਦੀ ਯੋਜਨਾ ਜਲਦੀ ਵਿੱਚ ਬਣਾਈ ਗਈ ਹੈ ਅਤੇ ਲੋਕ ਨਹੀਂ ਜਾਣਦੇ ਕਿ ਕਿਸ ਨੂੰ ਵੋਟ ਪਾਉਣੀ ਹੈ। ਕਈ ਥਾਵਾਂ ‘ਤੇ, ਇੱਕ ਅਹੁਦੇ ਲਈ 100 ਤੋਂ ਵੱਧ ਉਮੀਦਵਾਰ ਹਨ ਅਤੇ ਉਮੀਦਵਾਰਾਂ ਨੂੰ ਨਾ ਤਾਂ ਆਪਣੀ ਪਾਰਟੀ ਦੀ ਪਛਾਣ ਦੱਸਣ ਦੀ ਇਜਾਜ਼ਤ ਹੈ ਅਤੇ ਨਾ ਹੀ ਉਹ ਖੁੱਲ੍ਹ ਕੇ ਪ੍ਰਚਾਰ ਕਰ ਸਕਦੇ ਹਨ। ਨਤੀਜਾ ਇਹ ਹੈ ਕਿ ਲੋਕ ਅੰਨ੍ਹੇਵਾਹ ਵੋਟ ਪਾਉਣ ਜਾ ਰਹੇ ਹਨ। ਐਤਵਾਰ ਦੀਆਂ ਨਿਆਂਇਕ ਚੋਣਾਂ ਵਿੱਚ 2,700 ਸੰਘੀ, ਰਾਜ ਅਤੇ ਸਥਾਨਕ ਜੱਜ ਅਹੁਦਿਆਂ ਲਈ ਵੋਟਾਂ ਅਜੇ ਵੀ ਗਿਣੀਆਂ ਜਾ ਰਹੀਆਂ ਸਨ, ਅਤੇ ਨਤੀਜੇ ਨੌਂ ਸੁਪਰੀਮ ਕੋਰਟ ਦੀਆਂ ਸੀਟਾਂ ਲਈ ਵੀ ਸਨ। ਜ਼ਿਆਦਾਤਰ ਨਵੇਂ ਚੁਣੇ ਗਏ ਜੱਜਾਂ ਦੇ ਸੱਤਾਧਾਰੀ ਪਾਰਟੀ ਨਾਲ ਮਜ਼ਬੂਤ ਸਬੰਧ ਅਤੇ ਵਿਚਾਰਧਾਰਕ ਸਬੰਧ ਹਨ, ਜਿਸ ਨਾਲ ਇੱਕ ਸਮੇਂ ਸੰਤੁਲਿਤ ਹਾਈ ਕੋਰਟ ਉਸੇ ਪਾਰਟੀ ਦੇ ਹੱਥਾਂ ਵਿੱਚ ਛੱਡ ਦਿੱਤੀ ਗਈ ਸੀ ਜਿਸਨੇ ਪਹਿਲਾਂ ਜੱਜਾਂ ਦੀ ਚੋਣ ਕਰਕੇ ਨਿਆਂਇਕ ਪ੍ਰਣਾਲੀ ਨੂੰ ਬਦਲਿਆ ਸੀ। ਆਲੋਚਕਾਂ ਦਾ ਕਹਿਣਾ ਹੈ ਕਿ ਨਿਆਂਇਕ ਸੁਧਾਰ ਉੱਚ ਪ੍ਰਸਿੱਧੀ ਦੇ ਪੱਧਰਾਂ ਦਾ ਲਾਭ ਉਠਾ ਕੇ ਅਦਾਲਤਾਂ ਨੂੰ ਪਾਰਟੀ ਦੇ ਪੱਖ ਵਿੱਚ ਧੱਕਣ ਦੀ ਕੋਸ਼ਿਸ਼ ਸੀ। ਇੱਕ ਹੋਰ ਮਾਹਰ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਜੱਜਾਂ ਦੀ ਚੋਣ ਕਰਨ ਨਾਲ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟ ਦਿੱਤਾ ਜਾਵੇਗਾ, ਕਿਉਂਕਿ ਜ਼ਿਆਦਾਤਰ ਮੈਕਸੀਕਨ ਇਸ ਗੱਲ ਨਾਲ ਸਹਿਮਤ ਹਨ ਕਿ ਸਿਸਟਮ ਟੁੱਟ ਗਿਆ ਹੈ। ਪੋਲਸਟਰ ਨੇ ਕਿਹਾ, “ਜੋ ਕੋਈ ਕਹਿੰਦਾ ਹੈ ਕਿ ਮੈਕਸੀਕੋ ਵਿੱਚ ਤਾਨਾਸ਼ਾਹੀ ਹੈ ਉਹ ਝੂਠ ਬੋਲ ਰਿਹਾ ਹੈ।” ਮੈਕਸੀਕੋ ਇੱਕ ਅਜਿਹਾ ਦੇਸ਼ ਹੈ ਜੋ ਸਿਰਫ ਵਧੇਰੇ ਆਜ਼ਾਦ, ਨਿਆਂਪੂਰਨ ਅਤੇ ਲੋਕਤੰਤਰੀ ਹੁੰਦਾ ਜਾ ਰਿਹਾ ਹੈ ਕਿਉਂਕਿ ਇਹ ਲੋਕਾਂ ਦੀ ਇੱਛਾ ਹੈ। ਚੋਣਾਂ ਵਿੱਚ ਵੋਟਰਾਂ ਦੀ ਭਾਗੀਦਾਰੀ ਲਗਭਗ 13 ਪ੍ਰਤੀਸ਼ਤ ਘੱਟ ਸੀ ਅਤੇ ਵੋਟਰਾਂ ਵਿੱਚ ਉਲਝਣ ਸੀ ਕਿਉਂਕਿ ਉਨ੍ਹਾਂ ਨੂੰ ਨਵੀਂ ਵੋਟਿੰਗ ਪ੍ਰਣਾਲੀ ਨੂੰ ਸਮਝਣਾ ਮੁਸ਼ਕਲ ਲੱਗਿਆ, ਜਿਸਨੂੰ ਵਿਰੋਧੀਆਂ ਨੇ ਤੁਰੰਤ ਅਸਫਲਤਾ ਮੰਨਿਆ।



ਦੋਸਤੋ, ਜੇਕਰ ਅਸੀਂ ਇਸ ਬਾਰੇ ਗੱਲ ਕਰੀਏ ਕਿ ਇਹ ਨਿਆਂਇਕ ਸੁਧਾਰ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਹੈ ਜਾਂ ਇਸਨੂੰ ਇੱਕ ਰਾਜਨੀਤਿਕ ਮੋਹਰਾ ਬਣਾਉਣ ਲਈ, ਤਾਂ ਸਾਬਕਾ ਰਾਸ਼ਟਰਪਤੀ ਨੇ ਆਪਣੇ ਕਾਰਜਕਾਲ ਦੇ ਅੰਤ ਵਿੱਚ ਇਸ ਬਦਲਾਅ ਨੂੰ ਮਨਜ਼ੂਰੀ ਦਿੱਤੀ ਸੀ, ਉਨ੍ਹਾਂ ਦਾਅਵਾ ਕੀਤਾ ਸੀ ਕਿ ਇਸ ਨਾਲ ਅਦਾਲਤਾਂ ਵਿੱਚ ਜਵਾਬਦੇਹੀ ਵਧੇਗੀ ਅਤੇ ਜਨਤਾ ਨੂੰ ਨਿਆਂਇਕ ਪ੍ਰਕਿਰਿਆ ਵਿੱਚ ਹਿੱਸਾ ਮਿਲੇਗਾ, ਪਰ ਵਿਰੋਧੀਆਂ ਦਾ ਕਹਿਣਾ ਹੈ ਕਿ ਇਹ ਸਭ ਓਬਰਾਡੋਰ ਦੀ ਪਾਰਟੀ ਦੀ ਸ਼ਕਤੀ ਨੂੰ ਹੋਰ ਮਜ਼ਬੂਤ ਕਰਨ ਦੀ ਕੋਸ਼ਿਸ਼ ਹੈ। ਕਿਉਂਕਿ ਅਦਾਲਤ ਨੇ ਅਕਸਰ ਉਨ੍ਹਾਂ ਦੇ ਪ੍ਰਸਤਾਵਾਂ ਨੂੰ ਰੱਦ ਕਰ ਦਿੱਤਾ ਹੈ, ਹੁਣ ਜੇਕਰ ਜੱਜ ਵੀ ਜਨਤਾ ਦੀਆਂ ਵੋਟਾਂ ਨਾਲ ਚੁਣੇ ਜਾਂਦੇ ਹਨ, ਤਾਂ ਉਨ੍ਹਾਂ ‘ਤੇ ਰਾਜਨੀਤਿਕ ਪ੍ਰਭਾਵ ਪਾਉਣਾ ਆਸਾਨ ਹੋ ਸਕਦਾ ਹੈ। ਕੋਈ ਵੀ ਰਾਜਨੀਤਿਕ ਪਾਰਟੀ ਕਿਸੇ ਉਮੀਦਵਾਰ ਨੂੰ ਨਾਮਜ਼ਦ ਜਾਂ ਸਮਰਥਨ ਨਹੀਂ ਦੇ ਸਕਦੀ, ਉਮੀਦਵਾਰਾਂ ਨੂੰ ਚੋਣ ਪ੍ਰਚਾਰ ਦਾ ਖਰਚਾ ਖੁਦ ਚੁੱਕਣਾ ਪਵੇਗਾ, ਟੀਵੀ-ਰੇਡੀਓ ‘ਤੇ ਇਸ਼ਤਿਹਾਰਬਾਜ਼ੀ ‘ਤੇ ਪਾਬੰਦੀ ਹੈ, ਪਰ ਸੋਸ਼ਲ ਮੀਡੀਆ ਅਤੇ ਇੰਟਰਵਿਊ ਦੀ ਇਜਾਜ਼ਤ ਹੈ। ਜੱਜਾਂ ਦੀ ਨਿਗਰਾਨੀ ਕਰਨ ਅਤੇ ਲੋੜ ਪੈਣ ‘ਤੇ ਉਨ੍ਹਾਂ ਨੂੰ ਮੁਅੱਤਲ ਜਾਂ ਬਰਖਾਸਤ ਕਰਨ ਲਈ ਇੱਕ ਨਵਾਂ ਨਿਆਂਇਕ ਅਨੁਸ਼ਾਸਨੀ ਟ੍ਰਿਬਿਊਨਲ ਵੀ ਬਣਾਇਆ ਗਿਆ ਹੈ। ਹਾਲਾਂਕਿ ਨਿਯਮ ਰਾਜਨੀਤਿਕ ਪਾਰਟੀਆਂ ਦੀ ਭੂਮਿਕਾ ‘ਤੇ ਪਾਬੰਦੀ ਲਗਾਉਂਦੇ ਹਨ, ਪਰ ਮਾਫੀਆ ਦਾ ਡਰ ਵੀ ਬਣਿਆ ਹੋਇਆ ਹੈ। ਮਨੁੱਖੀ ਅਧਿਕਾਰ ਸੰਗਠਨਾਂ ਨੇ ਚੇਤਾਵਨੀ ਦਿੱਤੀ ਹੈ ਕਿ ਅਪਰਾਧਿਕ ਸਮੂਹ, ਖਾਸ ਕਰਕੇ ਸਥਾਨਕ ਪੱਧਰ ‘ਤੇ, ਇਨ੍ਹਾਂ ਚੋਣਾਂ ਨੂੰ ਪ੍ਰਭਾਵਿਤ ਕਰ ਸਕਦੇ ਹਨ। ਪਹਿਲਾਂ, ਮਾਫੀਆ ਵਿਰੋਧੀ ਨੇਤਾਵਾਂ ਨੂੰ ਧਮਕੀਆਂ ਦਿੰਦੇ ਰਹੇ ਹਨ ਜਾਂ ਮਾਰਦੇ ਰਹੇ ਹਨ।

ਇਸ ਲਈ ਜੇਕਰ ਅਸੀਂ ਉਪਰੋਕਤ ਵੇਰਵਿਆਂ ਦਾ ਅਧਿਐਨ ਕਰੀਏ ਅਤੇ ਉਹਨਾਂ ਦਾ ਵਿਅਕਤੀਗਤ ਤੌਰ ‘ਤੇ ਵਿਸ਼ਲੇਸ਼ਣ ਕਰੀਏ, ਤਾਂ ਅਸੀਂ ਪਾਵਾਂਗੇ ਕਿ ਆਮ ਲੋਕਾਂ ਨੇ ਸੁਪਰੀਮ ਕੋਰਟ, ਜ਼ਿਲ੍ਹਾ ਮੈਜਿਸਟਰੇਟ ਅਤੇ ਜੱਜਾਂ ਦੀਆਂ ਚੋਣਾਂ ਵਿੱਚ ਵੋਟ ਪਾਈ। 2700 ਤੋਂ ਵੱਧ ਨਿਆਂਇਕ ਅਹੁਦਿਆਂ ਲਈ 7700 ਉਮੀਦਵਾਰਾਂ ਨੇ ਚੋਣ ਲੜੀ। ਅਦਾਲਤਾਂ ਦੇ ਰਾਜਨੀਤਿਕ ਅਤੇ ਅਪਰਾਧਿਕ ਦਬਾਅ ਹੇਠ ਆਉਣ ਦੀ ਸੰਭਾਵਨਾ। ਦੁਨੀਆ ਦਾ ਪਹਿਲਾ ਦੇਸ਼ ਜਿੱਥੇ ਆਮ ਲੋਕਾਂ ਨੇ ਨਿਆਂਇਕ ਅਹੁਦਿਆਂ ਲਈ ਸਿੱਧੇ ਤੌਰ ‘ਤੇ ਵੋਟ ਪਾਈ। ਸਿਰਫ 13% ਵੋਟਿੰਗ ਦਰਜ ਕੀਤੀ ਗਈ। ਅਦਾਲਤ ਨੂੰ ਲੋਕਤੰਤਰੀ ਬਣਾਉਣ ਲਈ, ਆਮ ਲੋਕਾਂ ਦੁਆਰਾ ਸਿੱਧੀ ਚੋਣ ਇੱਕ ਵਿਲੱਖਣ, ਵਿਵਾਦਪੂਰਨ ਅਤੇ ਲੋਕਤੰਤਰ ਦਾ ਮਜ਼ਾਕ ਹੈ। ਨਿਆਂ ਪ੍ਰਣਾਲੀ ਰਾਜਨੀਤਿਕ, ਅਪਰਾਧਿਕ ਅਤੇ ਅਯੋਗ ਵਿਅਕਤੀਆਂ ਦੇ ਹੱਥਾਂ ਵਿੱਚ ਹੋਵੇਗੀ।

-ਕੰਪਾਈਲਰ ਲੇਖਕ - ਕਿਆਰ ਮਾਹਰ ਕਾਲਮਨਵੀਸ ਸਾਹਿਤਕ ਹਸਤੀ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮਾਧਿਅਮ ਸੀਏ (ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਈ ਗੋਂਡੀਆ ਮਹਾਰਾਸ਼ਟਰ 9359653465

# ਲਾਇਨ ਅਸ਼ਵਨੀ ਸ਼ਰਮਾ ਬਣੇ ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਦੇ ਪ੍ਰਧਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਫਗਵਾੜਾ 4 ਜੂਨ (ਸ਼ਿਵ ਕੌੜਾ) ਲਾਇਨਜ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਦੀ ਇਕ ਮੀਟਿੰਗ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ‘ਚ ਕਲੱਬ ਪ੍ਰਧਾਨ ਹਰਵਿੰਦਰਜੀਤ ਸਿੰਘ ਨੇ ਪਿਛਲੇ ਸਾਲ ਕੀਤੇ ਗਏ ਪ੍ਰੋਜੈਕਟਾਂ ਦੀ ਰਿਪੋਰਟ ਵਿਸਥਾਰ ਦੇ ਨਾਲ ਸਮੂਹ ਮੈਂਬਰਾਂ ਦੇ ਸਾਹਮਣੇ ਰੱਖੀ। ਮੀਟਿੰਗ ਦੌਰਾਨ ਲਾਇਨ ਅਸ਼ਵਨੀ ਸ਼ਰਮਾ ਨੂੰ ਸਰਬ ਸੰਮਤੀ ਨਾਲ ਸਾਲ 2025-26 ਲਈ ਪ੍ਰਧਾਨ ਐਲਾਨਿਆ ਗਿਆ। ਨਵ-ਨਿਯੁਕਤ ਪ੍ਰਧਾਨ ਲਾਇਨ ਅਸ਼ਵਨੀ ਸ਼ਰਮਾ ਨੇ ਆਪਣੀ ਕਾਰਜਕਾਰਣੀ ਦਾ ਐਲਾਨ ਕਰਦਿਆਂ ਲਾਇਨ ਬਲਵਿੰਦਰ ਸਿੰਘ ਨੂੰ ਸਕੱਤਰ, ਲਾਇਨ ਪ੍ਰਦੀਪ ਸਿੰਘ ਨੂੰ ਖਜਾਨਚੀ ਅਤੇ ਲਾਇਨ ਸੁਰਿੰਦਰ ਰਾਏ ਨੂੰ ਪੀ.ਆਰ.ਓ. ਦੀ ਜਿੰਮੇਵਾਰੀ ਦਿੱਤੀ। ਸਮੂਹ ਨਵਨਿਯੁਕਤ ਅਹੁਦੇਦਾਰਾਂ ਨੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਅਤੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਕਲੱਬ ਦੀ ਪਰੰਪਰਾ ਨੂੰ ਕਾਇਮ ਰੱਖਦੇ ਹੋਏ ਵੱਧ ਤੋਂ ਵੱਧ ਸਮਾਜ ਸੇਵੀ ਪ੍ਰੋਜੈਕਟ ਕੀਤੇ ਜਾਣਗੇ। ਜਿਹਨਾਂ ਦੀ ਰੂਪਰੇਖਾ ਬਹੁਤ ਜਲਦੀ ਸਮੂਹ ਕਲੱਬ ਮੈਂਬਰਾਂ ਦੇ ਨਾਲ ਵਿਚਾਰ ਵਟਾਂਦਰਾ ਕਰਦੇ ਹੋਏ ਤਿਆਰ ਕੀਤੀ ਜਾਵੇਗੀ। ਕਲੱਬ ਵਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਫੁੱਲਮਾਲਾਵਾਂ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਲਾਇਨ ਇੰਦਰਜੀਤ ਸਿੰਘ, ਲਾਇਨ ਰਵੀ ਮੰਗਲ, ਲਾਇਨ ਚਮਨ ਲਾਲ, ਲਾਇਨ ਸੁਰਿੰਦਰ ਰਾਏ, ਲਾਇਨ ਸੁਖਜੀਤ ਸਮਰਾ, ਲਾਇਨ ਬਲਵਿੰਦਰ ਸਿੰਘ, ਲਾਇਨ ਮੋਹਨ ਸਿੰਘ ਕੋਹਲੀ ਆਦਿ ਹਾਜਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਫਗਵਾੜਾ ਵਿਖੇ ਵਿਕਾਸ ਕਾਰਜਾਂ ਦਾ ਜਾਇਜ਼ਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਫਗਵਾੜਾ 4 ਜੂਨ (ਸ਼ਿਵ ਕੌੜਾ)ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਅੱਜ ਸਬ-ਡਵੀਜ਼ਨ ਫਗਵਾੜਾ ਦਾ ਦੌਰਾ ਕਰਕੇ ਫਗਵਾੜਾ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਆਉਣ ਵਾਲੇ ਮੌਨਸੂਨ ਸੀਜ਼ਨ ਲਈ ਪ੍ਰਸ਼ਾਸ਼ਨ ਵੱਲੋਂ ਕੀਤੀਆਂ ਤਿਆਰੀਆਂ ਦਾ ਨਿਰੀਖਣ ਕੀਤਾ ਉਨ੍ਹਾਂ ਦੇ ਨਾਲ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ , ਨਗਰ ਨਿਗਮ, ਫਗਵਾੜਾ ਦੇ ਮੇਅਰ ਰਾਮਪਾਲ ਉੱਪਲ ਹਰਜੀ ਮਾਨ , ਏ.ਡੀ.ਸੀ.-ਕਮ-ਕਮਿਸ਼ਨਰ ਡਾ.ਅਕਸ਼ਿਤਾ ਗੁਪਤਾ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ ਡਿਪਟੀ ਕਮਿਸ਼ਨਰ ਨੇ ਕਈ ਵਿਕਾਸ ਪ੍ਰੋਜੈਕਟਾਂ ਅਤੇ ਬੁਨਿਆਦੀ ਢਾਂਚਿਆਂ ਦਾ ਨਿਰੀਖਣ ਕੀਤਾ, ਜਿਨ੍ਹਾਂ ਵਿੱਚ ਡਰੇਨੇਜ਼, ਅਪਗ੍ਰੇਡੇਸ਼ਨ, ਸੜਕਾਂ ਦੀ ਮੁਰੰਮਤ, ਬੱਸ ਸਟੈਂਡ ਦੇ ਨੇੜੇ ਅੰਡਰਪਾਸ ਦਾ ਨਿਰਮਾਣ ਅਤੇ ਬਰਸਾਤੀ ਸੀਜ਼ਨ ਲਈ ਫਗਵਾੜਾ ਸ਼ਹਿਰ ਦੀਆਂ ਤਿਆਰੀਆਂ ਆਦਿ ਸ਼ਾਮਲ ਸਨ ਉਨ੍ਹਾਂ ਬਰਸਾਤੀ ਸੀਜ਼ਨ ਦੌਰਾਨ ਫਗਵਾੜਾ ਸ਼ਹਿਰ ਵਿੱਚੋਂ ਬਰਸਾਤੀ ਪਾਣੀ ਦੇ ਨਿਕਾਸ ਲਈ ਸੀਵਰੇਜ਼ ਦੀ ਸਮੇਂ ਸਿਰ ਸਫ਼ਾਈ, ਸੋਰਸ ਸੈਗਰੀਗੇਸ਼ਨ ਅਤੇ ਫਗਵਾੜਾ ਸਬ-ਡਵੀਜ਼ਨ ਦੇ ਵਿਭਾਗਾਂ ਵਿੱਚ ਆਪਸੀ ਤਾਲ-ਮੇਲ ਤੇ ਵਿਸ਼ੇਸ਼ ਜ਼ੋਰ ਦਿੱਤਾ ਉਨ੍ਹਾਂ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦੀ ਗੁਣਵਤਾ ਅਤੇ ਉੱਚ-ਮਿਆਰ ਬਣਾਈ ਰੱਖਣ ਲਈ ਅਧਿਕਾਰੀਆਂ ਨੂੰ ਸਾਰੇ ਲੰਬਿਤ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਸਾਰੇ ਪ੍ਰੋਜੈਕਟ ਨਿਰਧਾਰਿਤ ਸਮਾਂ ਸੀਮਾ ਅੰਦਰ ਮੁਕੰਮਲ ਕਰਵਾਏ ਜਾਣੇ ਯਕੀਨੀ ਬਣਾਏ ਜਾਣ ਉਨ੍ਹਾਂ ਕਿਹਾ ਕਿ ਅਧਿਕਾਰੀ ਵਿਕਾਸ ਕਾਰਜਾਂ ਦੀ ਖੁਦ ਸਮੀਖਿਆ ਕਰਨ ਤਾਂ ਜੋ ਕੰਮ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਾਲ- ਨਾਲ ਕੰਮ ਦੀ ਗੁਣਵੱਤਾ ਨੂੰ ਵੀ ਬਰਕਰਾਰ ਰੱਖਿਆ ਜਾ ਸਕੇ ਇਸ ਮੌਕੇ ਸ.ਮਾਨ , ਮੇਅਰ ਰਾਮਪਾਲ ਉੱਪਲ ਨੇ ਡਿਪਟੀ ਕਮਿਸ਼ਨਰ, ਕਪੂਰਥਲਾ ਨੂੰ ਨਗਰ ਨਿਗਮ, ਫਗਵਾੜਾ ਵੱਲੋਂ ਪੂਰਾ ਸਮਰਥਣ ਦੇਣ ਦਾ ਭਰੋਸਾ ਦਿੱਤਾ ਅਤੇ ਫਗਵਾੜਾ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਹੋਰ ਵਧੀਆ ਬਣਾਉਣ ਲਈ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਸਾਂਝਾ ਕੀਤਾ ਇਸ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਸਥਾਨਕ ਲੋਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਵੀ ਸੁਣਿਆ। ਅਤੇ ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸ਼ਨ ਕੁਸ਼ਲ ਸੇਵਾ ਪ੍ਰਦਾਨ ਕਰਨ, ਸ਼ਾਸ਼ਨ ਅਤੇ ਸਫ਼ਾਈ ਵਿਵਸਥਾ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ।

# ਐਸ ਡੀ ਓ ਭੁਪਿੰਦਰ ਸਿੰਘ ਹੋਏ ਸੇਵਾ ਮੁਕਤ

## ਵੱਖ ਵੱਖ ਟ੍ਰੇਡ ਯੂਨੀਅਨ ਆਗੂਆਂ ਅਤੇ ਸਮਾਜ ਸੇਵਕਾਂ ਵਲੋਂ ਦਿਤੀ ਨਿਗੀ ਵਿਦਾਇਗੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਮੋਰਿੰਡਾ 4 ਜੂਨ (ਪਤਰ ਪ੍ਰੇਰਕ ) ਉਘੇ ਟ੍ਰੇਡ ਯੂਨੀਅਨ ਆਗੂ ਭੁਪਿੰਦਰ ਸਿੰਘ ਮਦਨਹੇੜੀ ਐਸ ਡੀ ਓ ਸਿਟੀ ਮੋਰਿੰਡਾ ਬਿਜਲੀ ਬੋਰਡ ਪੰਜਾਬ ਵਿੱਚ 33 ਸਾਲ ਦੀ ਲੰਬੀ ਤੇ ਸਮਰਪਿਤ ਨੌਕਰੀ ਨਿਭਾਉਣ ਤੋਂ ਅਜ ਸੇਵਾ ਮੁਕਤ ਹੋ ਗਏ ਹਨ ਇਸ ਸਬੰਧੀ ਜਾਣਕਾਰੀ ਦਿੰਦਿਆਂ ਟ੍ਰੇਡ ਯੂਨੀਅਨ ਆਗੂ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਅੱਜ ਸਥਾਨ ਰੰਗੀਂ ਪੈਲਸ ਵਿਖੇ ਕਰਵਾਏ ਸਨਮਾਨ ਸਮਾਰੋਹ ਦੌਰਾਨ ਬਿਜਲੀ ਬੋਰਡ ਦੀਆਂ ਵੱਖ ਵੱਖ ਮੁਲਾਜ਼ਮ ਜਥੇਬੰਦੀਆਂ, ਟ੍ਰੇਡ ਯੂਨੀਅਨ ਆਗੂਆਂ ਅਤੇ ਇਲਾਕੇ ਦੀਆਂ ਸਮਾਜਿਕ ਜਥੇਬੰਦੀਆਂ ਵੱਲੋਂ ਭੁਪਿੰਦਰ ਸਿੰਘਤੇ ਉਹਨਾਂ ਦੇ ਪ੍ਰੀਵਾਰਿਕ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ,ਕੀਮਤੀ ਤੇਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਉਹਨਾਂ ਦੱਸਿਆ ਕਿ

ਇੰਜੀਨੀਅਰ ਭੁਪਿੰਦਰ ਸਿੰਘ ਦਾ ਜਨਮ ਪਿੰਡ ਮਦਨਹੇੜੀ ਵਿੱਚ ਹੋਇਆ। ਉਨ੍ਹਾਂ ਨੇ ਆਪਣੀ ਵਿਦਿਅਕ ਯਾਤਰਾ ਆਈ.ਟੀ.ਆਈ. ਬਸੀ ਪਠਾਣਾ ਤੋਂ ਸ਼ੁਰੂ ਕੀਤੀ ਅਤੇ ਗ੍ਰੈਜੂਏਸ਼ਨ ਸ਼ਹੀਦ ਕਾਂਸ਼ੀ ਰਾਮ ਕਾਲਜ, ਭਾਗੋ ਮਾਜਰਾ ਤੋਂ ਕੀਤੀ। ਉਨ੍ਹਾਂ ਨੇ 16 ਮਈ 1992 ਨੂੰ ਬਿਜਲੀ ਬੋਰਡ ਵਿੱਚ ਘੜੂੰਆਂ ਦਫ਼ਤਰ ਵਿਖੇ ਲਾਈਨਮੈਨ ਵਜੋਂ ਆਪਣੀ ਸੇਵਾ ਦੀ ਸ਼ੁਰੂਆਤ ਕੀਤੀ।

ਉਨ੍ਹਾਂ ਨੇ ਆਪਣੀ ਮਿਹਨਤ, ਨਿਸ਼ਠਾ ਅਤੇ ਕਾਬਲਿਯਤ ਦੇ ਆਧਾਰ ‘ਤੇ ਲਾਈਨਮੈਨ ਤੋਂ ਜੇ ਈ ਅਤੇ ਫਿਰ ਐਸ.ਡੀ.ਓ. ਤੱਕ ਦੇ ਉੱਚ ਅਹੁਦਿਆਂ ‘ਤੇ ਤਰੱਕੀ ਪ੍ਰਾਪਤ ਕੀਤੀ।

ਉਨ੍ਹਾਂ ਦੀਆਂ ਵਧੀਆ ਸੇਵਾਵਾਂ ਨੂੰ ਮੱਦੇਨਜ਼ਰ ਰੱਖਦਿਆਂ ਉਨ੍ਹਾਂ ਨੂੰ ਐਸ.ਡੀ.ਓ ਮੋਰਿੰਡਾ ਅਤੇ ਪੰਜਾਬ ਸਟੇਟ ਬਿਜਲੀ ਬੋਰਡ (ਹੁਣ PSPCL) ਦੀ ਮੈਨੇਜਮੈਂਟ ਵੱਲੋਂ ਕਈ ਵਾਰ ਸਨਮਾਨਿਤ ਕੀਤਾ ਗਿਆ।ਇਸ ਦੇ ਨਾਲ-ਨਾਲ ਭੁਪਿੰਦਰ ਸਿੰਘ ਨੇ ਸਮਾਜ ਸੇਵਾ ਅਤੇ ਟ੍ਰੇਡ ਯੂਨੀਅਨ ਗਤੀਵਿਧੀਆਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ ਅਤੇ ਆਗੂ ਵਜੋਂ ਮਕਬੂਲ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਕਸੀਅਨ ਡਵੀਜ਼ਨ ਖਰੜ,ਐਸ ਡੀ ਓ ਸਦਰ ਜਸਨੂਰ ਸਿੰਘ, ਐਮ ਐਸ ਯੂ ਦੇ ਸੂਬਾਈ ਆਗੂ ਹਰਭਜਨ ਸਿੰਘ,ਟੀ ਐਸ ਯੂ ਦੇ ਸੂਬਾਈ ਆਗੂ ਰਤਨ ਸਿੰਘ,ਜੁਆਇੰਟ ਫੋਰਮ ਆਗੂ ਸੁਖਵਿੰਦਰ ਦੁੱਮਣਾ, ਵਰਿੰਦਰ ਸਿੰਘ, ਮੈਡਮ ਰੰਜੂ ਬਾਲਾ, ਜਰਨੈਲ ਸਿੰਘ, ਸਰਕਲ ਸਕੱਤਰ ਪਰਮਜੀਤ ਸਿੰਘ, ਬਲਵਿੰਦਰ ਸਿੰਘ , ਰਣਜੋਧ ਸਿੰਘ , ਸੁਖਜਿੰਦਰ ਸਿੰਘ , ਸਿਮਰਪ੍ਰੀਤ ਸਿੰਘ, ਜੋਗਰਾਜ , ਬਲਵਿੰਦਰ ਰੜਿਆਲਾ, ਸ਼ੇਰ ਸਿੰਘ, ਸੁਖਵਿੰਦਰ ਸਿੰਘ , ਸੋਹਣ ਸਿੰਘ ,ਮੈਡਮ ਆਗੂ ਪ੍ਰੀਤੀ ਸ਼ਰਮਾ, ਪਰਮਜੀਤ ਕੌਰ ਹਰਮਨਜੀਤ ਕੌਰ,ਹਰਵੰਦਨਾ, ਮਨਜਿੰਦਰ ਕੌਰ ਆਦਿ ਮੁਲਾਜ਼ਮ ਆਗੂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਸਰਬ ਨੌਜਵਾਨ ਸਭਾ ਦੇ ਸਹਿਯੋਗ ਸਦਕਾ ਕਰਵਾਏ ਜਾ ਰਹੇ ਕੋਰਸਾਂ ਨੇ ਸੈਂਕੜੇ ਲੜਕੀਆਂ ਨੂੰ ਆਤਮ ਨਿਰਭਰ ਬਣਾਇਆ:- ਵਰਮਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਫਗਵਾੜਾ 4 ਜੂਨ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਔਰਤਾਂ ਨੂੰ ਸਵੈ-ਰੁਜ਼ਗਾਰ ਨਾਲ ਜੋੜਨ ਅਤੇ ਆਤਮ-ਨਿਰਭਰ ਬਣਾਉਣ ਦੇ ਮੰਤਵ ਨਾਲ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖ-ਰੇਖ ਹੇਠ ਸਥਾਨਕ ਹੁਸ਼ਿਆਰਪੁਰ ਰੋਡ ਸਥਿਤ ਸਕੀਮ ਨੰਬਰ ਤਿੰਨ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਦਾ ਅੱਜ ਸੋਸਵਾ ਪੰਜਾਬ ਦੇ ਮੈਂਬਰ ਡਾਇਰੈਕਟਰ ਡੀ.ਕੇ. ਵਰਮਾ ਰਿਟਾ. ਚੀਫ ਕਮਿਸ਼ਨਰ ਆਬਕਾਰੀ ਵਿਭਾਗ ਨੇ ਦੌਰਾ ਕੀਤਾ। ਉਹਨਾਂ ਦੇ ਨਾਲ ਸੋਸਵਾ ਪੰਜਾਬ ਦੇ ਪ੍ਰੋਗਰਾਮਿੰਗ ਮੈਨੇਜਰ ਵਰਸ਼ਾ ਅਰੋੜਾ ਵੀ ਸਨ। ਸੋਸਵਾ ਦੀ ਟੀਮ ਦਾ ਸਵਾਗਤ ਸੁਸਾਇਟੀ ਦੇ ਸਲਾਹਕਾਰ ਬੋਰਡ ਮੈਂਬਰ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਅਤੇ ਜਨਰਲ ਸਕੱਤਰ ਡਾ. ਵਿਜੈ ਕੁਮਾਰ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਉਹਨਾਂ ਨੇ ਸਭਾ ਵਲੋਂ ਵੋਕੇਸ਼ਨਲ ਸੈਂਟਰ ‘ਚ ਲੜਕੀਆਂ ਨੂੰ ਕਿੱਤਾ ਮੁਖੀ ਕੋਰਸਾਂ ਦੀ ਦਿੱਤੀ ਜਾ ਰਹੀ ਸਿਖਲਾਈ ਦੇ ਕੰਮ ਦਾ ਨਰੀਖਣ ਕੀਤਾ। ਪ੍ਰਧਾਨ ਸੁਖਵਿੰਦਰ ਸਿੰਘ ਨੇ ਸੈਂਟਰ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸੈਂਟਰ ਵਿਖੇ ਹੋਮ ਕੇਅਰ ਕੋਰਸ ਪ੍ਰਤੀ ਲੜਕੀਆਂ ’ਚ ਵੱਡਾ ਉਤਸ਼ਾਹ ਹੈ। ਜਿਸਦੇ ਤਹਿਤ ਬਜ਼ੁਰਗਾਂ ਅਤੇ ਬੱਚਿਆਂ ਦੀ ਸਾਂਭ ਸੰਭਾਲ ਦੀ ਪ੍ਰੈਕਟੀਕਲ ਟਰੇਨਿੰਗ ਦਿੱਤੀ ਜਾਂਦੀ ਹੈ। ਮੈਂਬਰ ਡਾਇਰੈਕਟਰ ਡੀ.ਕੇ. ਵਰਮਾ ਨੇ ਸੈਂਟਰ ਦੀ ਕਾਰਗੁਜਾਰੀ ਪ੍ਰਤੀ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਔਰਤਾਂ ਨੂੰ ਕਿੱਤਾ ਮੁਖੀ ਕੋਰਸਾਂ ਦੀ ਸਿਖਲਾਈ ਦੇਣ ਪ੍ਰਤੀ ਸਭਾ ਦੀ ਵਚਨਬੱਧਤਾ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦਾ ਮਕਸਦ ਉਹਨਾ ਨੂੰ ਆਰਥਿਕ ਤੌਰ ’ਤੇ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਘਰੇਲੂ ਔਰਤਾਂ ਦਾ ਸਵੈ-ਰੁਜ਼ਗਾਰਤ ਹੋਣਾ ਬਹੁਤ ਜ਼ਰੂਰੀ ਹੋ ਗਿਆ ਹੈ, ਤਾਂ ਜੋ ਪਰਿਵਾਰ ਦਾ ਗੁਜ਼ਾਰਾ ਆਸਾਨੀ ਨਾਲ ਹੋ ਸਕੇ। ਉਨ੍ਹਾਂ ਦੱਸਿਆ ਕਿ ਸੋਸਵਾ ਪੰਜਾਬ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਔਰਤਾਂ ਨੂੰ ਦਸਤਕਾਰੀ ਦੀ ਸਿਖਲਾਈ ਦੇ ਕੇ ਸਵੈ-ਰੁਜ਼ਗਾਰ ਬਣਾਉਣ ਲਈ ਸੂਬਾ ਪੱਧਰੀ ਉਪਰਾਲੇ ਵੱਡੀ ਪੱਧਰ ‘ਤੇ ਕੀਤੇ ਜਾ ਰਹੇ ਹਨ। ਪ੍ਰਿੰ: ਗੁਰਮੀਤ ਪਲਾਹੀ ਨੇ ਪਤਵੰਤਿਆਂ ਨੂੰ ਸਭਾ ਵਲੋਂ ਕੀਤੇ ਜਾਣ ਵਾਲੇ ਹੋਰ ਸਮਾਜ ਸੇਵੀ ਕਾਰਜਾਂ ਤੋਂ ਜਾਣੂ ਕਰਵਾਉਂਦੇ ਹੋਏ ਦੱਸਿਆ ਕਿ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ, ਵਾਤਾਵਰਨ ਦੀ ਸੰਭਾਲ, ਨਸ਼ਿਆਂ ਵਿਰੁੱਧ ਸੈਮੀਨਾਰ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਆਦਿ ਅਨੇਕਾਂ ਕਾਰਜ ਸਭਾ ਵੱਲੋਂ ਪਿਛਲੇ 36 ਸਾਲਾਂ ਤੋਂ ਲਗਾਤਾਰ ਕੀਤੇ ਜਾ ਰਹੇ ਹਨ। ਸਭਾ ਵਲੋਂ ਮੈਂਬਰ ਡਾਇਰੈਕਟਰ ਡੀ.ਕੇ. ਵਰਮਾ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮੈਡਮ ਤਨੂ, ਮੈਡਮ ਸਪਨਾ ਸ਼ਾਰਦਾ, ਮੈਡਮ ਮਨਪ੍ਰੀਤ ਕੌਰ, ਮੈਡਮ ਆਸ਼ੂ ਬੱਗਾ, ਮੈਡਮ ਨਵਜੋਤ ਕੌਰ, ਮੈਡਮ ਗੁਰਜੀਤ ਕੌਰ, ਸਾਹਿਬਜੀਤ ਸਾਬੀ, ਜਸ਼ਨ ਮਹਿਰਾ, ਮਨਦੀਪ ਬਾਸੀ, ਰਾਕੇਸ਼ ਕੋਛੜ, ਗੁਰਸ਼ਰਨ ਬਾਸੀ, ਰਾਜ ਕੁਮਾਰ ਰਾਜਾ, ਜੈਸਮੀਨ, ਬਲਜੀਤ, ਮਨਪ੍ਰੀਤ, ਅਮਨਪ੍ਰੀਤ, ਸਿਮਰਨਜੀਤ, ਹਰਮਨ, ਤਮੰਨਾ, ਸਲੋਨੀ, ਸਿਮਰਨ, ਕੰਵਲਪ੍ਰੀਤ, ਰਮਨ, ਸਰੀਨਾ, ਜਸਪ੍ਰੀਤ, ਗੀਤ, ਅੰਜਲੀ, ਪ੍ਰਿੰਯਕਾ, ਮੇਘਾ, ਉਪਿੰਦਰ ਕੌਰ, ਪਰਵੀਨ, ਅਮਨਜੋਤ, ਸੰਜਨਾ, ਗਗਨਦੀਪ, ਮਮਤਾ, ਅੰਜਲੀ ਹੀਰ, ਪ੍ਰਭਜੋਤ, ਖੁਸ਼ੀ ਰਾਣਾ, ਲਵਪ੍ਰੀਤ ਕੌਰ, ਪ੍ਰਿਆ, ਤਾਨੀਆ, ਮਨੀਸ਼ਾ, ਕਾਮਿਨੀ, ਸੁੰਦਰਸ਼ੀਲਾ, ਨੇਹਾ, ਨਿਸ਼ਾ ਆਦਿ ਹਾਜ਼ਰ ਸਨ।

# ਪਾਣੀ ਦੀ ਬਚਤ ਕਰਨ ਦੀ ਬੇਹੱਦ ਜਰੂਰਤ : ਸ਼ਿਵਮ ਸ਼ਰਮਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਜ਼ੀਰਾ 4 ਜੂਨ ( ਅੰਗਰੇਜ਼ ਬਰਾੜ ) - ਇਸ ਵਕਤ ਕਿਸਾਨਾਂ ਵੱਲੋਂ ਆਪਣੇ ਖੇਤਾਂ ਵਿੱਚ ਝੋਨਾ ਲਗਾਉਣਾ ਸ਼ੁਰੂ ਕਰ ਦਿੱਤਾ ਹੈ! ਇਹ ਸਾਰੇ ਹੀ ਜਾਣਦੇ ਹਨ ਕਿ ਝੋਨਾ ਲੱਗਣ ਵੇਲੇ ਅਤੇ ਝੋਨਾ ਲੱਗਣ ਤੋਂ ਬਾਅਦ ਝੋਨਾ ਅਤੇ ਝੋਨੇ ਦੇ ਪੱਕਣ ਤੱਕ ਝੋਨੇ ਨੂੰ ਬੇਹੱਦ ਪਾਣੀ ਚਾਹੀਦਾ ਹੈ, ਪਰ ਸਾਨੂੰ ਸਭ ਨੂੰ ਬਚਤ ਕਰਨੀ ਚਾਹੀਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਟੀਬੀਐਸ ਇੰਟਰਨੈਸ਼ਨਲ ਸਕੂਲ ਫਿਰੋਜ ਸ਼ਾਹ ਦੇ ਜਨਰਲ ਸੈਕਟਰੀ ਸ੍ਰੀ ਸ਼ਿਵਮ ਸ਼ਰਮਾ ਨੇ ਫਿਰੋਜਪੁਰ ਵਿਖੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਮਹਿਰਾਂ ਅਨੁਸਾਰ ਪਾਣੀ ਥੋੜੇ ਸਾਲਾਂ ਦਾ ਹੀ ਰਹਿ ਗਿਆ ਹੈ, ਜੇਕਰ ਅਸੀਂ ਪਾਣੀ ਦੀ ਸੰਭਾਲ ਨਾ ਕੀਤੀ ਤਾਂ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਪਾਣੀ ਨਹੀਂ ਮਿਲੇਗਾ। ਸ਼ਿਵਮ ਸ਼ਰਮਾ ਨੇ ਅੱਗੇ ਕਿਹਾ ਕਿ ਬਹੁਤ ਸਾਰੇ ਲੋਕ ਪਾਣੀ ਦੀ ਅਹਿਮੀਅਤ ਨਾ ਸਮਝਦੇ ਹੋਏ ਅਨੇਕਾਂ ਵਾਰ ਟੂਟੀਆਂ ਵੀ ਚਲਦੀਆਂ ਛੱਡ ਦਿੰਦੇ ਹਨ। ਉਹਨਾਂ ਕਿਹਾ ਕਿ ਸਾਡੇ ਗੁਰੂ ਸਾਹਿਬਾਨ ਵੱਲੋਂ ਵੀ ਪਾਣੀ ਦੀ ਅਹਿਮੀਅਤ ਸਮਝਦੇ ਹੋਏ “ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹਤ, ਕਿਹਾ



ਗਿਆ ਹੈ। ਸ੍ਰੀ ਸ਼ਰਮਾ ਨੇ ਕਿਹਾ ਕਿ ਪਾਣੀ ਦੇ ਨਾਲ ਹੀ ਸਾਡਾ ਜੀਵਨ ਹੈ ਇਸ ਲਈ ਸਾਨੂੰ ਪਾਣੀ ਦੀ ਬਚਤ ਕਰਨ ਦੀ ਬੇਹੱਦ ਜਰੂਰਤ ਹੈ।

# ਮਾਂ ਤੇ ਬੱਚਿਆਂ ਦੀ ਸਿਹਤ ਲਈ ਟੀਕਾਕਰਨ ਕੈਂਪ – ਮਾਨਸੂਹਾ ਕਲਾਂ 'ਚ ਜਾਗਰੂਕਤਾ ਅਤੇ ਸੇਵਾ ਦੋਹਾਂ ਦਾ ਸੰਦੇਸ਼

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਸ੍ਰੀ ਚਮਕੌਰ ਸਾਹਿਬ, 04 ਜੂਨ : ਸਿਵਲ ਸਰਜਨ,ਰੂਪਨਗਰ ਡਾ. ਸਵੱਪਨਜੀਤ ਕੌਰ ਅਤੇ ਜਿਲ੍ਹਾ ਟੀਕਾਕਰਨ ਅਫਸਰ ਡਾ. ਨਵਰੂਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਭਰ 'ਚ ਜੱਚਾ-ਬੱਚਾ ਸਿਹਤ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣਾ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਮਮਤਾ ਦਿਵਸ ਮੌਕੇ ਵਿਸ਼ੇਸ਼ ਸਰਗਰਮੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਅਗਵਾਈ ਹੇਠ



ਆਯੁਸ਼ਮਾਨ ਆਰੋਗਯ ਕੇਂਦਰ ਮਾਹਲਾਂ ਵੱਲੋਂ ਪਿੰਡ ਮਾਨਸੂਹਾ ਕਲਾਂ ਵਿੱਚ 4 ਜੂਨ ਨੂੰ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਲਈ ਵਿਸ਼ੇਸ਼ ਟੀਕਾਕਰਨ ਕੈਂਪ ਦਾ ਆਯੋਜਨ ਕੀਤਾ ਗਿਆ।

ਇਹ ਕੈਂਪ ਕਮਿਊਨਿਟੀ ਹੈਲਥ ਅਫਸਰ ਡਾ. ਮੀਨਾ, ਹੈਲਥ ਵਰਕਰ ਜੋਤਿਸ਼ਨਾ ਅਤੇ ਆਸ਼ਾ ਵਰਕਰ ਰੇਖਾ ਰਾਣੀ ਦੀ ਅਗਵਾਈ ਵਿੱਚ ਲਗਾਇਆ ਗਿਆ। ਇਨ੍ਹਾਂ ਸਿਹਤ ਕਰਮਚਾਰੀਆਂ ਨੇ ਘਰ-ਘਰ ਜਾ ਕੇ ਮਹਿਲਾਵਾਂ ਨੂੰ ਟੀਕਾਕਰਨ ਦੇ ਲਾਭ ਬਾਰੇ ਜਾਣੂ ਕਰਵਾਇਆ ਅਤੇ ਉਨ੍ਹਾਂ ਨੂੰ ਕੈਂਪ ਵਿਚ ਆ ਕੇ ਟੀਕੇ ਲਗਵਾਉਣ ਲਈ ਉਤਸ਼ਾਹਤ ਕੀਤਾ। ਇਸ ਕੈਂਪ ਵਿਚ ਗਰਭਵਤੀ ਔਰਤਾਂ ਦੀ ਜਾਂਚ,ਸੰਸਥਾਗਤ ਜਣੇਪਾ,ਨਵ-ਜਨਮੇ ਬੱਚੇ ਦਾ ਟੀਕਾਕਰਨ,ਭਾਰ ਤੇ ਕੱਦ ਨੋਟ ਕਰਨ,ਮਾਂ ਦੇ ਦੁੱਧ ਦੀ ਮਹੱਤਤਾ,ਬੱਚਿਆ ਦੀ ਘਰ ਅਧਾਰਿਤ ਦੇਖਭਾਲ ਸਬੰਧੀ ਸੇਵਾਵਾਂ ਸਬੰਧੀ ਸਰਗਰਮੀਆਂ ਦਾ ਆਯੋਜਨ ਕੀਤਾ ਗਿਆ।

ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਨੇ ਕਿਹਾ ਕਿ ਸਿਹਤਮੰਦ ਭਾਰਤ ਦੀ ਨੀਂਹ ਟੀਕਾਕਰਨ ਰਾਹੀਂ ਪਈ ਜਾਂਦੀ ਹੈ। ਇੰਝ ਦੇ ਕੈਂਪਾਂ ਰਾਹੀਂ ਅਸੀਂ ਮਾਂ ਅਤੇ ਬੱਚੇ ਦੀ ਲੰਬੀ ਉਮਰ ਅਤੇ ਬੇਮਾਰੀ ਰਹਿਤ ਜੀਵਨ ਦੀ ਪੂੰਜੀ ਇਕੱਠੀ ਕਰ ਰਹੇ ਹਾਂ। ਆਯੁਸ਼ਮਾਨ ਟੀਮ ਦੀ ਇਹ ਕੋਸ਼ਿਸ਼ ਸਰਾਹਣਯੋਗ ਹੈ।

# ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਸਹਾਈ ਸਿੱਧ ਹੋ ਰਿਹਾ ਆਈਐਚਐਮ : ਵਧੀਕ ਡਿਪਟੀ ਕਮਿਸ਼ਨਰ

## 70 ਉੱਦਮੀਆਂ ਨੂੰ ਵੰਡੇ ਸਰਟੀਫਿਕੇਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਬਠਿੰਡਾ, 4 ਜੂਨ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੋਟਗੁਰੂ)-ਸਥਾਨਕ ਇੰਸਟੀਚਿਊਟ ਆਫ਼ ਹੋਟਲ ਮੈਨੇਜਮੈਂਟ (ਆਈਐਚਐਮ) ਨੇ ਆਪਣੇ ਉੱਦਮਤਾ ਪ੍ਰੋਗਰਾਮ ਦੇ ਤਹਿਤ ਇੰਡੀਅਨ ਸਵੀਟਸ ਐਂਡ ਬੇਕਰੀ ਦੇ ਦੋ ਸਫਲ ਬੈਚਾਂ ਲਈ ਇੱਕ ਪ੍ਰਮਾਣੀਕਰਣ ਸਮਾਰੋਹ ਦੀ ਮੇਜ਼ਬਾਨੀ ਕੀਤੀ, ਇਹ ਇੱਕ ਪਹਿਲ ਹੈ ਜਿਸ ਨੂੰ ਭਾਰਤ ਸਰਕਾਰ ਦੇ ਸੈਰ-ਸਪਾਟਾ ਮੰਤਰਾਲੇ ਦੁਆਰਾ ਖੁੱਲ੍ਹੇ ਦਿਲ



ਨਾਲ ਫੰਡ ਦਿੱਤਾ ਗਿਆ ਹੈ। ਇਸ ਮੌਕੇ ਵਿਆਪਕ ਸਿਖਲਾਈ ਲੈਣ ਉਪਰੰਤ 70 ਚਾਹਵਾਨ ਉੱਦਮੀਆਂ ਨੂੰ ਸਰਟੀਫਿਕੇਟ ਵੀ ਵੰਡੇ।ਇਸ ਮੌਕੇ ਸਰਟੀਫਿਕੇਟ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਪ੍ਰਿੰਸੀਪਲ ਆਈਐਚਐਮ ਸ਼੍ਰੀਮਤੀ ਕੰਚਨ ਦੁਆਰਾ ਭੇਟ ਕੀਤੇ ਗਏ। ਇਸ ਮੌਕੇ ਉਹਨਾਂ ਆਪਣੇ ਸੰਬੋਧਨ ਵਿੱਚ ਭਾਗੀਦਾਰਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਸੈਰ-ਸਪਾਟਾ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਅੱਗੇ ਵਧਾਉਣ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਉੱਦਮਤਾ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੈਰ-ਸਪਾਟਾ ਮੰਤਰਾਲੇ ਵੱਲੋਂ ਇਹ ਪਹਿਲਕਦਮੀ, ਜੋ ਕਿ ਆਈਐਚਐਮ ਰਾਹੀਂ ਚਲਾਈ ਗਈ ਹੈ, ਵਿਅਕਤੀਆਂ ਨੂੰ ਸਸ਼ਕਤ ਬਣਾਉਣ ਅਤੇ ਦੇਸ਼ ਭਰ ਵਿੱਚ ਸੈਰ-ਸਪਾਟਾ ਵਾਤਾਵਰਣ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਸ ਮੌਕੇ ਸ਼੍ਰੀਮਤੀ ਰੀਤੂ ਬਾਲਾ ਗਰਗ, ਸੀਬੀਐਸਪੀ ਕੋਆਰਡੀਨੇਟਰ ਨੇ ਪ੍ਰੋਗਰਾਮ ਦੇ ਨਤੀਜਿਆਂ 'ਤੇ ਆਪਣੀ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਉੱਦਮਤਾ ਅਤੇ ਹੁਨਰ ਵਿਕਾਸ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਆਈਐਚਐਮ ਦੀ ਵਚਨਬੱਧਤਾ ਨੂੰ ਦੁਹਰਾਇਆ।

# ਸ਼ਿਵ ਸੈਨਾ ਪੰਜਾਬ ਨੇ ਖਾਲਿਸਤਾਨੀ ਅੱਤਵਾਦੀ ਗੁਰਪਤਵੰਤ ਪੰਨੂ ਦਾ ਪੁਤਲਾ ਸਾੜਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ 3 ਜੂਨ (ਸ਼ਿਵ ਕੌੜਾ) ਅਮਰੀਕਾ 'ਚ ਰਹਿੰਦੇ ਖਾਲਿਸਤਾਨੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਦੇ ਇਸ਼ਾਰੇ 'ਤੇ ਜ਼ਿਲ੍ਹਾ ਜਲੰਧਰ ਦੇ ਪਿੰਡ ਨੰਗਲ (ਫਿਲੌਰ) ਵਿੱਚ ਦੂਜੀ ਵਾਰ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦਾ ਅਪਮਾਨ ਕਰਨ ਦੀ ਘਟਨਾ ਦੇ ਵਿਰੋਧ ਵਿੱਚ, ਸ਼ਿਵ ਸੈਨਾ ਪੰਜਾਬ ਨੇ ਅੱਜ ਗੁਰਪਤਵੰਤ ਪੰਨੂ ਦਾ ਪੁਤਲਾ ਸਾੜ ਕੇ ਆਪਣਾ ਗੁੱਸਾ ਪ੍ਰਗਟ ਕੀਤਾ। ਇਸ ਦੌਰਾਨ ਸ਼ਿਵ ਸੈਨਾ ਦੇ ਸੀਨੀਅਰ ਸੂਬਾਈ ਉਪ-ਪ੍ਰਧਾਨਾਂ ਇੰਦਰਜੀਤ ਕਰਵਲ ਅਤੇ ਰਾਜੇਸ਼ ਪਲਟਾ ਨੇ ਕਿਹਾ ਕਿ ਗੁਰਪਤਵੰਤ ਪੰਨੂ ਭਾਰਤ ਵਿੱਚ ਦੰਗੇ ਕਰਵਾ ਕੇ ਦੇਸ਼ ਦੀ ਸ਼ਾਂਤੀ ਨੂੰ ਭੰਗ ਕਰਨਾ ਚਾਹੁੰਦਾ ਹੈ। ਉਸਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਵੀ ਭਾਰਤ ਵਿਰੁੱਧ ਜ਼ਹਿਰ ਉਗਲਿਆ





ਸੀ ਅਤੇ ਹੁਣ ਉਹ ਖਾਸ ਕਰਕੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਭੜਕਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਕਰਵਲ ਅਤੇ ਪਲਟਾ ਤੋਂ ਇਲਾਵਾ ਸ਼ਿਵ ਸੈਨਾ ਦੇ ਸੂਬਾਈ ਬੁਲਾਰੇ ਵਿਪਨ ਸ਼ਰਮਾ, ਅਮਨ ਬਸਰਾ ਅਤੇ ਸਿਟੀ ਪ੍ਰਧਾਨ ਅੰਕੁਰ ਬੇਦੀ ਨੇ ਵੀ ਕਿਹਾ ਕਿ ਪੰਨੂ ਨੂੰ ਤਹੱਵੁਰ ਰਾਣਾ ਵਾਂਗ ਹਵਾਲਗੀ ਰਾਹੀਂ ਭਾਰਤ ਲਿਆਂਦਾ ਜਾਣਾ ਚਾਹੀਦਾ ਹੈ ਅਤੇਜੇਲ੍ਹ ਵਿੱਚ ਡੱਕਣ ਦੀ ਬਜਾਏ ਜਨਤਾ ਦੇ ਹਵਾਲੇ ਕੀਤਾ ਜਾਵੇ ਤਾਂ ਜੋ ਭਾਰਤ ਦੇ ਲੋਕ ਉਸਨੂੰ ਉਸਦੇ ਅੰਤ ਤੱਕ ਪਹੁੰਚਾ ਸਕਣ। ਸ਼ਿਵ ਸੈਨਾ ਮੈਂਬਰਾਂ ਨੇ ਪੰਨੂ ਮੁਰਦਾਬਾਦ, ਖਾਲਿਸਤਾਨ ਮੁਰਦਾਬਾਦ ਦੇ ਨਾਅਰੇ ਵੀ ਲਗਾਏ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸ਼ਿਵ ਸੈਨਾ ਭਾਰਤ ਰਤਨ ਡਾ. ਅੰਬੇਡਕਰ ਦੇ ਅਪਮਾਨ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰੇਗੀ। ਇੰਦਰਜੀਤ ਕਰਵਲ ਨੇ ਜਿੱਥੇ ਪੰਜਾਬ ਦੇ ਨੌਜਵਾਨਾਂ ਨੂੰ ਪੰਨੂ ਵਰਗੇ ਗੱਦਾਰਾਂ ਤੋਂ ਗੁੰਮਰਾਹ ਨਾ ਹੋਣ ਦੀ ਅਪੀਲ ਕੀਤੀ, ਉੱਥੇ ਹੀ ਪੰਜਾਬ ਸਰਕਾਰ ਨੂੰ ਵੀ ਲੰਮੇ ਹੱਥੀਂ ਲਿਆ ਅਤੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਵਿਗੜ ਰਹੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੇ ਉਨ੍ਹਾਂ ਦੀ ਪਾਰਟੀ ਦੋ ਸਾਲਾਂ ਬਾਅਦ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਜਿੱਤਣ ਲਈ ਰਣਨੀਤੀਆਂ ਬਣਾਉਣ ਵਿੱਚ ਰੁੱਝੀ ਹੋਈ ਹੈ। ਜੇਕਰ ਸਮਾਜ ਵਿਰੋਧੀ ਅਨਸਰ ਇਸੇ ਤਰ੍ਹਾਂ ਕਾਨੂੰਨ ਦੀਆਂ ਧੱਜੀਆਂ ਉਡਾਉਂਦੇ ਰਹੇ ਤਾਂ ਅਗਲੀਆਂ ਚੋਣਾਂ 'ਚ ਸੂਬੇ ਦੀਆਂ ਸਾਰੀਆਂ 117 ਸੀਟਾਂ 'ਤੇ 'ਆਪ' ਉਮੀਦਵਾਰਾਂ ਦੀਆਂ ਜ਼ਮਾਨਤਾਂ ਜ਼ਬਤ ਹੋ ਜਾਣਗੀਆਂ। ਇਸ ਮੌਕੇ ਸੂਬਾ ਮੀਤ ਪ੍ਰਧਾਨ ਰਵੀ ਦੱਤ, ਅਸ਼ੋਕ ਆਹੂਜਾ, ਵਿਨੋਦ ਗੁਪਤਾ, ਨੀਰਜ ਸਚਦੇਵਾ, ਵਿਕਰਮ ਸ਼ਰਮਾ, ਨਰਿੰਦਰ ਨਿੰਦੀ, ਸਤਿੰਦਰ ਸੈਣੀ, ਕਰਨ ਪੰਡਿਤ, ਅਤੁਲ, ਰਾਕੇਸ਼ ਕੁਮਾਰ, ਸੋਨੂੰ ਲੱਖਾ, ਲਵਲੀਨ ਸ਼ਰਮਾ ਮੰਤਰੀ, ਨੀਰਜ, ਬੱਬੀ ਗੋਸਵਾਮੀ, ਮਨੋਜ ਟੰਡਨ, ਸ਼ੈਰੀ ਵਾਲੀਆ, ਸੰਤੋਸ਼ ਕੁਮਾਰ, ਗੌਰਵ ਪਰਮਾਰ, ਵਿਨੈ ਕੌਸ਼ਲ, ਟੋਨੀ ਆਨੰਦ, ਨੰਨ੍ਹਾ ਵਾਲੀਆ ਆਦਿ ਹਾਜ਼ਰ ਸਨ।

# ਫਿਲੌਰ ਦੇ ਪਿੰਡ ਨੰਗਲ ਵਿਖੇ ਬਾਬਾ ਸਾਹਿਬ ਦੇ ਬੁੱਤ ਦੀ ਦੂਜੀ ਵਾਰ ਬੇਅਬਦੀ ਮੰਦਭਾਗੀ ਘਟਨਾ - ਪਰਮਿੰਦਰ ਬੋਧ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ 3 ਜੂਨ (ਸ਼ਿਵ ਕੌੜਾ) ਬਹੁਜਨ ਸਮਾਜ ਪਾਰਟੀ ਦੇ ਆਗੂ ਪਰਮਿੰਦਰ ਬੋਧ ਨੇ ਫਿਲੌਰ ਦੇ ਪਿੰਡ ਨੰਗਲ ਵਿਖੇ ਸਥਾਪਿਤ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਟੈਚੂ ਨੂੰ ਦੂਜੀ ਵਾਰ ਨਿਸ਼ਾਨਾ ਬਣਾ ਕੇ ਉਸ 'ਤੇ ਕਾਲੇ ਰੰਗ ਦੀ ਸਪਰੇਅ ਮਾਰਨ ਦੀ ਘਟਨਾ ਨੂੰ ਮੰਦਭਾਗੀ ਦੱਸਿਆ ਅਤੇ ਕਿਹਾ ਕਿ ਇਸ ਘਟਨਾ ਨੇ ਇਕ ਵਾਰ ਫਿਰ ਜਿੱਥੇ ਪੁਲਿਸ ਅਤੇ ਸੂਬਾ ਸਰਕਾਰ ਦੇ ਸੁਰੱਖਿਆ ਸਬੰਧੀ ਦਾਅਵਿਆਂ ਦੀ ਪੋਲ ਖੋਲ੍ਹੀ ਹੈ, ਉੱਥੇ ਹੀ ਸਮੁੱਚੇ ਵਿਸ਼ਵ ਭਰ ਦੇ ਅੰਬੇਡਕਰਵਾਦੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਵੀ ਡੂੰਘੀ ਸੱਟ ਮਾਰੀ ਹੈ। ਇਸ ਘਟਨਾ ਨਾਲ ਭਾਰਤੀ ਸੰਵਿਧਾਨ ਨਿਰਮਾਤਾ ਅਤੇ ਦਲਿਤਾਂ ਦੇ ਮਸੀਹਾ ਡਾ. ਅੰਬੇਡਕਰ ਦਾ ਨਿਰਾਦਰ ਹੋਇਆ ਹੈ। ਪਰਮਿੰਦਰ ਬੋਧ ਨੇ ਕਿਹਾ ਕਿ ਇਹ ਘਟਨਾ ਗੁਰਪਤਵੰਤ ਸਿੰਘ ਪੰਨੂ ਦੇ ਇਸ਼ਾਰੇ 'ਤੇ ਪੰਜਾਬ 'ਚ ਦੰਗੇ ਭੜਕਾਉਣ ਦੀ ਨੀਯਤ ਨਾਲ ਅੰਜਾਮ ਦਿੱਤੀ ਗਈ ਹੈ। ਪੰਜਾਬ ਅੰਦਰ ਲਾਅ ਐਂਡ ਆਰਡਰ ਦਾ ਮਾੜਾ ਹਾਲ ਅਤੇ ਵਾਰ ਵਾਰ ਬਾਬਾ ਸਾਹਿਬ ਦੇ ਸਟੈਚੂ ਦਾ ਨਿਰਾਦਰ ਹੋਣਾ ਬਹੁਤ ਨਿੰਦਣਯੋਗ ਹੈ। ਅਜਿਹੀਆਂ ਘਟਨਾਵਾਂ ਵਾਪਰਨੀਆਂ ਆਪ ਸਰਕਾਰ ਦੇ ਫੇਲੀਅਰ ਦੀ ਨਿਸ਼ਾਨੀ ਹੈ। ਬੋਧ ਨੇ ਕਿਹਾ ਕਿ ਪੰਜਾਬ ਦਾ ਗ੍ਰਹਿ ਮੰਤਰਾਲਾ ਮੁੱਖ ਮੰਤਰੀ ਭਗਵੰਤ ਮਾਨ ਦੇ ਕੋਲ ਹੈ, ਇਸ ਲਈ ਬਸਪਾ ਮੁੱਖ ਮੰਤਰੀ ਤੋਂ ਅਸਤੀਫ਼ੇ ਦੀ ਮੰਗ ਕਰਦੀ ਹੈ। ਕਿਉਂਕਿ ਉਨ੍ਹਾਂ ਦਾ ਖੁਫ਼ੀਆ ਤੰਤਰ ਇਹੋ ਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਫੇਲ੍ਹ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਅੰਦਰ ਦਲਿਤ ਸਮਾਜ ਦੀ ਹਾਲਤ ਤਰਸਯੋਗ ਹੈ। ਦੇਸ਼



ਅੰਦਰ ਜਿਥੇ ਭਾਰਤ ਦੇ ਸੰਵਿਧਾਨ ਨੂੰ ਖ਼ਤਰਾ ਹੈ, ਉਥੇ ਹੀ ਬਾਬਾ ਸਾਹਿਬ ਅੰਬੇਡਕਰ ਦੇ ਸਟੈਚੂਆਂ ਨੂੰ ਨਿਸ਼ਾਨਾ ਬਣਾਇਆ ਜਾਣਾ ਵੀ ਖ਼ਤਰੇ ਦੀ ਘੰਟੀ ਹੈ। ਉਨਾਂ ਕਿਹਾ ਦੋਸ਼ੀ ਗਿਰਫ਼ਤਾਰ ਨਾ ਹੋਏ ਤਾਂ ਦਲਿਤ ਸਮਾਜ ਨੂੰ ਸੜਕਾਂ ਤੇ ਉਤਰਨਾਂ ਪਵੇਗਾ

# ਸੁਣੋ ਸੁਣਾਵਾਂ ਗੱਲ ਪਤੇ ਦੀ..

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.
com



ਹੈਪੀ ਰਾਜਪਾਲ ਕੋਟਭਾਈ ,(ਸ੍ਰੀ ਮੁਕਤਸਰ ਸਾਹਿਬ)
ਮੋਬਾਇਲ 99887- 44695
ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ ਕੋਟਗੁਰੂ

ਪਲ ਦੋ ਪਲ ਦੀ ਜ਼ਿੰਦਗੀ ਏ ,
ਤੇ ਪਲ ਦਾ ਵੀ ਭਰੋਸਾ ਨਈ, ਫਿਰ ਟੈਂਸ਼ਨ ਕਿਸ ਗੱਲ ਦੀ ਏ, ਛੱਡ ਜਾਣੇ ਨੇ ਮਹਿਲ ਮਨਾਰੇ,
ਉਹ ਸੱਜਣ ਬੇਲੀ ਮਿੱਤਰ ਪਿਆਰੇ, ਟੁੱਟ ਜਾਣੀ ਜਦ ਡੋਰ ਸਾਹਾਂ ਦੀ, ਲੱਭਣੇ ਨਹੀਂ ਫੇਰ ਸਹਾਰੇ,
ਫਿਰ ਉਸ ਮਾਲਕ ਦੀ ਚੱਲਣੀ ਮਰਜ਼ੀ ਏ ,ਰਹਿਣਾ ਕਿਸੇ ਨਾਲ ਕੋਈ ਰੋਸਾ ਨਹੀਂ,
ਪਲ ਦੋ ਪਲ ਦੀ ਜ਼ਿੰਦਗੀ ਏ, ਤੇ ਪਲ ਦਾ ਵੀ ਭਰੋਸਾ ਨਹੀਂ, ਫਿਰ ਟੈਂਸ਼ਨ ਕਿਸ ਗੱਲ ਦੀ ਏ।

ਸੁਣੋ ਸੁਣਾਵਾਂ ਗੱਲ ਪਤੇ ਦੀ, ਤੂੰ ਐਵੇਂ ਨਾ ਘਬਰਾਇਆ ਕਰ, ਅੰਮ੍ਰਿਤ ਵੇਲੇ ਤੂੰ ਉੱਠ ਕੇ ਮਿੱਤਰਾ,
ਗੁਰੂ ਘਰ ਚ ਹਾਜ਼ਰੀ ਲਾਇਆ ਕਰ, ਬਾਬੇ ਨਾਨਕ ਦਾ ਦਰ ਸਭ ਤੋਂ ਉੱਚਾ, ਜਾ ਉਥੇ ਸੀਸ ਝੁਕਾਇਆ ਕਰ ,
ਸਬਰ ਸੰਜਮ ਨਾ ਸਭ ਕੁਝ ਮਿਲਦਾ, ਬਣੀ ਦਾ ਐਵੇਂ ਹੋਸ਼ਾ ਨਹੀਂ,
ਉਹ ਪਲ ਦੋ ਪਲ ਦੀ ਜ਼ਿੰਦਗੀ ਏ ਤੇ ਪਲ ਦਾ ਵੀ ਭਰੋਸਾ ਨਹੀਂ, ਫਿਰ ਟੈਂਸ਼ਨ ਕਿਸ ਗੱਲ ਦੀ ਏ ।

ਜਿੰਨੀ ਮਿਲੀ ਹੱਸ ਖੇਡ ਲੰਘਾਈਏ, ਸਿੱਖ ਲੈ ਤੂੰ ਮਸਤੀ ਦੇ ਨਾ ਜੀਣਾ,
ਸਬਰ ਪਿਆਲਾ ਜੋ ਅਰਕ ਕਰੇਲਾ, ਉਹ ਮਿੱਤਰਾ ਪੈਂਦਾ ਸਭ ਨੂੰ ਪੀਣਾ ,
ਲੰਘਿਆ ਵੇਲਾ ਮੁੜ ਹੱਥ ਨਾ ਆਵੇ , ਹੈਪੀ ਸਿਆਣਿਆ ਸੱਚ ਘਨੀਨਾ ,
ਸੱਚ ਤਾ ਆਖਰ ਸੱਚ ਹੁੰਦਾ ਏ, ਛੱਡਿਆ ਮੈ ਕੋਈ ਸ਼ੋਸ਼ਾ ਨਹੀਂ,
ਪਲ ਦੋ ਪਲ ਦੀ ਜ਼ਿੰਦਗੀ ਏ, ਤੇ ਪਲਦਾ ਵੀ ਭਰੋਸਾ ਨਹੀਂ ,ਪਲ ਦੋ ਪਲ ਦੀ ਜ਼ਿੰਦਗੀ ਏ,
ਤੇ ਪਲ ਦਾ ਵੀ ਭਰੋਸਾ ਨਹੀਂ, ਫਿਰ ਟੈਸ਼ਨ ਕਿਸ ਗੱਲ ਦੀ ਹੈ।

# ਈਰਾਨ 'ਚ ਬੰਧਕ ਬਣਾਏ ਤਿੰਨ ਪੰਜਾਬੀ ਨੌਜਵਾਨ ਤਹਿਰਾਨ ਪੁਲਿਸ ਨੇ ਛੁਡਾਏ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਨਵੀਂ ਦਿੱਲੀ, 4 ਜੂਨ, 2025: ਈਰਾਨ ਵਿਚ ਬੰਧਕ ਬਣਾਏ ਤਿੰਨ ਪੰਜਾਬੀ ਨੌਜਵਾਨ ਤਹਿਰਾਨ ਪੁਲਿਸ ਨੇ ਛੁਡਾ ਲਏ ਹਨ। ਇਹ ਪ੍ਰਗਟਾਵਾ ਦਿੱਲੀ ਦੇ ਕੈਬਨਿਟ ਮੰਤਰੀ ਤੇ ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਇਕ ਟਵੀਟ ਵਿਚ ਕੀਤਾ ਹੈ। ਉਹਨਾਂ ਦੱਸਿਆ ਕਿ ਜਸਪਾਲ ਸਿੰਘ, ਸਮਪ੍ਰੀਤ ਸਿੰਘ ਤੇ ਅੰਮ੍ਰਿਤਪਾਲ ਸਿੰਘ ਨਾਂ ਦੇ ਨੌਜਵਾਨਾਂ ਨੂੰ ਤਹਿਰਾਨ ਪੁਲਿਸ ਨੇ ਛੁਡਾ ਲਿਆ ਹੈ।

# ਸਹਾਰਾ ਵੈਲਫੇਅਰ ਸੁਸਾਇਟੀ ਫਗਵਾੜਾ ਦਾ ਹੋਇਆ ਗਠਨ

## *ਕਸ਼ਮੀਰ ਕੌਰ ਦਾਦਰਾ ਨੂੰ ਥਾਪਿਆ ਪ੍ਰਧਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com



ਫਗਵਾੜਾ 4 ਜੂਨ (ਸ਼ਿਵ ਕੌੜਾ) ਸ਼ਹਿਰ ਦੇ ਵਾਰਡ ਨੰਬਰ 27 ਅਧੀਨ ਸੀ.ਆਰ. ਪੀ. ਕਲੋਨੀ ਅਰਬਨ ਅਸਟੇਟ ਵਿਖੇ ਪਤਵੰਤਿਆਂ ਦੀ ਇਕ ਮੀਟਿੰਗ ਸਮਾਜ ਸੇਵਕ ਬਲਵੀਰ ਠਾਕੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਵਾਰਡ ਕੌਂਸਲਰ ਪ੍ਰਵੀਨ ਠਾਕੁਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੀਟਿੰਗ ਦੌਰਾਨ ਆਪਸੀ ਵਿਚਾਰ ਵਟਾਂਦਰਾ ਕਰਦਿਆਂ ਵਾਰਡ ਦੀ ਬਿਹਤਰੀ ਲਈ ਸਰਬ ਸੰਮਤੀ ਨਾਲ ਸਹਾਰਾ ਵੈਲਫੇਅਰ ਸੁਸਾਇਟੀ ਦਾ ਗਠਨ ਕੀਤਾ ਗਿਆ। ਸਮੂਹ ਪਤਵੰਤਿਆਂ ਦੀ ਸਹਿਮਤੀ ਦੇ ਨਾਲ ਸੁਸਾਇਟੀ ਦੀ ਕਾਰਜਕਾਰਣੀ ਦਾ ਵੀ ਐਲਾਨ ਹੋਇਆ। ਜਿਸ ਵਿਚ ਕਸ਼ਮੀਰ ਕੌਰ ਦਾਦਰਾ ਨੂੰ ਪ੍ਰਧਾਨ, ਮਹਿੰਦਰ ਰਾਮ ਨੂੰ ਵਾਈਸ ਪ੍ਰਧਾਨ, ਨਰਿੰਦਰ ਕੌਰ ਨੂੰ ਸਕੱਤਰ, ਮਧੂ ਵਰਮਾ ਨੂੰ ਖਜਾਨਚੀ ਜਦਕਿ ਗੁਰਮੁੱਖ ਸਿੰਘ ਨੂੰ ਸੁਸਾਇਟੀ ਦਾ ਸਲਾਹਕਾਰ ਥਾਪਿਆ ਗਿਆ। ਪ੍ਰਧਾਨ ਕਸ਼ਮੀਰ ਕੌਰ ਦਾਦਰਾ ਅਤੇ ਸਮੂਹ ਅਹੁਦੇਦਾਰਾਂ ਨੇ ਆਪਣੀ ਨਿਯੁਕਤੀ ਲਈ ਸਮੂਹ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਜੋ ਜਿੰਮੇਵਾਰੀ ਉਹਨਾਂ ਨੂੰ ਦਿੱਤੀ ਗਈ ਹੈ, ਉਸਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਸਮਾਜ ਸੇਵਾ ਦੇ ਨਾਲ ਹੀ ਵਾਰਡ ਦੇ ਵਿਕਾਸ 'ਚ ਵੀ ਪੂਰਾ ਸਹਿਯੋਗ ਦਿੱਤਾ ਜਾਵੇਗਾ। ਵਾਰਡ ਕੌਂਸਲਰ ਪਰਵੀਨ ਠਾਕੁਰ ਅਤੇ ਹਾਜਰੀਨ ਵਲੋਂ ਨਵ ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਨਰਿੰਦਰ ਕੌਰ, ਟੋਨੀ ਨਈਅਰ, ਜੇਨੀ ਨਈਅਰ, ਮਮਤਾ, ਸਪਨਾ, ਪਾਲੋ, ਦੀਪਿਕਾ, ਸਾਹਿਲ ਤੋਂ ਇਲਾਵਾ ਖੇਤਰ ਦੇ ਹੋਰ ਪਤਵੰਤੇ ਵੀ ਹਾਜਰ ਸਨ।

# ਸੇਵਾ ਕੇਂਦਰਾਂ 'ਚ ਅਰਜ਼ੀਆਂ ਦੇ ਨਿਪਟਾਰੇ ਸਬੰਧੀ ਬਠਿੰਡਾ ਪੰਜਾਬ ਭਰ 'ਚ ਮੋਹਰੀ : ਡਿਪਟੀ ਕਮਿਸ਼ਨਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com



ਬਠਿੰਡਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੁ)- ਜ਼ਿਲ੍ਹੇ 'ਚ 34 ਸੇਵਾ ਕੇਂਦਰਾਂ ਵਿੱਚ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ 'ਚ ਅਰਜ਼ੀਆਂ ਦੇ ਨਿਪਟਾਰੇ ਸਬੰਧੀ ਬਠਿੰਡਾ ਜ਼ਿਲ੍ਹਾ ਪੰਜਾਬ ਭਰ 'ਚ ਪਹਿਲੇ ਨੰਬਰ 'ਤੇ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ।ਇਸ ਸਬੰਧ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਹੁਣ ਤੱਕ 262453 ਵੱਖ-ਵੱਖ ਤਰ੍ਹਾਂ ਦੀਆਂ ਅਰਜ਼ੀਆਂ ਪ੍ਰਾਪਤ ਹੋਈਆਂ, ਜਿਨ੍ਹਾਂ ਚੋਂ ਸਮਾਂ ਸੀਮਾਂ ਤੋਂ ਲੰਬਿਤ 147 ਅਰਜ਼ੀਆਂ ਪ੍ਰਗਤੀ ਅਧੀਨ ਹਨ।ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹੇ 'ਚ 34 ਸੇਵਾ ਕੇਂਦਰਾਂ 'ਚ 450 ਦੇ ਕਰੀਬ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਮੁਹੱਈਆ ਕਰਵਾਈਆ ਜਾ ਰਹੀਆਂ ਹਨ, ਜਿਨ੍ਹਾਂ 'ਚ ਪਾਸਪੋਰਟ ਵਿਭਾਗ, ਨਗਰ ਨਿਗਮ, ਪੈਨਸ਼ਨ, ਜਨਮ-ਮਰਨ ਨਾਲ ਸੰਬਧਤ ਪੱਤਰ, ਆਧਾਰ ਕਾਰਡ, ਵਿਆਹ ਸੰਬਧੀ ਪ੍ਰਮਾਣ ਪੱਤਰ, ਹਥਿਆਰ ਲਾਇਸੰਸ, ਡਰਾਈਵਿੰਗ ਲਾਇਸੰਸ, ਇਨਕਮ ਸਰਟੀਫਿਕੇਟ, ਫਰਦਾਂ ਸਬੰਧੀ ਪੱਤਰ ਆਦਿ ਸੇਵਾਵਾਂ ਸ਼ਾਮਲ ਹਨ।ਉਨ੍ਹਾਂ ਇਹ ਵੀ ਕਿਹਾ ਕਿ ਨਾਗਰਿਕ ਘਰ ਬੈਠੇ ਹੀ 1076 'ਤੇ ਕਾਲ ਕਰਕੇ ਸੇਵਾਵਾਂ ਦਾ ਲਾਭ ਲੈ ਸਕਦੇ ਹਨ।

# ਪੀ.ਐਮ. ਸ੍ਰੀ ਸਕੂਲ ਜਵਾਹਰ ਨਵੋਦਿਆ ਵਿਖੇ ਛੇਵੀਂ ਜਮਾਤ ਦੀ ਦਾਖਲਾ ਪ੍ਰੀਖਿਆ ਲਈ 29 ਜੁਲਾਈ ਤੱਕ। ਮੰਗੇ ਬਿਨੈ ਪੱਤਰ,,,

## ਦਾਖ਼ਲਾ ਪ੍ਰੀਖਿਆ- 13 ਦਸੰਬਰ 2025 ਨੂੰ,,,,ਪ੍ਰਿੰਸੀਪਲ*

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com

ਮਾਨਸਾ, 04 ਜੂਨ: ( ਆਤਮਾ ਸਿੰਘ ਪਮਾਰ) ਪੀ.ਐਮ. ਸ੍ਰੀ. ਸਕੂਲ ਜਵਾਹਰ ਨਵੋਦਿਆ ਵਿਦਿਆਲਿਆ, ਫਫੜੇ ਭਾਈ ਕੇ ਵਿਖੇ ਸੈਸ਼ਨ 2026-27, ਛੇਵੀਂ ਜਮਾਤ ਦੇ ਦਾਖਲੇ ਲਈ 13 ਦਸੰਬਰ 2025 ਨੂੰ ਹੋਣ ਵਾਲੀ ਦਾਖ਼ਲਾ ਪ੍ਰੀਖਿਆ ਲਈ ਫਾਰਮ ਨਵੋਦਿਆ ਵਿਦਿਆਲਿਆ ਸਮਿਤੀ ਦੀ ਵੈੱਬਸਾਈਟ https:// navodaya.gov.in 'ਤੇ 29 ਜੁਲਾਈ, 2025 ਤੱਕ ਮੁਫ਼ਤ ਭਰੇ ਜਾ ਸਕਦੇ ਹਨ ।ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਕੁਸੁਮ ਗੁਪਤਾ ਨੇ ਦੱਸਿਆ ਕਿ ਫਾਰਮ ਭਰਨ ਸਮੇਂ ਵਿਦਿਆਰਥੀ ਦੀ ਫੋਟੋ, ਆਧਾਰ ਕਾਰਡ, ਰਿਹਾਇਸ਼ ਦਾ ਪ੍ਰਮਾਣ ਪੱਤਰ, ਬੱਚੇ ਦੇ ਹਸਤਾਖਰ ਅਤੇ ਮਾਤਾ/ਪਿਤਾ ਦੇ ਹਸਤਾਖਰ ਅਪਲੋਡ ਹੋਣਗੇ। ਉਨ੍ਹਾਂ ਕਿਹਾ ਕਿ ਜਮਾਤ ਛੇਵੀਂ ਲਈ ਫਾਰਮ ਭਰਨ ਦਾ ਚਾਹਵਾਨ ਵਿਦਿਆਰਥੀ ਜ਼ਿਲ੍ਹਾ ਮਾਨਸਾ ਦਾ ਪੱਕਾ ਵਸਨੀਕ ਹੋਵੇ ਅਤੇ ਮਾਨਸਾ ਜ਼ਿਲ੍ਹੇ ਨਾਲ ਸਬੰਧਤ ਕਿਸੇ ਸਰਕਾਰੀ ਜਾਂ ਸਰਕਾਰੀ ਮਾਨਤਾ ਪ੍ਰਾਪਤ ਸਕੂਲ ਵਿਚ ਸਾਲ 2025-26 ਦੌਰਾਨ ਪੰਜਵੀਂ ਸ਼੍ਰੇਣੀ ਵਿਚ ਪੜ੍ਹਦਾ ਹੋਵੇ ਅਤੇ ਉਸਨੇ ਤੀਜੀ ਜਮਾਤ 2023-24, ਚੌਥੀ ਜਮਾਤ 2024-25 ਦੌਰਾਨ ਪੂਰਾ ਸੈਸ਼ਨ ਲਗਾ ਕੇ ਸਰਕਾਰੀ ਜਾਂ ਸਰਕਾਰੀ ਮਾਨਤਾ ਪ੍ਰਾਪਤ ਸਕੂਲ ਤੋਂ ਪਾਸ ਕੀਤੀ ਹੋਵੇ। ਉਨ੍ਹਾਂ ਕਿਹਾ ਕਿ ਪ੍ਰਾਰਥੀ ਦੀ ਉਮਰ ਹੱਦ 01.05.2014 ਤੋਂ 31.07.2016 ਦੇ ਵਿਚਕਾਰ (ਦੋਨੋਂ ਮਿਤੀਆਂ ਸ਼ਾਮਲ) ਹੋਣੀ ਚਾਹੀਦੀ ਹੈ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 94785-47460 'ਤੇ ਦਫ਼ਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

# ਪੇਂਡੂ ਖੇਤਰ ਵਿੱਚ ਪੈਂਦੀਆਂ ਲਿੰਕ ਸੜਕਾਂ ਦੇ ਬਰਮਾਂ ਨਾਲ ਛੇੜਛਾੜ ਨਾ ਕਰਨ ਕਿਸਾਨ: ਡਿਪਟੀ ਕਮਿਸ਼ਨਰ

## ਅਧਿਕਾਰੀਆਂ ਨੂੰ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾਉਣ ਦਾ ਕੰਮ ਝੋਨੇ ਦੀ ਲਵਾਈ ਤੋਂ ਪਹਿਲਾਂ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com

ਦਲਜੀਤ ਕੌਰ

ਸੰਗਰੂਰ, 04 ਜੂਨ, 2025: ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਲਵਾਈ ਲਈ ਖੇਤ ਤਿਆਰ ਕਰਨ ਦੌਰਾਨ ਪੇਂਡੂ ਖੇਤਰ ਦੀਆਂ ਸੜਕਾਂ ਦੇ ਬਰਮਾਂ ਨਾਲ ਬਿਲਕੁਲ ਵੀ ਛੇੜਛਾੜ ਨਾ ਕਰਨ ਅਤੇ ਬਰਮਾਂ ਨੂੰ ਬਿਲਕੁਲ ਸੁਰੱਖਿਅਤ ਰੱਖਣ। ਇਸ ਦੇ ਨਾਲ-ਨਾਲ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਵੱਢੇ ਬਰਮ ਝੋਨੇ ਦੀ ਲਵਾਈ ਤੋਂ ਪਹਿਲਾਂ-ਪਹਿਲਾਂ ਪੂਰੇ ਕਰਵਾਉਣੇ ਯਕੀਨੀ ਬਣਾਉਣ।

ਜ਼ਿਕਰਯੋਗ ਹੈ ਕਿ ਬਰਮ ਪੂਰੇ ਕਰਵਾਉਣ ਸਬੰਧੀ ਡਿਪਟੀ ਕਮਿਸ਼ਨਰ, ਸ਼੍ਰੀ ਸੰਦੀਪ ਰਿਸ਼ੀ ਵੱਲੋਂ ਉਪ ਮੰਡਲ ਮੈਜਿਸਟਰੇਟ (ਚੇਅਰਮੈਨ), ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ, ਸੰਗਰੂਰ ਅਤੇ ਕਾਰਜਕਾਰੀ ਇੰਜੀਨੀਅਰ ਪੰਜਾਬ ਮੰਡੀ ਬੋਰਡ, ਸੰਗਰੂਰ ਨੂੰ ਸ਼ਾਮਲ ਕਰ ਕੇ ਕਮੇਟੀ ਬਣਾਈ ਗਈ ਹੈ, ਜਿਹੜੀ ਕਿ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾਉਣ ਸਬੰਧੀ ਕਾਰਜ ਕਰ ਰਹੀ ਹੈ।

ਸ਼੍ਰੀ ਰਿਸ਼ੀ ਨੇ ਕਿਹਾ ਕਿ ਕਈ ਵਾਰ ਜ਼ਿੰਮੀਦਾਰਾਂ ਵੱਲੋਂ ਬਰਮ ਵੱਢ ਕੇ ਆਪਣੇ ਖੇਤਾਂ ਵਿੱਚ ਸ਼ਾਮਿਲ ਕਰ ਲਏ ਜਾਂਦੇ ਹਨ। ਅਜਿਹਾ ਕਰਨ ਕਾਰਨ ਬਰਮ ਦੀ ਘੱਟ ਚੌੜਾਈ ਜਿੱਥੇ ਆਵਾਜਾਈ ਲਈ ਮੁਸ਼ਕਿਲ ਖੜ੍ਹੀ ਕਰਦੀ ਹੈ, ਉੱਥੇ ਲਿੰਕ ਸੜਕਾਂ ਦੇ ਜਲਦੀ ਖਰਾਬ ਹੋਣ ਦਾ ਕਾਰਨ ਵੀ ਬਣਦੀ ਹੈ। ਬਰਮਾਂ ਦੀ ਚੌੜਾਈ ਘੱਟ ਹੋਣ ਕਰ ਕੇ ਖੇਤਾਂ ਵਿੱਚ ਖੜ੍ਹਾ ਪਾਣੀ ਲਿੰਕ ਸੜਕਾਂ ਨੂੰ ਨੁਕਸਾਨ ਪਹੁੰਚਾਉਂਦਾ ਹੈ, ਜਿਸ ਕਾਰਨ ਦੁਰਘਟਨਾਵਾਂ ਵੀ ਵਾਪਰਦੀਆਂ ਰਹਿੰਦੀਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਲਿੰਕ ਸੜਕਾਂ ਦੇ ਬਰਮ ਪੂਰੇ ਕਰਵਾ ਲਏ ਜਾਂਦੇ ਹਨ ਤਾਂ ਲਿੰਕ



ਸੜਕਾਂ ਜਲਦੀ ਖਰਾਬ ਹੋਣ ਅਤੇ ਹਾਦਸੇ ਹੋਣ ਦਾ ਖਤਰਾ ਕਾਫੀ ਹੱਦ ਤੱਕ ਘੱਟ ਜਾਂਦਾ ਹੈ। ਅਜਿਹਾ ਕਰਨ ਨਾਲ ਜਿਥੇ ਲਿੰਕ ਸੜਕਾਂ ਦੀ ਮਿਆਦ ਵੱਧ ਜਾਂਦੀ ਹੈ, ਉੱਥੇ ਹੀ ਪੇਂਡੂ ਖੇਤਰ ਦੇ ਲੋਕਾਂ ਨੂੰ ਆਵਾਜਾਈ ਲਈ ਵੀ ਵੱਡੀ ਸਹੂਲਤ ਮਿਲਦੀ ਹੈ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ, ਜਿਸ ਨਾਲ ਸਮੁੱਚੇ ਪੇਂਡੂ ਖੇਤਰ ਨੂੰ ਲਾਭ ਹੋਵੇਗਾ।

# ਭਗਤ ਪੂਰਨ ਸਿੰਘ ਜੀ ਦੇ ਜਨਮ ਦਿਨ ਮੌਕੇ ਪਿੰਗਲਵਾੜਾ ਸੰਗਰੂਰ ਨੇ ਲਗਾਈ ਛਬੀਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com





ਸੰਗਰੂਰ,4 ਜੂਨ (ਜਗਸੀਰ ਲੌਂਗੋਵਾਲ)- ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੇ ਸੰਸਥਾਪਕ ਅਤੇ ਪਿੰਗਲਵਾੜਾ ਦੇ ਬਾਨੀ ਮਹਾਨ ਦਰਵੇਸ਼ ਭਗਤ ਪੂਰਨ ਸਿੰਘ ਜੀ ਦੇ 121ਵੇਂ ਜਨਮ ਦਿਨ ਮੌਕੇ ਸਥਾਨਿਕ ਪਿੰਗਲਵਾੜਾ ਸ਼ਾਖਾ ਸੰਗਰੂਰ ਵਿਖੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਸ਼ੇਸ਼ ਛਬੀਲ ਲਗਾਈ ਗਈ। ਮਾਸਟਰ ਸਤਪਾਲ ਸ਼ਰਮਾ, ਡਾ. ਜਗਦੀਪ ਸਿੰਘ ਜੈਨਪੁਰ, ਡਾ. ਉਪਾਸਨਾ ਦੀ ਦੇਖ ਰੇਖ ਹੇਠ ਪਿੰਗਲਵਾੜਾ ਪਰਿਵਾਰ ਵੱਲੋਂ ਧੂਰੀ ਰੋਡ ਤੇ ਰਾਹਗੀਰਾਂ ਵਾਸਤੇ ਠੰਡੇ ਮਿੱਠੇ ਜਲ ਅਤੇ ਜਲ ਜ਼ੀਰਾ ਦੀ ਛਬੀਲ ਲਗਾਈ ਗਈ। ਸੁਰਿੰਦਰ ਪਾਲ ਸਿੰਘ ਸਿਦਕੀ ਪੀ ਆਰ ਓ ਨੇ ਦੱਸਿਆ ਕਿ ਤਰਲੋਚਨ ਸਿੰਘ ਚੀਮਾ ਨੇ ਰਾਹਗੀਰਾਂ ਨੂੰ ਜਲ ਛਕਾ ਕੇ ਛਬੀਲ ਦੀ ਸ਼ੁਰੂਆਤ ਕੀਤੀ। ਇਸ ਮੌਕੇ ਕੁਲਵੰਤ ਸਿੰਘ ਬੱਗੀ, ਨਿਰਭੈ ਸਿੰਘ, ਸਰਬਜੀਤ ਸਿੰਘ, ਗੁਰਮੇਲ ਸਿੰਘ, ਸੁਖਦੇਵ ਸਿੰਘ ਝੇਲਾ, ਡਾ ਹਰਦੀਪ ਸਿੰਘ ਲਾਂਗਰੀਆਂ, ਜਗਰੂਪ ਸਿੰਘ ਫੌਜੀ, ਹਰਜੀਤ ਸਿੰਘ, ਰਮਨਦੀਪ ਸਿੰਘ, ਰਜਿੰਦਰ ਸਿੰਘ ਸੋਹੀ ਮਾਝੀ, ਮਾਤਾ ਬਲਤੇਜ ਕੌਰ ਮਾਝੀ, ਗੁਰਵਿੰਦਰ ਸਿੰਘ ਸ਼ੇਰਗਿੱਲ ਰਾਜਪੁਰਾ, ਹਾਕਮ ਸਿੰਘ ਝਨੇੜੀ ਆਦਿ ਵੱਖ ਵੱਖ ਪਿੰਡਾਂ ਦੇ ਸੇਵਕਾਂ ਸਮੇਤ ਜਰਨੈਲ ਸਿੰਘ, ਮੱਖਣ ਸਿੰਘ, ਸੁਰਮੁੱਖ ਸਿੰਘ, ਗੁਰਚਰਨ ਸਿੰਘ, ਨਿੱਕਾ ਸਿੰਘ, ਜਗਰੂਪ ਸਿੰਘ, ਹਰਦੀਪ ਸਿੰਘ, ਵਰਿੰਦਰ ਸਿੰਘ ਸਮੇਤ ਸੰਗਰੂਰ ਸ਼ਾਖਾ ਦੇ ਸੇਵਕਾਂ ਨੇ ਸੇਵਾਵਾਂ ਨਿਭਾਈਆਂ। ਤਰਲੋਚਨ ਸਿੰਘ ਚੀਮਾ ਨੇ ਭਗਤ ਪੂਰਨ ਸਿੰਘ ਜੀ ਦੇ ਜਨਮ ਦਿਨ ਦਾ ਵਧਾਈ ਸੰਦੇਸ਼ ਦਿੱਤਾ ਅਤੇ ਕਿਹਾ ਕਿ ਭਗਤ ਜੀ ਵੱਲੋਂ ਸੇਵਾ, ਲੋੜਵੰਦਾਂ ਦੀ ਸਹਾਇਤਾ, ਬੇਸਹਾਰਿਆਂ ਦੀ ਸੰਭਾਲ ਅਤੇ ਵਾਤਾਵਰਣ ਦੀ ਸੰਭਾਲ ਆਦਿ ਸੁਨੇਹਿਆਂ ਨੂੰ ਅਪਨਾਉਣ ਦੀ ਲੋੜ ਹੈ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ INTERNATIONAL PAPER, 9463601616 hardipchumber57@gmail.com

# ਇਖ਼ਲਾਕ

ਮਿੰਨੀ ਕਹਾਣੀ

ਆਤਮਾ ਸਿੰਘ ਪਮਾਰ



ਇਸ ਵਾਰ ਦੀਆਂ ਚੋਣਾਂ ਦੌਰਾਨ ਵੀ ਤਿੰਨਾਂ ਰਾਜਨੀਤਕ ਦਲਾਂ 'ਚ ਕਾਂਟੇ ਦੀ ਟੱਕਰ ਸੀ। ਜਿਸ ਕਰਕੇ ਸਾਰੇ ਹੀ ਦਲਾਂ ਦੇ ਆਗੂ ਅਤੇ ਵਰਕਰ ਚੋਣ ਮੁਹਿੰਮ 'ਚ ਪ੍ਰਚਾਰ ਕਰਨ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਹੇ ਸਨ।ਚੋਣ ਮੁਹਿੰਮ ਦੌਰਾਨ ਜਨਤਕ ਮੁੱਦੇ ਨਦਾਰਦ, ਪ੍ਰੰਤੂ ਨਿੱਜੀ ਚਿੱਕੜ ਉਛਾਲੀ ਸਿਖਰਾਂ ਛੂਹ ਰਹੀ ਸੀ। ਇੱਕ ਦੂਜੇ ਨੂੰ ਪਰਿਵਾਰਵਾਦ, ਫਿਰਕਾਪ੍ਰਸਤ ਅਤੇ ਗੈਰ ਇਖ਼ਲਾਕੀ ਹੋਣ ਆਦਿ ਦੇ ਵਿਸ਼ੇਸ਼ਣਾਂ ਨਾਲ ਵੀ ਨਿਵਾਜ਼ਿਆ ਜਾ ਰਿਹਾ ਸੀ। ਇਸੇ ਦੌਰਾਨ ਹੀ ਸ਼ਹਿਰ ਦੀ ਗਰੀਬ ਬਸਤੀ 'ਚ ਇੱਕ ਰਾਜਨੀਤਕ ਦਲ ਦਾ ਆਗੂ ਬਸਤੀ ਦੇ ਪ੍ਰਧਾਨ ਕੋਲ ਵੋਟਾਂ ਦਾ ਸੌਦਾ ਤੈਅ ਕਰਨ ਲਈ ਚਲਾ ਗਿਆ। ਸੌਦਾ ਮੰਗ ਅਨੁਸਾਰ ਅਦਾਇਗੀ ਨਾ ਹੋਣ ਕਾਰਨ ਸਿਰੇ ਨਾ ਚੜ੍ਹ ਸਕਿਆ ਤਾਂ ਬਸਤੀ ਦਾ ਆਗੂ ਕਹਿਣ ਲੱਗਾ ਬਾਬੂ ਜੀ ,,, “ਤੁਹਾਡੇ ਨਾਲੋਂ ਵੱਧ ਤਾਂ ਪਹਿਲਾਂ ਵਾਲੇ ਸਰਦਾਰ ਜੀ ਹੀ ਦੇ ਰਹੇ ਸਨ”।,,,

ਆਤਮਾ ਸਿੰਘ ਪਮਾਰ
ਸਰਕਾਰੀ ਨਹਿਰੂ ਮੈਮੋਰੀਅਲ ਕਾਲਜ ਲਿੰਕ ਰੋਡ ਪ੍ਰੀਤ ਨਗਰ ਵਾਰਡ ਨੰ 02
ਮਾਨਸਾ 151505
ਮੋ 8968056200

# ਮੈਡੀਕਲ ਪ੍ਰੈਕਟੀਸ਼ਨਰਜ਼ ਵੱਲੋਂ ਐਸੋਸੀਏਸ਼ਨ ਦੀ 29ਵੀਂ ਸਥਾਪਨਾ ਵਰੇਗੰਢ ਨੂੰ ਸਮਰਪਿਤ ਸੂਬਾਈ ਮੀਟਿੰਗ ਦਾ ਆਯੋਜਨ- ਸੂਬਾ ਕਮੇਟੀ

## ਜੋਨ ਪੱਧਰੀ ਜੱਥੇਬੰਦਕ ਕਨਵੈਨਸ਼ਨਾਂ ਕਰਕੇ ਸਰਕਾਰ ਦੀ ਬੇਰੁੱਖੀ ਖਿਲਾਫ ਤਿੱਖੇ ਸੰਘਰਸ਼ ਦਾ ਫ਼ੈਸਲਾ ,,,: ਗੋਇਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਮੋਗਾ 04 ਜੂਨ ( ਆਤਮਾ ਸਿੰਘ ਪਮਾਰ ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੀ

29ਵੀਂ ਸਥਾਪਨਾ ਵਰੇਗੰਢ ਨੂੰ ਸਮਰਪਿਤ ਸੂਬਾ ਪੱਧਰੀ ਵਿਸ਼ੇਸ਼ ਮੀਟਿੰਗ ਦਾ ਆਯੋਜਨ ਗਿੱਲ ਪੈਲੇਸ ਮੋਗਾ ਵਿਖੇ ਕੀਤਾ ਗਿਆ। ਜੱਥੇਬੰਦੀ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਇਤਹਾਸ,ਅਤੇ ਦਰਪੇਸ਼ ਭਵਿੱਖੀ ਚਣੌਤੀਆਂ ਨਾਲ ਨਜਿੱਠਣ ਲਈ ਚਰਚਾ ਕੀਤੀ ਗਈ। ਮੀਟਿੰਗ ਦੌਰਾਨ, ਸੂਬਾ ਜਨਰਲ ਸਕੱਤਰ ਡਾ.ਗੁਰਮੇਲ ਸਿੰਘ ਮਾਛੀਕੇ, ਵਿੱਤ ਸਕੱਤਰ ਡਾ. ਰਾਕੇਸ਼ ਮਹਿਤਾ ਫਿਰੋਜ਼ਪੁਰ ਅਤੇ ਸਰਪ੍ਰਸਤ ਡਾ. ਸੁਰਜੀਤ ਸਿੰਘ ਲੁਧਿਆਣਾ ਦੀ ਪ੍ਰਧਾਨਗੀ ਹੇਠ ਹੋਈ । ਜਿਸ ਵਿੱਚ ਸੂਬਾਈ ਆਗੂਆਂ ਸੀਨੀਅਰ ਮੀਤ ਪ੍ਰਧਾਨ ਡਾ. ਅਵਤਾਰ ਸਿੰਘ ਬਟਾਲਾ, ਡਾ.ਸੀ ਆਰ ਸ਼ੰਕਰ ਫਾਜਲਿਕਾ ਅਤੇ ਡਾ.ਜਸਵਿੰਦਰ ਸਿੰਘ ਖੀਵਾ ਫਰੀਦਕੋਟ , ਲੀਗਲ ਅਡਵਾਈਜ਼ਰ ਡਾ.ਜਸਵਿੰਦਰ ਸਿੰਘ ਭੋਗਲ ਜਲੰਧਰ, ਵਾਇਸ ਪ੍ਰਧਾਨ ਡਾ. ਦਿਲਦਾਰ ਸਿੰਘ ਚਾਹਲ ਨਵਾਂ ਸਹਿਰ , ਪ੍ਰੈਸ ਸਕੱਤਰ ਡਾ.ਚਮਕੌਰ ਸਿੰਘ ਲੁਧਿਆਣਾ, ਮੀਤ ਪ੍ਰਧਾਨ ਡਾ. ਗੁਲਜੀਤ ਸਿੰਘ, ਵਾਇਸ ਪ੍ਰਧਾਨ ਡਾ.ਅਰਜਿੰਦਰ ਸਿੰਘ ਕੋਹਾਲੀ ਅੰਮ੍ਰਿਤਸਰ, ਸਹਾਇਕ ਸਕੱਤਰ ਡਾ.ਰਣਜੀਤ ਸਿੰਘ ਸੋਹੀ ਬਰਨਾਲਾ, ਡਾ. ਸੁਖਚੈਨ ਸਿੰਘ ਬੋਪਾਰਾਏ ਤਰਨ ਤਾਰਨ , ਡਾ. ਪੰਕਜ ਅੱਗਰਵਾਲ ਪਟਿਆਲਾ , ਡਾ.ਮਨਜੀਤ ਸਿੰਘ ਫਤਿਹਗੜ੍ਹ ਸਾਹਿਬ , ਡਾ. ਅਵਤਾਰ ਸਿੰਘ ਸ਼ਾਹਪੁਰ ਕਲਾਂ ਸੰਗਰੂਰ, ਡਾ.ਟਹਿਲ ਸਿੰਘ ਮੋਹਾਲੀ , ਸੱਤਪਾਲ ਰਿਸ਼ੀ ਮਾਨਸਾ, ਡਾ. ਮਨਪ੍ਰੀਤ ਸਿੰਘ ਬੁਰਜ ਡੱਲਾ ਬਠਿੰਡਾ, ਡਾ.ਮਹਿੰਦਰ ਸਿੰਘ ਖੋਖਰ ਮੁਕਤਸਰ ਸਾਹਿਬ , ਡਾ. ਗੋਦਾਵਰ ਰਾਮ ਹੁਸ਼ਿਆਰਪੁਰ, ਫ਼ਤਹਿਗੜ੍ਹ ਸਾਹਿਬ ਡਾ.ਮਨਜੀਤ ਸਿੰਘ ਆਦਿ ਆਗੂ ਸ਼ਾਮਿਲ ਹੋਏ । ਮੀਟਿੰਗ ਦੇ ਸ਼ੁਰੂ 'ਚ ਸੂਬਾਈ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਨੇ ਹਾਜ਼ਰੀਨ ਦਾ ਸਵਾਗਤ ਕਰਦਿਆਂ ਜੱਥੇਬੰਦਕ ਪਰਿਵਾਰ ਚੋਂ ਵਿਛੜ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਅਤੇ ਐਸੋਸੀਏਸ਼ਨ ਦਾ ਝੰਡਾ ਵੀ ਲਹਿਰਾਇਆ। ਜੱਥੇਬੰਦੀ ਦੇ ਇਤਿਹਾਸ ਅਤੇ ਸਥਾਪਨਾ ਦੇ ਕਾਰਨਾਂ ਸਬੰਧੀ ਵਿਸਥਾਰ ਪੂਰਵਕ ਵਿਚਾਰ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਐਸੋਸੀਏਸ਼ਨ ਵਿੱਚ ਜ਼ਿਲ੍ਹਾ ਫਰੀਦਕੋਟ , ਸ੍ਰੀ ਮੁਕਤਸਰ ਸਾਹਿਬ ਅਤੇ ਜ਼ਿਲ੍ਹਾ ਲੁਧਿਆਣਾ ਦੇ ਬਲਾਕ ਅਹਿਮਦਗੜ੍ਹ ਅਤੇ ਜ਼ਿਲ੍ਹਾ ਮੋਗਾ ਦੇ ਬਲਾਕ ਸਮਾਲਸਰ ਦੇ ਸ਼ਾਮਲ ਹੋਏ ਸਾਥੀਆਂ ਦਾ ਨਿੱਘਾ ਸਵਾਗਤ ਵੀ ਗਿਆ। ਡਾ. ਗੁਰਮੇਲ ਸਿੰਘ ਮਾਛੀਕੇ ਵੱਲੋਂ ਸਰਗਰਮੀਆਂ ਦੀ ਰਿਪੋਰਟ ਅਤੇ ਜ਼ਿਲ੍ਹਾ ਆਗੂਆਂ ਵੱਲੋਂ ਜ਼ਿਲ੍ਹਾ ਪੱਧਰੀ ਸਰਗਰਮੀਆਂ ਰਿਪੋਰਟ ਅਤੇ ਸਮੱਸਿਆਂਵਾਂ ਵੀ ਸਾਂਝੀਆਂ ਕੀਤੀਆਂ ਗਈਆਂ। ਦਰਪੇਸ਼ ਔਕੜਾਂ 'ਤੇ ਖੁਲ੍ਹ ਕੇ ਵਿਚਾਰ ਵਟਾਂਦਰਾ ਕਰਦਿਆਂ ਮਹਿਸੂਸ ਕੀਤਾ ਗਿਆ ਕਿ ਜੱਥੇਬੰਦਕ ਸਮੱਸਿਆਵਾਂ ਅਤੇ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਡਰ ਕੈਂਪ ਲਗਾਉਣੇ ਸਮੇਂ ਦੀ ਅਣਸਰਦੀ ਲੋੜ ਹੈ। ਸੂਬਾ ਸਰਪ੍ਰਸਤ ਡਾ. ਸੁਰਜੀਤ ਸਿੰਘ ਨੇ ਐਸੋਸੀਏਸ਼ਨ ਦੇ ਪਿਛੋਕੜ ਬਾਰੇ ਦੱਸਿਆ ਕਿ 29 ਸਾਲ ਪਹਿਲਾਂ ਸੂਬੇ ਭਰ 'ਚ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਛੋਟੀਆਂ ਵੱਡੀਆਂ ਜੱਥੇਬੰਦੀਆਂ ਵੱਖ ਵੱਖ ਨਾਵਾਂ ਹੇਠ ਕੰਮ ਕਰਦੀਆਂ ਸਨ। ਜਿਨਾਂ ਨੂੰ ਮਾਰਚ 1996 ਵਿੱਚ ਇੱਕ ਝੰਡੇ ਹੇਠ ਲਿਆ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦਾ ਗਠਨ ਕੀਤਾ ਗਿਆ । ਜਿਸ ਦੀ ਬਾਕਾਇਦਾ ਰਜਿਸਟਰੇਸ਼ਨ 30 ਮਈ 1997 ਨੂੰ ਹੋਈ । ਮੈਡੀਕਲ ਪ੍ਰੈਕਟੀਸ਼ਨਰਾਂ ਦੇ ਇਤਿਹਾਸ 'ਚ ਤਜਰਬੇਕਾਰ ਡਾਕਟਰਾਂ ਦੀ ਰਜਿਸਟ੍ਰੇਸ਼ਨ ਲਈ ਜਥੇਬੰਦੀ ਵੱਲੋਂ ਪਹਿਲੀ ਵਾਰ ਜੱਥੇਬੰਧਕ ਰੂਪ ਵਿਚ ਜਨਤਕ ਸੰਘਰਸ਼ ਦੀ ਸ਼ੁਰੂਆਤ ਹੋਈ। 29 ਸਾਲਾਂ ਦੇ ਸ਼ਾਨਾਮੱਤੇ ਇਤਿਹਾਸ ਅੰਦਰ ਆਈਆਂ ਤਮਾਮ ਚੁਣੌਤੀਆਂ ਨੂੰ ਖਿੜੇ ਮੱਥੇ ਪ੍ਰਵਾਨ ਕਰਦਿਆ ਡਟ ਕੇ ਸੰਘਰਸ਼ ਲੜੇ ਗਏ। ਜਿਸ ਸਦਕਾ ਕਲੀਨਕਾਂ ਨੂੰ ਬੰਦ ਕਰਾਉਣ ਲਈ ਹੁੰਦੇ ਰਹੇ ਹਮਲਿਆਂ ਨੂੰ ਪਛਾੜਨ 'ਸਫਲ ਹੋਏ। ਸਮੇਂ ਸਮੇਂ ਆਉਣ ਵਾਲੀਆਂ ਸਮੱਸਿਆਵਾਂ, ਭਾਵੇਂ ਉਹ ਫਲੌਰ ਦੇ ਐਡਵੋਕੇਟ ਵੱਲੋਂ ਪਾਈ ਆਰ ਟੀ ਆਈ ਹੋਵੇ



,ਮੁਹਾਲੀ ਦੇ ਭਗਵਾਨਪੁਰਾ ਤੋਂ ਸਰਪੰਚ ਵੱਲੋਂ ਕੀਤੀ ਸਿਕਾਇਤ ਹੋਵੇ , ਡੇਰਾ ਬੱਸੀ ਦੇ ਵਿਧਾਇਕ ਵੱਲੋਂ ਵਰਤੀ ਭੱਦੀ ਸ਼ਬਦਾਵਲੀ ਹੋਵੇ ਜਾਂ ਇਸੇ ਤਰ੍ਹਾਂ ਹੋਰ ਸਮੱਸਿਆਂਵਾਂ ਨੂੰ ਜ਼ਾਬਤੇ ਵਿੱਚ ਰਹਿੰਦਿਆਂ, ਸਹਿਣਸ਼ੀਲਤਾ ਅਤੇ ਵਿਉਂਤਬੰਦੀ ਨਾਲ ਜੇਤੂ ਹੱਲ ਕੱਢੇ ਗਏ। ਗੋਇਲ ਨੇ ਦੱਸਿਆ ਕਿ 26 ਨਵੰਬਰ 2024 ਨੂੰ ਮਾਨਯੋਗ ਸਿਹਤ ਮੰਤਰੀ ਦੀ ਰਹਿਨੁਮਾਈ ਹੇਠ ਜੱਥੇਬੰਦੀ ਦੇ ਸੂਬਾਈ ਵਫਦ ਨਾਲ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨਾਲ ਚੰਡੀਗੜ੍ਹ ਵਿਖੇ ਪੈਨਲ ਮੀਟਿੰਗ ਹੋਈ ਜਿਸ ਵਿੱਚ ਸ਼ਾਰਟ ਟਰਮ ਕੋਰਸ ਕਰਵਾਉਣ ਲਈ ਸਿਹਤ ਵਿਭਾਗ ਨੂੰ ਆਦੇਸ਼ ਕੀਤੇ ਗਏ ਸਨ। ਪਰ ਛੇ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਇਸ ਅਹਿਮ ਸਮਾਜਿਕ ਮਸਲੇ ਸਬੰਧੀ ਸੁਹਿਰਦ ਯਤਨ ਨਹੀਂ ਕੀਤੇ ਗਏ ।ਮੀਟਿੰਗ ਦੌਰਾਨ ਵਿਚਾਰਿਆ ਗਿਆ ਕਿ ਜਿਸ ਤਰ੍ਹਾਂ ਅੱਜ ਹਰ ਵਰਗ ਸਿਹਤ, ਸਿਖਿਆ, ਰੁਜ਼ਗਾਰ ਅਤੇ ਉਜ਼ਰਤਾਂ ਲੈਣ ਲਈ ਮਹਿੰਗਾਈ ਅਤੇ ਹੱਕ ਮੰਗਦੇ ਲੋਕਾਂ ਨਾਲ ਧੱਕੇਸ਼ਾਹੀ ਹੋ ਰਹੀ ਹੈ ਅਤੇ ਕਾਰਪੋਰੇਟ ਪੱਖੀ ਕਾਨੂੰਨੀ ਬਦਲਾਵਾਂ , ਜਾਤਾਂ ਧਰਮਾਂ ਦੇ ਨਾਂ ਹੇਠ ਪਾਈਆਂ ਜਾ ਰਹੀਆਂ ਵੰਡੀਆਂ, ਨਸ਼ੇ ਅਤੇ ਦਹਿਸ਼ਤਗਰਦੀ ਆਦਿ ਅਨੇਕਾਂ ਭਵਿੱਖੀ ਚਣੌਤੀਆਂ ਹਨ ਤਾਂ ਸਾਨੂੰ ਵੀ ਇਹਨਾਂ ਖਿਲਾਫ ਚੇਤਨ ਹੋ ਕੇ ਭਰਾਤਰੀ ਸਾਂਝ ਨੂੰ ਮਜ਼ਬੂਤ ਕਰਦਿਆਂ ਅਜਿਹੇ ਸੰਘਰਸ਼ਾਂ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।। ਐਸੋਸੀਏਸ਼ਨ ਦੀ ਸਥਾਪਨਾ ਦੇ 29ਵੇਂ ਵਰੇਗੰਢ ਨੂੰ ਸਮਰਪਿਤ ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੂਬੇ 'ਚ ਜੋਨ ਪੱਧਰੀ ਕਨਵੈਨਸ਼ਨਾਂ ਕਰਕੇ ਭਾਈਚਾਰਕ ਸਾਂਝ ਨੂੰ ਮਜਬੂਤ ਕਰਦਿਆਂ ਕੇਡਰ ਕੈਂਪ ਲਗਾ ਕੇ ਆਗੂਆਂ ਅਤੇ ਸਰਗਰਮ ਕਾਰਕੁੰਨਾ ਨੂੰ ਚੇਤਨ ਕਰਕੇ ਭਵਿੱਖੀ ਚਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਹੋਣ ਦਾ ਸੱਦਾ ਦਿੱਤਾ ਗਿਆ। ਸਰਕਾਰ ਵੱਲੋਂ ਮੰਗਾਂ ਪ੍ਰਤੀ ਅਪਣਾਈ ਬੇਰੁੱਖੀ ਖਿਲਾਫ ਚਿਤਾਵਨੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਖਮਿਆਜ਼ਾ ਭੁਗਤਣ ਲਈ ਤਿਆਰ ਰਹਿਣਾ ਹੋਵੇਗਾ। ਅਖੀਰ ਵਿੱਚ ਫਾਉਂਡਰ ਪ੍ਰਧਾਨ ਡਾ. ਸੁਰਜੀਤ ਸਿੰਘ ਲੁਧਿਆਣਾ ਨੂੰ ਸਨਮਾਨਿਤ ਕੀਤਾ ਗਿਆ ਅਤੇ 9 ਮੈਂਬਰੀ ਕੋਰ ਕਮੇਟੀ ਦਾ ਗਠਨ ਵੀ ਕੀਤਾ ਗਿਆ ਸਮੂਹ ਆਗੂਆਂ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਸਮੇਂ ਜ਼ਿਲ੍ਹਾ ਫ਼ਰੀਦਕੋਟ ਤੋਂ ਪ੍ਰਧਾਨ ਡਾ.ਅਮ੍ਰਿਤਵੀਰ ਸਿੰਘ ਸਿੱਧੂ, ਡਾ.ਜਰਨੈਲ ਸਿੰਘ ਡੋਡ ਅਤੇ ਡਾ. ਜਲੰਧਰ ਸਿੰਘ , ਸ੍ਰੀ ਮੁਕਤਸਰ ਸਾਹਿਬ ਦੇ ਆਗੂ ਡਾ. ਮਹਿੰਦਰ ਸਿੰਘ ਖੋਖਰ ਅਤੇ ਡਾ. ਰਜਿੰਦਰ ਸਿੰਘ ਔਲਖ, ਮਾਨਸਾ ਤੋਂ ਡਾ. ਸੱਤਪਾਲ ਰਿਸ਼ੀ ਜ਼ਿਲ੍ਹਾ ਪ੍ਰਧਾਨ ਮਾਨਸਾ, ਅਮ੍ਰਿਤਸਰ ਤੋਂ ਡਾ.ਮੁਖਤਾਰ ਸਿੰਘ ਚੇਤਨਪੁਰਾ, ਡਾ.ਗੁਰਪ੍ਰਤਾਪ ਸਿੰਘ ਕੁੱਕੜ , ਡਾ ਸਤਪਿੰਦਰ ਸਿੰਘ, ਮੋਗਾ ਡਾ. ਜਸਬੀਰ ਸਿੰਘ ਸਹਿਗਲ ਡਾ.ਸਵਰਨ ਸਿੰਘ, ਡਾ.ਸੁਖਪਾਲ ਸਿੰਘ, ਅਤੇ ਡਾ.ਬਲਜਿੰਦਰ ਸਿੰਘ ਰੌਲੀ ਮੋਗਾ , ਨਵਾਂ ਸ਼ਹਿਰ ਤੋਂ ਡਾ.ਧਰਮਪਾਲ ਔੜ ਅਤੇ ਡਾ.ਅਮਰ ਨਾਥ ਪਟਿਆਲਾ ਤੋਂ ਡਾ.ਆਨੰਦ ਵਾਲੀਆ ਰਾਜਪੁਰਾ, ਫਿਰੋਜ਼ਪੁਰ ਤੋਂ ਡਾ.ਸਤਵੀਰ ਸਿੰਘ ਮਿਰਜੇ ਕੇ ਅਤੇ ਡਾ. ਮਨਪ੍ਰੀਤ ਸਿੰਘ, ਫਾਜ਼ਿਲਕਾ ਤੋਂ ਰਾਜ ਕਿਸ਼ਨ ਜੋਸ਼ਨ, ਡਾ.ਰਵਿੰਦਰ ਸ਼ਰਮਾ ਅਤੇ ਡਾ.ਤਿਲਕ ਰਾਜ ਕੰਬੋਜ ਅਤੇ ਡਾ.ਪ੍ਰਸੋਤਮ ਸ਼ਰਮਾ , ਤਰਨਤਾਰਨ ਤੋਂ ਡਾ. ਗੁਰਜੀਤ ਸਿੰਘ ਦੁਬਲੀ, ਫ਼ਤਹਿਗੜ੍ਹ ਸਾਹਿਬ ਤੋਂ ਡਾ. ਟੋਨੀ ਗੌਤਮ ਅਤੇ ਡਾ.ਹਰਪ੍ਰੀਤ ਸਿੰਘ, ਜਲੰਧਰ ਤੋਂ ਡਾ. ਪ੍ਰਤਾਪ ਸਿੰਘ ਸੋਢੀ ਅਤੇ ਡਾ.ਨਰਿੰਦਰ ਕੁਮਾਰ, ਬਰਨਾਲਾ ਤੋਂ ਡਾ.ਜੱਗਾ ਸਿੰਘ ਮੌੜ ਡਾ.ਕੇਸਰ ਖਾਨ ਅਤੇ ਡਾ.ਦਰਸ਼ਨ ਸਿੰਘ ਢਿੱਲਵਾਂ , ਮੋਹਾਲੀ ਤੋਂ ਡਾ. ਸੰਦੀਪ ਸਿੰਘ ਅਤੇ ਡਾ ਹਰਬੰਸ ਸਿੰਘ, ਗੁਰਦਾਸਪੁਰ ਡਾ. ਪਿਆਰਾ ਸਿੰਘ ਹੰਭੋਵਾਲ ਅਤੇ ਡਾ. ਸਤਨਾਮ ਸਿੰਘ ਕੰਡੀਲਾ, ਰਾਏਕੋਟ ਤੋਂ ਡਾ.ਪ੍ਰਮਿੰਦਰ ਸਿੰਘ ਜੱਸੀ, ਹੁਸ਼ਿਆਰਪੁਰ ਤੋਂ ਡਾ. ਸੁਰਜੀਤ ਰਾਮ ਵੀ ਹਾਜ਼ਰ ਸਨ।

# ਪੰਨੂ ਵਲੋਂ ਭੇਜੇ ਹੋਏ ਬੁਜਦਿੱਲ,ਅਣਪੜ੍ਹ,ਕਾਇਰ ਅਤੇ ਸ਼ਰਾਰਤੀ,ਅਨਸਰ ਅਗਰ ਅਸਲੀ ਮਰਦ ਹਨ ਤਾ ਦੱਸਕੇ ਆਉਣ : ਬੇਗਮਪੁਰਾ ਟਾਈਗਰ ਫੋਰਸ

## ਬਾਬਾ ਸਾਹਿਬ ਜੀ ਦੇ ਸਟੈਚੂਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਚੁਰਾਹੇ ਵਿੱਚ ਖੜੇ ਕਰਕੇ ਗੋਲੀ ਮਾਰ ਦੇਣੀ ਚਾਹੀਦੀ ਹੈ : ਬੀਰਪਾਲ, ਸ਼ਤੀਸ, ਬੰਟੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 4 ਜੂਨ ( ਤਰਸੇਮ ਦੀਵਾਨਾ ) ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਸਬ ਦਫਤਰ ਪੁਰਾਣੀ ਬਸੀ ਨੇੜੇ ਸੂਦ ਫਾਰਮ ਵਿਖ਼ੇ ਫੋਰਸ ਦੇ ਜਾਬਾਜ਼ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਮੀਟਿੰਗ ਵਿੱਚ ਫੋਰਸ ਦੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ਼ਤੀਸ ਕੁਮਾਰ ਸ਼ੇਰਗੜ੍ਹ ਅਤੇ ਬਲਾਕ ਹਰਿਆਣਾ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਨੇ ਵਿਸ਼ੇਸ ਤੌਰ ਤੇ ਸਿਰਕਤ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਫੋਰਸ ਦੇ ਆਗੂਆਂ ਨੇ ਕਿਹਾ

ਫਿਲੌਰ ਦੇ ਲਾਗੇ ਪਿੰਡ ਨੰਗਲ ਵਿਖੇ ਸਥਾਪਿਤ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਸਟੈਚੂ ਨੂੰ ਦੂਜੀ ਵਾਰ ਨਿਸ਼ਾਨਾ ਬਣਾ ਕੇ ਉਸ 'ਤੇ ਕਾਲੇ ਰੰਗ ਦੀ ਸਪਰੇਅ ਮਾਰਨ ਦੀ ਘਟਨਾ ਨੇ ਐਸਸੀ ਸਮਾਜ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਉਹਨਾ ਕਿਹਾ ਕਿ ਇਸ ਘਟਨਾ ਨਾਲ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਐਸਸੀ ਸਮਾਜ ਦੇ ਮਸੀਹਾ ਡਾ. ਅੰਬੇਡਕਰ ਜੀ ਦਾ ਨਿਰਾਦਰ ਹੋਇਆ ਹੈ। ਉਹਨਾਂ ਕਿਹਾ ਕਿ ਵਿਸ਼ਵ ਰਤਨ ਡਾ ਬੀ ਆਰ ਅੰਬੇਡਕਰ ਜੀ ਦੀ ਕ੍ਰਾਂਤੀਕਾਰੀ ਸੋਚ ਅਤੇ ਉਨਾਂ ਵੱਲੋਂ ਦਿੱਤੇ ਕ੍ਰਾਂਤੀਕਾਰੀ ਨਾਹਰੇ ਪੜ੍ਹੋ ਜੁੜੋ ਸੰਘਰਸ਼ ਕਰੋ ਤੇ ਪਹਿਰਾ ਦਿੰਦਿਆਂ ਦੁਨੀਆਂ ਦੇ ਬਹੁਤ ਦੇਸ਼ਾ ਦੇ ਲੋਕਾ ਨੇ ਪੜ੍ਹਾਈਆ ਕਰਕੇ ਖੂਬ ਤਰੱਕੀਆਂ ਕੀਤੀਆਂ ਹਨ ਤਾਹੀਓ ਹੀ ਬਾਬਾ ਸਾਹਿਬ ਜੀ ਦੀ ਕ੍ਰਾਂਤੀਕਾਰੀ ਸੋਚ ਨੂੰ ਉੱਚਾ ਚੁੱਕਣ ਲਈ ਇੰਗਲੈਂਡ,ਅਮਰੀਕਾ ਵਰਗੇ ਸ਼ਕਤੀਸ਼ਾਲੀ ਦੇਸ ਅਪਣੇ ਦੇਸ਼ਾਂ ਵਿੱਚ ਬਾਬਾ ਸਾਹਿਬ ਜੀ ਦੀ ਸੋਚ ਵਿਚਾਰ ਨੂੰ ਸਕੂਲਾ ਕਾਲਜਾਂ ਵਿੱਚ ਪੜ੍ਹਾ ਰਹੇ ਹਨ ਪਰ ਅਫ਼ਸੋਸ ਭਾਰਤ ਦੇਸ਼ ਵਿੱਚ ਹੀ ਜਨਮੇ ਇਹ ਮਹਾਨ ਰਹਿਬਰ ਦੇ ਸਟੈਚੂਆ ਨੂੰ ਭਾਰਤ ਵਿੱਚ ਹੀ ਕੁਝ ਕੁ ਮੁੱਠੀ ਭਰ ਸ਼ਰਾਰਤੀ ਅਨਸਰ,ਅਣਪੜ੍ਹ, ਬੁਜਦਿਲ,ਅਤੇ ਕਾਇਰ ਖਾਲਿਸਤਾਨੀ ਸੋਚ ਰੱਖਣ ਵਾਲੇ ਅਮਰੀਕਾ ਵਿੱਚ ਰਹਿ ਰਹੇ ਗੁਰਪੰਤਵੰਤ ਸਿੰਘ ਪੰਨੂ ਦੇ ਇਸ਼ਾਰੇ ਤੇ ਲੋਕ ਨੁਕਸਾਨ ਪਹੁੰਚਾ ਰਹੇ ਹਨ ਉਹਨਾਂ ਕਿਹਾ ਕਿ ਜਿਵੇਂ ਕਿ ਪਹਿਲਾਂ ਅੰਮ੍ਰਿਤਸਰ, ਫਿਰ ਜਲੰਧਰ ਅਤੇ ਹੁਣ ਫਿਲੌਰ ਵਿੱਚ ਬਾਬਾ ਸਾਹਿਬ ਜੀ ਦੇ ਸਟੈਚੂ ਦਾ ਦੂਜੀ ਵਾਰ ਅਪਮਾਨ ਕੀਤਾ ਗਿਆ ਉਨ੍ਹਾਂ ਕਿਹਾ ਕਿ ਇਹ ਬੁਜਦਿਲ ਲੋਕ ਅਗਰ ਅਸਲੀ ਮਰਦ ਹਨ ਜਾ ਜੁਰਅਤ ਰੱਖਦੇ ਹਨ ਤਾਂ ਦੱਸਕੇ ਆਉਣ,ਕਿਉਂਕਿ ਚੋਰੀ ਛੁਪੇ ਆਉਣ ਵਾਲੇ ਕਾਇਰ ਕਦੇ ਆਪਣੇ ਆਪ ਨੂੰ ਦਲੇਰ ਨਹੀਂ ਅਖਵਾ ਸਕਦੇ ,ਫੋਰਸ ਦੇ ਆਗੂਆ ਨੇ ਕਿਹਾ ਕਿ ਬਾਬਾ ਸਾਹਿਬ ਜੀ ਦੇ ਵਾਰਿਸ ਹੋਣ ਦੇ ਨਾਤੇ ਵਾਅਦਾ ਕਰਦੇ ਹਾਂ ਕਿ ਇਹ ਕਾਇਰ ਲੋਕ ਦੱਸ ਕੇ ਆਉਣ ਤੇ ਫੇਰ ਬਾਬਾ ਸਾਹਿਬ ਜੀ ਦੇ ਸਟੈਚੂ ਨੂੰ ਨੁਕਸਾਨ ਪਹੁੰਚਾਉਣ ਤਾ ਫੇਰ ਬਾਬਾ ਸਾਹਿਬ ਜੀ ਦੇ ਵਾਰਿਸ ਇਹਨਾਂ ਦੀ ਉਹ ਭੁਗਤ ਸੰਵਾਰਨਗੇ ਕਿ ਬਾਬਾ ਸਾਹਿਬ ਜੀ ਦੇ ਬੁੱਤ ਨੂੰ ਨੁਕਸਾਨ ਪਹੁੰਚਾਣ ਵਾਲੇ ਅਪਣੀਆਂ ਲੱਤਾਂ ਤੇ ਤੁਰਕੇ ਵਾਪਿਸ ਨਹੀਂ ਜਾ ਸਕਣਗੇ,ਉਹਨਾਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਸ਼ਾਂਤਮਈ ,ਅਮਨ ਪਸੰਦ ਪੰਜਾਬ ਨੂੰ ਨਫ਼ਰਤ ਦੇ ਜ਼ਹਿਰ ਦਾ ਲਾਂਬੂ ਲਾ ਰਹੇ ਇਹੋ ਜਿਹੇ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰ ਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਤਾਂ ਜੋ ਬਾਬਾ ਸਾਹਿਬ ਨੂੰ ਚਾਹੁਣ ਵਾਲਿਆਂ ਨੂੰ ਕੁਝ ਸਕੂਨ ਮਿਲ ਸਕੇ । ਉਹਨਾਂ ਵਿੱਚ ਕਿਹਾ ਕਿ ਬਾਬਾ ਸਾਹਿਬ ਭੀਮ ਰਾਉ ਅੰਬੇਡਕਰ ਜੀ ਦੇ ਸਟੈਚੂਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅੰਨਸਰਾਂ ਨੂੰ ਚੁਰਾਹੇ ਵਿੱਚ ਖੜ੍ਹਿਆਂ ਕਰਕੇ ਗੋਲੀ ਮਾਰ ਦੇਣੀ ਚਾਹੀਦੀ ਹੈ ਤਾਂ ਕਿ ਅੱਗੇ ਤੋ ਇਹੋ ਜਿਹੀ ਘਨਾਉਣੀ ਹਰਕਤ ਕਰਨ ਵਾਲੇ ਸੌ ਵਾਰੀ ਸੋਚਣ ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ,ਕਮਲਜੀਤ ਡਾਡਾ , ਸਤੀਸ਼ ਕੁਮਾਰ ਬਸੀ ਬਾਹਦ, ਡਾਕਟਰ ਨਿਤਿਨ ਸੈਣੀ,ਡਾ. ਸੋਨੂੰ,ਰਾਜਾ, ਪਵਨ ਕੁਮਾਰ,ਕਮਲੇਸ਼, ਵਿਜੇ ਕੁਮਾਰ,ਵਿਸ਼ਾਲ, ਨੋਨੀ,ਆਕਾਸ਼,ਲੱਕੀ ਆਦਿ ਹਾਜ਼ਰ ਸਨ !

# ਖਾਣ-ਪੀਣ ਦੀਆਂ ਵਸਤਾਂ ਦੀ ਵਿਕਰੀ ਲਈ ਫੂਡ ਸੇਫਟੀ ਨਿਯਮਾਂ ਦਾ ਪਾਲਣ ਕਰਨਾ ਜ਼ਰੂਰੀ- ਡਾ. ਰਣਜੀਤ ਸਿੰਘ ਰਾਏ*

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com




ਮਾਨਸਾ, 04 ਜੂਨ:( ਆਤਮਾ ਸਿੰਘ ਪਮਾਰ)

ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ, ਆਈ.ਏ.ਐਸ. ਦੇ ਦਿਸ਼ਾ ਨਿਰਦੇਸ਼ ਅਤੇ ਸਿਵਲ ਸਰਜਨ ਡਾ. ਅਰਵਿੰਦਰ ਪਾਲ ਸਿੰਘ ਦੀ ਰਹਿਨੁਮਾਈ ਹੇਠ ਡੈਜ਼ੀਗਨੇਟਿਡ ਅਫ਼ਸਰ-ਕਮ-ਜ਼ਿਲਾ ਸਿਹਤ ਅਫ਼ਸਰ ਡਾ. ਰਣਜੀਤ ਸਿੰਘ ਰਾਏ ਵੱਲੋਂ ਸ਼ਹਿਰ ਮਾਨਸਾ ਵਿਖੇ ਕਰਿਆਣਾ, ਹਲਵਾਈ, ਦੋਧੀ ਅਤੇ ਬੇਕਰੀ ਨਾਲ ਸਬੰਧਤ ਕਾਰੋਬਾਰੀਆਂ ਲਈ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ।

ਇਸ ਦੌਰਾਨ ਜ਼ਿਲਾ ਸਿਹਤ ਅਫ਼ਸਰ, ਡਾ. ਰਣਜੀਤ ਸਿੰਘ ਰਾਏ ਵੱਲੋਂ ਹਾਜ਼ਰ ਫੂਡ ਬਿਜ਼ਨੈਸ ਆਪਰੇਟਰਾਂ ਨੂੰ ਖਾਣ-ਪੀਣ ਵਾਲੀਆਂ ਵਸਤਾਂ ਦੀ ਸਾਫ-ਸਫਾਈ, ਅਦਾਰਿਆਂ ਦੇ ਲਾਇਸੰਸ/ਰਜਿਸਟ੍ਰੇਸ਼ਨ ਸਬੰਧੀ, ਆਦਰਿਆਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਦੇ ਮੈਡੀਕਲ ਕਰਵਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ।

ਉਨ੍ਹਾਂ ਮੀਟਿੰਗ ਵਿੱਚ ਮੌਜੂਦ ਕਰਿਆਣਾ, ਹਲਵਾਈ, ਦੋਧੀ ਅਤੇ ਬੇਕਰੀ ਦੇ ਨੁਮਾਇੰਦਿਆਂ ਨੂੰ ਖਾਣੇ ਸਬੰਧੀ ਮਿਆਰੀ ਵਸਤਾਂ ਦੀ ਵਰਤੋਂ ਕਰਨ, ਰਸੋਈ ਵਿੱਚ ਸਾਫ ਸਫਾਈ ਰੱਖਣ ਲਈ ਵੀ ਕਿਹਾ ਤਾਂ ਕਿ ਲੋਕਾਂ ਨੂੰ ਸਾਫ-ਸੁਥਰਾ ਅਤੇ ਸ਼ੁੱਧ ਖਾਣਾ ਦੇਣਾ ਯਕੀਨੀ ਬਣਾਇਆ ਜਾਵੇ। ਖਾਣਾ ਬਣਾਉਣ ਵਾਲੀ ਜਗ੍ਹਾ ਨੂੰ ਤੰਬਾਕੂ ਰਹਿਤ ਕੀਤੇ ਜਾਣ ਨੂੰ ਵੀ ਯਕੀਨੀ ਬਣਾਉਣ ਲਈ ਕਿਹਾ।

ਉਨ੍ਹਾਂ ਦੱਸਿਆ ਕਿ ਆਪਣੇ ਅਦਾਰਿਆਂ ਵਿੱਚ ਸਾਫ-ਸਫਾਈ ਸਬੰਧੀ ਅਤੇ ਮੁਲਾਜ਼ਮਾਂ ਦੇ ਮੈਡੀਕਲ ਕਰਵਾਉਣ ਸਬੰਧੀ, ਵਾਲਾਂ ਨੂੰ ਟੋਪੀ ਅੰਦਰ ਚੰਗੀ ਤਰ੍ਹਾ ਚੱਕ ਕੇ ਰੱਖਣ, ਕੰਨਾਂ, ਹੱਥਾਂ ਤੇ ਬਾਹਾਂ ਵਿਚ ਗਹਿਣੇ ਆਦਿ ਨਾ ਪਾਉਣ ਸਬੰਧੀ, ਸਾਫ-ਸੁਥਰੇ ਕੱਪੜੇ ਪਾਉਣ, ਨਹੁੰ ਛੋਟੇ ਅਤੇ ਸਾਫ ਰੱਖਣ ਸਬੰਧੀ, ਫਟੇ ਹੋਏ ਕੱਪੜੇ ਨਾ ਪਾਉਣ ਸਬੰਧੀ, ਸੁਰੱਖਿਅਤ ਜੁੱਤੇ ਪਾਉਣ ਸਬੰਧੀ ਆਦਿ ਦਾ ਉਚੇਚੇ ਤੌਰ 'ਤੇ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਫੂਡ ਸੇਫਟੀ ਦੇ ਨਿਯਮਾਂ ਦਾ ਪਾਲਣ ਨਾ ਕਰਨ ਵਾਲਿਆਂ ਖਿਲਾਫ਼ ਬਣਦੀ ਕਾਰਵਾਈ ਕਰਨ ਦੀ ਚਿਤਾਵਨੀ ਵੀ ਦਿੱਤੀ।

ਇਸ ਮੌਕੇ ਫੂਡ ਸੇਫਟੀ ਅਫਸਰ, ਸ੍ਰ. ਅਮਰਿੰਦਰ ਪਾਲ ਸਿੰਘ ਵੱਲੋਂ ਹਾਜ਼ਰ ਨੁਮਾਇੰਦਿਆਂ ਨੂੰ ਜਾਣਕਾਰੀ ਦਿੱਤੀ ਕਿ ਕੋਈ ਵੀ ਆਪਣੇ ਘਰ ਬੈਠੇ ਹੀ ਆਨਲਾਈਨ ਪੋਰਟਲ foscos. fssai.gov.in 'ਤੇ ਲਾਇਸੈਂਸ/ਰਜਿਸਟ੍ਰੇਸ਼ਨ ਅਪਲਾਈ ਕਰ ਸਕਦੇ ਹਨ।

# ਭਗਵਾਨ ਸ੍ਰੀ ਵਿਸ਼ਵਕਰਮਾ ਮੰਦਿਰ ਲਹੌਰੀ ਗੇਟ ਪਟਿਆਲਾ ਦਾ ਪ੍ਰਬੰਧ ਧਰਮ ਅਰਥ ਬੋਰਡ ਦੇ ਅਧੀਨ ਕੀਤਾ ਜਾਵੇ, ਅਮਰਜੀਤ ਰਾਮਗੜ੍ਹੀਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ (ਸੁਰਜੀਤ ਸਿੰਘ ਗੋਰੀਆ) -- ਅੱਜ ਮਿਤੀ 4 ਜੂਨ 2025 ਨੂੰ ਭਗਵਾਨ ਸ੍ਰੀ ਵਿਸ਼ਕਰਮਾ ਮੰਦਰ ਕਮੇਟੀ /ਟਰਸਟ ਵਿੱਚ ਚੱਲ ਰਹੇ ਵਿਵਾਦ ਦੇ ਸੰਬੰਧ ਵਿੱਚ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮਿਲ ਕੇ ਜਾਣੂ ਕਰਵਾਇਆ ਗਿਆ ਕਿ ਪਿਛਲੇ ਦਿਨੀ ਟਰਸਟ ਮੈਂਬਰਾਂ ਵੱਲੋਂ ਆਪਣੀ ਮਨ ਮਰਜ਼ੀ ਨਾਲ ਆਪਣੀਆਂ ਮਨਮਰਜੀਆਂ ਕਰਦੇ ਹੋਏ ਟਰਸਟੀ ਤੇ ਪ੍ਰਧਾਨ ਸੁਰਜੀਤ ਸਿੰਘ ਮਹਿਲ ਨੂੰ ਪ੍ਰਧਾਨਗੀ ਤੋਂ ਬਰਖਾਸਤ ਕਰ ਦਿੱਤਾ ਸੀ ਜਿਸ ਕਰਕੇ ਸਮੂਹ ਸ਼ਹਿਰ ਤੇ ਆਲੇ ਦੁਆਲੇ ਦੇ ਵਿਸ਼ਵਕਰਮਾ ਵੰਸ਼ੀਆਂ ਵਿੱਚ ਰੋਸ ਪਾਇਆ ਗਿਆ ਅਤੇ ਮਿਤੀ 1/06/2025 ਨੂੰ ਸਾਰੇ ਵਿਸ਼ਵਕਰਮਾ ਵੰਸ਼ੀਆਂ ਦਾ ਇਕੱਠ ਵਿਸ਼ਵਕਰਮਾ ਮੰਦਰ ਲਹੌਰੀ ਗੇਟ ਪਟਿਆਲਾ ਵਿਖੇ ਹੋਇਆ।ਉਪਰੰਤ ਦੂਜੀ ਧਿਰ ਵੱਲੋਂ ਵਿਸ਼ਵਕਰਮਾ ਮੰਦਿਰ ਦੇ ਵਿੱਚ ਪੁਲਿਸ ਭਾਰੀ ਗਿਣਤੀ ਦੇ ਵਿੱਚ ਬੁਲਾਈ ਹੋਈ ਸੀ ਜੋ ਕਿ ਬਹੁਤ ਜਿਆਦਾ ਨਿੰਦਣਯੋਗ ਹੈ। ਜੋ ਮੰਦਰ ਦੇ ਅੰਦਰ ਜੁੱਤੀਆਂ ਪਾ ਕੇ ਪੁਲਿਸ ਘੁੰਮ ਰਹੀ ਸੀ। ਇਸ ਦੇ ਨਾਲ ਵਿਸ਼ਵਕਰਮਾ ਵਸੀਆਂ ਵਿੱਚ ਬਹੁਤ ਹੀ ਜਿਆਦਾ ਰੋਸ ਪਾਇਆ ਗਿਆ ਤੇ ਵਿਸ਼ਵਕਰਮਾ ਮੰਦਰ ਦੇ ਅੰਦਰ ਆਉਣ ਤੋਂ ਪੁਲਿਸ ਨੇ ਮੈਂਬਰਾਂ ਨੂੰ ਰੋਕਿਆ ਵੀ ਤੇ ਸਾਨੂੰ ਵੀ ਉਸ ਜਗ੍ਹਾ ਤੋਂ ਬਾਹਰ ਕੱਢਣ ਲਈ ਵੀ ਜੋਰ ਅਜਮਾਈ ਕੀਤੀ ਗਈ। ਮੀਟਿੰਗ ਵਿੱਚ ਹਾਲਾਤ ਬਹੁਤ ਵਿਗੜ ਗਏ ਸਨ। ਦੋਨੇ ਪਾਰਟੀਆਂ ਦੇ ਮੰਦਰ ਵਿੱਚ ਕਿਸੇ ਸਮੇਂ ਵੀ ਝਗੜਾ ਹੋ ਸਕਦਾ ਹੈ। ਜਾਨੀ ਤੇ ਮਾਲੀ ਨੁਕਸਾਨ ਵੀ ਹੋ ਸਕਦਾ ਹੈ। ਇਸ ਕਰਕੇ ਸਮੂਹ ਵਿਸ਼ਵਕਰਮਾ ਮੰਦਰ ਲਹੌਰੀਗੇਟ ਪਟਿਆਲਾ ਸਮੂਹ ਵਿਸ਼ਵਕਰਮਾ ਬੰਸੀਆਂ ਨੇ ਇਹ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਵਿਸ਼ਵਕਰਮਾ ਮੰਦਿਰ ਲਹੌਰੀਗਟ ਪਟਿਆਲਾ ਦਾ ਪ੍ਰਬੰਧ ਧਰਮ ਅਰਥ ਬੋਰਡ ਦੇ ਅਧੀਨ ਕਰਕੇ ਉੱਥੇ ਸਰਕਾਰੀ ਤੌਰ ਤੇ ਪ੍ਰਬੰਧਕ ਲਾਇਆ ਜਾਵੇ ।ਇਸ ਸਬੰਧੀ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਲਿਖਤੀ ਰੂਪ ਦੇ ਵਿੱਚ ਪੱਤਰ ਦਿੱਤਾ ਗਿਆ। ਇਸ ਮੌਕੇ ਤੇ ਸੁਰਜੀਤ ਸਿੰਘ ਧੀਮਾਨ ,ਸਰਜੀਤ ਸਿੰਘ ਮਹਿਲ, ਜਗਜੀਤ ਸਿੰਘ ਸੱਗੂ, ਅਮਰਜੀਤ ਸਿੰਘ ਰਾਮਗੜ੍ਹੀਆ,ਸੂਬਾ ਸਿੰਘ ਰਾਮਗੜ੍ਹੀਆ, ਅਮਰੀਕ ਸਿੰਘ ਭੁੱਲਰ ,ਦਵਿੰਦਰ ਸਿੰਘ ਜੰਡੂ, ਬਲਜਿੰਦਰ ਸਿੰਘ ਜੰਡੂ, ਗੁਰਸ਼ਰਨਜੀਤ ਸਿੰਘ, ਬਲਜੀਤ ਸਿੰਘ ,ਹਾਕਮ ਸਿੰਘ, ਹਰਚੰਦ ਸਿੰਘ, ਅਮਰਜੀਤ ਸਿੰਘ ਜੰਡੂ ,ਬਾਬੂ ਰਾਮ, ਕ੍ਰਿਸ਼ਨ ਆਦਿ ਹਾਜ਼ਰ ਸਨ।

ਪ੍ਰਧਾਨ ਸੁਰਜੀਤ ਸਿੰਘ ਮਹਿਲ
9815556822
ਅਮਰਜੀਤ ਸਿੰਘ ਰਾਮਗੜ੍ਹੀਆ
7009481001

# ਇਲਾਕੇ ਦੀਆਂ ਸਮੱਸਿਆਂਵਾਂ ਨੂੰ ਲੈਣ ਕੇ ਐਸ ਡੀ ਐਮ ਨੂੰ ਦਿਤਾ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਮੋਰਿੰਡਾ 4 ਜੂਨ (ਪਤਰ ਪ੍ਰੇਰਕ) ਮੋਰਿੰਡਾ ਦੇ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ ਨੇ ਵਾਰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਇੱਕ ਮੰਗ ਪੱਤਰ ਐਸ ਡੀ ਐਮ ਮੋਰਿੰਡਾ ਨੂੰ ਦਿੱਤਾ! ਕੌਂਸਲਰ ਰਾਜਪ੍ਰੀਤ ਰਾਜੀ ਨੇ ਐਸ ਡੀ ਐਮ ਮੋਰਿੰਡਾ ਸੁਖਪਾਲ ਸਿੰਘ ਨੂੰ ਦਿੱਤੇ ਮੰਗ ਪੱਤਰ ਵਿਚ ਕਿਹਾ ਹੈ ਕਿ ਵਾਰਡ ਨੰਬਰ 15 ਦੀ ਢੋਲਣ ਮਾਜਰਾ ਰੋਡ ਸਥਿਤ ਨਵੀਂ ਬਣੀ ਕਲੌਨੀ ਵਿੱਚ ਨਗਰ ਕੌਂਸਲ ਮੋਰਿੰਡਾ ਵੱਲੋਂ ਕੋਈ ਵੀ ਸਹੂਲਤ ਮੁਹਈਆ ਨਹੀਂ ਹੈ। ਕਲੋਨੀ ਦੇ ਸਾਰੇ ਰਸਤੇ ਕੱਚੇ ਹਨ ਅਤੇ ਪਾਣੀ ਦੀ ਨਿਕਾਸੀ ਦਾ ਕੋਈ ਵੀ ਪੁਖਤਾ ਪ੍ਰਬੰਧ ਨਹੀਂ ਹੈ। ਬਰਸਾਤ ਵਿੱਚ ਮੀਂਹ ਪੈਣ ਨਾਲ ਪਾਣੀ ਰਾਸਤੀਆਂ "ਚ ਖੜ੍ਹ ਜਾਂਦਾ ਹੈ ਤੇ ਇਹਨਾਂ ਰਸਤਿਆਂ ਚੋਂ ਲੰਘਣਾ ਮੁਸ਼ਕਿਲ ਹੋ ਜਾਂਦਾ ਹੈ। ਜਿਸ ਕਾਰਨ ਕਲੋਨੀ ਨਿਵਾਸੀਆਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਕਲੋਨੀ ਨਿਵਾਸੀਆਂ ਵਲੋਂ ਆਪਣੇ ਮਕਾਨਾਂ ਦੀ ਨਗਰ ਕੌਂਸਲ ਮੋਰਿੰਡਾ ਤੋਂ ਬਣਦੀ ਫੀਸ ਦੀ ਅਦਾਇਗੀ ਕਰਕੇ ਨਕਸ਼ਾ ਪਾਸ ਕਰਵਾਕੇ ਹੀ ਉਸਾਰੀ ਕੀਤੀ ਗਈ ਹੈ।ਪਰੰਤੂ ਨਗਰ ਕੌਂਸਲ ਵੱਲੋਂ ਇਸ ਕਲੋਨੀ ਵਿੱਚ ਕੋਈ ਵੀ ਸਹੂਲਤ ਮੁਹਈਆ ਨਹੀਂ ਕਰਵਾਈ ਗਈ। ਇਸ ਸਬੰਧੀ ਇਲਾਕਾ ਨਿਵਾਸੀਆਂ ਵੱਲੋਂ ਮਿਤੀ 10 ਫਰਵਰੀ 2023 ਨੂੰ ਇੱਕ ਬੇਨਤੀ ਪੱਤਰ ਕਾਰਜ ਸਾਧਕ ਅਫਸਰ, ਨਗਰ ਕੌਂਸਲ ਮੋਰਿੰਡਾ ਨੂੰ ਦਿੱਤਾ ਗਿਆ ਸੀ,ਪ੍ਰੰਤੂ ਸਾਡੀ ਦਰਖਾਸਤ "ਤੇ ਕੋਈ ਵੀ ਕਾਰਵਾਈ ਨਹੀਂ ਹੋਈ। ਕੌਂਸਲਰ ਰਾਜੀ ਨੇ ਕਿਹਾ ਇਸ ਸਬੰਧੀ ਅਖ਼ਬਾਰ ਦੇ ਇਸ਼ਤਿਹਾਰ ਅਨੁਸਾਰ ਮਾਨਯੋਗ ਹਾਈਕੋਰਟ ਦੇ ਹੁਕਮਾਂ ਅਨੁਸਾਰ ਸ਼ਹਿਰ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਮੁਢਲੀਆਂ ਸਹੂਲਤਾਂ ਮੁਹੱਇਆ ਕਰਾਉਣਾ ਜਰੂਰੀ ਹੈ। ਉਹਨਾਂ ਐਸ ਡੀ ਐਮ ਮੋਰਿੰਡਾ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਡੀ ਇਸ ਦਰਖਾਸਤ ਨੂੰ ਮੁੱਖ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਇਲਾਕਾ ਨਿਵਾਸੀਆਂ ਨੂੰ ਮੁਢਲੀਆਂ ਸਹੂਲਤਾਂ ਮੁਹੱਇਆ ਕਰਵਾਈਆਂ ਜਾਣ! ਐਸ ਡੀ ਐਮ ਮੋਰਿੰਡਾ ਸੁਖਪਾਲ ਸਿੰਘ ਨੇ ਉਹਨਾਂ ਨੂੰ ਭਰੋਸਾ ਦਵਾਇਆ ਕਿ ਕਲੋਨੀ ਨਿਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਜਲਦੀ ਹੀ ਹੱਲ ਕੀਤਾ ਜਾਵੇਗਾ!

# ਐਂਟੀ ਨਾਰਕੋਟਿਕ ਟਾਸਕ ਫੋਰਸ ਵੱਲੋਂ ਅੰਮ੍ਰਿਤਸਰ ਤੋਂ 461 ਗਰਾਮ ਹੈਰੋਇਨ ਸਮੇਤ ਇਕ ਕਾਬੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਅੰਮ੍ਰਿਤਸਰ, 4 ਜੂਨ (ਗੁਰਨਾਮ ਸਿੰਘ ਲਾਲੀ)Am-ritsar : ਐਂਟੀ ਨਾਰਕੋਟਿਕ ਟਾਸਕ ਫੋਰਸ ਜਲੰਧਰ ਰੇਂਜ ਵੱਲੋਂ ਏ ਆਈ ਜੀ ਏ ਐਨ ਟੀ ਐਫ ਜਗਜੀਤ ਸਿੰਘ ਡੀ ਐਸ ਪੀ ਬਿਕਰਮਜੀਤ ਦੀ ਟੀਮ ਨੇ ਅੰਮ੍ਰਿਤਸਰ ਦੇ ਇਤਿਹਾਸਿਕ ਗੁਰਦੁਆਰਾ ਟਾਹਲਾ ਸਾਹਿਬ ਨੇੜਿਉਂ ਹਰਜੀਤ ਸਿੰਘ ਉਰਫ ਜੀਤੂ ਪੁੱਤਰ ਜਗਤਾਰ ਸਿੰਘ ਵਾਸੀ ਖੇਮਕਰਨ ਨੂੰ 461 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।



# ਪੰਜਾਬ ਨੂੰ ਦਿੱਲੀ ਦੇ ਦਲਾਲਾਂ ਦੇ ਚੁੰਗਲ ਚੋਂ ਕੱਢਣ ਲਈ ਬਸਪਾ ਦਾ ਸਾਥ ਦਿਓ-- ਲਾਲ ਸਿੰਘ ਸੁਲਹਾਣੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਮੁੱਦਕੀ-- 4ਜੂਨ 2025 ( ਡਾ ਗੁਰਮੇਲ ਸਿੰਘ ਤਲਵੰਡੀ) ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਸੀਨੀਅਰ ਆਗੂ ਤੇ ਮਿਸ਼ਨਰੀ ਕਲਾਕਾਰ ਸ੍ਰੀ ਹਾਕਮ ਸਿੰਘ ਪੰਛੀ ਦੇ ਉੱਦਮ ਸਦਕਾ ਕਸਬਾ ਮੁੱਦਕੀ ਦੀ ਧਰਮਸ਼ਾਲਾ ਵਿਖੇ ਮੁੱਦਕੀ ਅਤੇ ਤਲਵੰਡੀ ਭਾਈ ਸੈਕਟਰਾਂ ਦੇ ਜ਼ਿਮੇਵਾਰ ਕਾਰਜਕਰਤਾਵਾਂ ਦੀ ਵਿਸ਼ੇਸ਼ ਮੀਟਿੰਗ ਡਾ. ਬਲਵਿੰਦਰ ਸਿੰਘ ਕੋਟ ਕਰੋੜ ਪ੍ਰਧਾਨ ਹਲਕਾ ਫਿਰੋਜ਼ਪੁਰ ਦਿਹਾਤੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਬਸਪਾ ਪੰਜਾਬ ਦੇ ਜਰਨਲ ਸਕੱਤਰ ਤੇ ਇੰਚਾਰਜ ਫਿਰੋਜ਼ਪੁਰ ਫਾਜ਼ਿਲਕਾ ਜ਼ੋਨ ਸ. ਲਾਲ ਸਿੰਘ ਸੁਲਹਾਣੀ , ਬਸਪਾ ਜ਼ਿਲ੍ਹਾ ਫਿਰੋਜ਼ਪੁਰ ਦੇ ਕਾਰਜਕਾਰੀ ਪ੍ਰਧਾਨ ਸ੍ਰੀ ਅਸ਼ੋਕ ਕਪਤਾਨ, ਬਸਪਾ ਜ਼ਿਲ੍ਹਾ ਫਿਰੋਜ਼ਪੁਰ ਦੇ ਖਜ਼ਾਨਚੀ ਪਾਸਟਰ ਪ੍ਰੇਮ ਭਾਰਤੀ ਜੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਬਸਪਾ ਆਗੂ ਪੰਜਾਬ ਸ. ਲਾਲ ਸਿੰਘ ਸੁਲਹਾਣੀ ਵਲੋਂ ਪੰਜਾਬ ਦੇ ਵਰਤਮਾਨ ਰਾਜਨੀਤਕ ਹਾਲਾਤਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਆਜ਼ਾਦੀ ਤੋਂ ਬਾਅਦ ਵੱਖ ਵੱਖ ਰਾਜ ਕਰਤਾ ਪਾਰਟੀਆਂ ਵਲੋਂ ਪੰਜਾਬ ਦੀ ਹਾਲਤ ਉਸ ਖਿਡੌਣੇ ਵਰਗੀ ਬਣਾ ਦਿਤੀ ਗਈ ਹੈ ਜਿਸ ਨਾਲ ਖੇਡਣ ਤੋਂ ਬਾਅਦ ਨਿਆਣਾ ਤੋੜ ਮਰੋੜ ਕੇ ਸੁੱਟ ਦਿੰਦਾ ਹੈ। ਮੌਜੂਦਾ ਸਮੇਂ ਪੰਜਾਬ ਦਾ ਨੌਜਵਾਨ ਤਬਕਾ ਬੇਰੁਜ਼ਗਾਰੀ ਦੀ ਮਾਰ ਹੇਠ ਹੈ ਉਹ ਹਤਾਸ਼ ਹੋਕੇ ਬਦੇਸ਼ਾਂ ਵਿਚ ਪਰਵਾਸ ਕਰਨ ਲਈ ਮਜ਼ਬੂਰ ਹੈ। ਚੰਗੇ ਭਵਿੱਖ ਦੀ ਤਲਾਸ਼ ਵਿਚ ਉਨ੍ਹਾਂ ਨੂੰ ਆਏ ਦਿਨ ਨਵੀਂ ਮੁਸ਼ਕਲਾਂ ਮੁਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਭਟਕਣ ਦੇ ਇਸ ਦੌਰ ਵਿਚ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚ ਧੱਕਿਆ ਜਾ ਰਿਹਾ ਹੈ। ਸਰਕਾਰ ਦੀ ਸ਼ਹਿ ਤੇ ਵਿਕਦੇ ਚਿੱਟੇ ਦੇ ਪ੍ਰਕੋਪ ਨਾਲ ਪਿੰਡ ਪਿੰਡ ਸਥਰ ਵਿਕ ਰਹੇ ਹਨ। ਦੂਜੇ ਪਾਸੇ ਭਗਵੰਤ ਮਾਨ ਦੀ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਵਰਗੇ ਡਰਾਮੇ ਕਰ ਰਹੀ ਹੈ ਜਦੋਂ ਕਿ ਸਰਕਾਰੀ ਸਰਪ੍ਰਸਤੀ ਹੇਠ ਨਸ਼ਿਆਂ ਦੀ ਹੋਮ ਡਿਲਿਵਰੀ ਜਾਰੀ ਹੈ। ਨਕਲੀ ਤੇ ਜ਼ਹਿਰੀਲੀ ਸ਼ਰਾਬ ਪਿਆ ਕੇ ਲੋਕਾਂ ਦੇ ਘਰ ਉਜਾੜੇ ਜਾ ਰਹੇ ਹਨ। ਨਸ਼ਾ ਮਾਫੀਆ, ਰੇਤ ਮਾਫੀਆ, ਭੂਮੀ ਮਾਫੀਆ, ਟਰਾਂਸਪੋਰਟ ਮਾਫੀਆ, ਸਿੱਖਿਆ ਮਾਫੀਆ ਵਲੋਂ ਸ਼ਰੇਆਮ ਲੋਕਾਂ ਦਾ ਜਿਉਣਾ ਦੁੱਭਰ ਕੀਤਾ ਜਾ ਰਿਹਾ ਹੈ। ਜੇ ਕਿਸੇ ਪਿੰਡ ਵਿਚ ਨੌਜਵਾਨਾਂ ਵਲੋਂ ਨਸ਼ਿਆਂ ਵਿਰੁੱਧ ਸਚ ਮੁਚ ਕਾਰਵਾਈ ਕੀਤੀ ਜਾਂਦੀ ਹੈ ਤੇ ਨਸ਼ੇ ਦੇ ਸੌਦਾਗਰਾਂ ਵਿਰੁੱਧ ਕਾਰਵਾਈ ਕਰਨ ਲਈ ਉਹਨਾਂ ਨੂੰ ਫੜਾਉਣ ਦਾ ਯਤਨ ਕੀਤਾ ਜਾਂਦਾ ਹੈ ਤਾਂ ਪੁਲਿਸ ਪ੍ਰਸ਼ਾਸਨ ਵਲੋਂ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਉਨ੍ਹਾਂ ਨੂੰ ਫੜਾਉਣ ਦਾ ਯਤਨ ਕਰਨ ਵਾਲੇ ਨੌਜਵਾਨਾਂ ਨੂੰ ਉਲਟਾ ਤੰਗ ਪ੍ਰੇਸਾਨ ਕੀਤਾ ਜਾਂਦਾ ਹੈ ਤੇ ਉਹਨਾਂ ਨੂੰ ਝੂਠੇ ਕੇਸਾਂ ਵਿਚ ਫਸਾ ਦਿੱਤਾ ਜਾਂਦਾ ਹੈ।

ਸ ਸੁਲਹਾਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ, ਪੰਜਾਬ ਨੂੰ ਲੁੱਟਣ ਵਾਲੀਆਂ ਨੀਤੀਆਂ ਦੀ ਵਿਰੋਧਤਾ ਕਰਨ ਅਤੇ ਪੰਜਾਬ ਸਰਕਾਰ ਦਾ ਦੋਗਲਾ ਚਿਹਰਾ ਬੇਨਕਾਬ ਕਰਨ ਲਈ ਬਸਪਾ ਸੁਪ੍ਰੀਮੋ ਭੈਣ ਕੁਮਾਰੀ ਮਾਇਆਵਤੀ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਗਤੀਸ਼ੀਲ ਅਗਵਾਈ ਵਿਚ ਪੰਜਾਬ ਸੰਭਾਲੋ ਅੰਦੋਲਨ ਚਲਾਇਆ ਜਾ ਰਿਹਾ ਹੈ। ਜਿਸ ਨੂੰ ਪੰਜਾਬੀ ਵਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਸ. ਸੁਲਹਾਣੀ ਨੇ ਬਸਪਾ ਦੇ ਇਸ ਅੰਦੋਲਨ ਨੂੰ ਘਰ ਘਰ ਪੁਚਾਉਣ ਲਈ ਬਸਪਾ ਸੰਗਠਨ ਨੂੰ ਚੁਸਤ ਦਰੁਸਤ ਤੇ ਮਜ਼ਬੂਤ ਕਰ ਲਈ ਕਾਰਜਕਰਤਾਵਾਂ ਤੇ ਆਗੂਆਂ ਨੂੰ ਜ਼ਿਮੇਵਾਰੀ ਸੌਂਪੀ। ਸ. ਸੁਲਹਾਣੀ ਵਲੋਂ ਪੰਜਾਬ ਵਾਸੀਆਂ ਨੂੰ ਬਸਪਾ ਦਾ ਸਾਥ ਦੇਣ ਲਈ ਅਪੀਲ ਕਰਦਿਆਂ ਆਖਿਆ ਗਿਆ ਕਿ ਪੰਜਾਬ ਨੂੰ ਗੁਰੂਆਂ ਦੀ ਸੋਚ ਮੁਤਾਬਕ ਰੰਗਲਾ ਤੇ ਖੁਸ਼ਹਾਲ ਪੰਜਾਬ ਬਨਾਉਣ ਅਤੇ ਦਿੱਲੀ ਦੇ ਦਲਾਲਾਂ ਦੇ ਚੁੰਗਲ ਚੋਂ ਕੱਢਣ ਲਈ ਬਹੁਜਨ ਸਮਾਜ ਪਾਰਟੀ ਦਾ ਹਿੱਸਾ ਬਣਨ ਲਈ ਸੱਦਾ ਦਿਤਾ ਗਿਆ। ਇਸ ਮੌਕੇ ਸ. ਗੁਰਪ੍ਰੀਤ ਸਿੰਘ ਤੂੰਬੜ ਭੰਨ ਆਮ ਆਦਮੀ ਪਾਰਟੀ ਛੱਡਕੇ ਆਪਣੇ ਸਾਥੀਆਂ ਸਮੇਤ ਬਹੁਜਨ ਸਮਾਜ ਪਾਰਟੀ ਵਿਚ ਸ਼ਾਮਿਲ ਹੋਏ। ਉਹਨਾਂ ਨੂੰ ਕੋਟ ਕਰੋੜ ਸੈਕਟਰ ਦਾ ਇੰਚਾਰਜ ਬਣਾਇਆ ਗਿਆ। ਇਸ ਮੌਕੇ ਡਾ. ਗੁਰਮੇਲ ਸਿੰਘ ਤਲਵੰਡੀ ਖਜ਼ਾਨਚੀ ਹਲਕਾ ਫਿਰੋਜ਼ਪੁਰ ਦਿਹਾਤੀ, ਸ. ਬਲਵਿੰਦਰ ਸਿੰਘ ਤਲਵੰਡੀ ਸੈਕਟਰ ਪ੍ਰਧਾਨ, ਜਨਾਬ ਲਾਲ ਦੀਨ ਲੋਹਾਮ ਸੈਕਟਰ ਪ੍ਰਧਾਨ ਮੁਦਕੀ, ਸ. ਬਿੰਦਰ ਸਿੰਘ ਸੈਕਟਰ ਪ੍ਰਧਾਨ ਮੁੱਦਕੀ, ਸ ਹਾਕਮ ਸਿੰਘ ਪੰਛੀ ਸੀਨੀਅਰ ਆਗੂ ਜ਼ਿਲ੍ਹਾ ਫਿਰੋਜ਼ਪੁਰ, ਸ. ਹਰੀ ਸਿੰਘ ਮਿਸ਼ਰੀ ਵਾਲਾ ਸੈਕਟਰ ਪ੍ਰਧਾਨ, ਇਕਬਾਲ ਮਸੀਹ ਸੀਨੀਅਰ ਬਸਪਾ ਆਗੂ ਮੁੱਦਕੀ ਤੋਂ ਇਲਾਵਾ ਹੋਰ ਬਸਪਾ ਆਗੂ ਹਾਜ਼ਰ ਸਨ। ਜੋ ਨਵੀਆਂ ਉਮੀਦਾਂ ਤੇ ਨਵਾਂ ਜੋਸ਼ ਲੈਕੇ ਵਾਪਸ ਪਰਤੇ। ( ਰਿਪੋਰਟ ਡਾ ਗੁਰਮੇਲ ਸਿੰਘ ਤਲਵੰਡੀ)

# ਰੁੱਖਾਂ ਦੀ ਘਾਟ ਵਾਤਾਵਰਣ ਵਿੱਚ ਅਸੰਤੁਲਨ ਪੈਦਾ ਕਰਦੀ ਹੈ: ਤਲਵਾੜ

## ਗ੍ਰਾਮ ਪੰਚਾਇਤ ਬਸੀ ਗੁਲਾਮ ਹੁਸੈਨ ਨੇ 5000 ਰੁੱਖ ਲਗਾਉਣ ਦਾ ਪ੍ਰਣ ਲਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 4 ਜੂਨ ( ਤਰਸੇਮ ਦੀਵਾਨਾ ) ਸਾਡੇ ਧਾਰਮਿਕ ਗੁਰੂਆਂ ਅਤੇ ਧਾਰਮਿਕ ਗ੍ਰੰਥਾਂ ਨੇ ਸਾਨੂੰ ਕੁਦਰਤ ਵੱਲੋਂ ਦਿੱਤੀਆਂ ਗਈਆਂ ਅਨਮੋਲ ਚੀਜ਼ਾਂ ਜਿਵੇਂ ਕਿ ਪਾਣੀ, ਜਲਵਾਯੂ, ਜ਼ਮੀਨ ਅਤੇ ਰੁੱਖਾਂ ਦੀ ਹਮੇਸ਼ਾ ਰੱਖਿਆ ਕਰਨ ਦੀ ਸਿੱਖਿਆ ਦਿੱਤੀ ਹੈ, ਪਰ ਮਨੁੱਖ ਨੇ ਆਪਣੇ ਭੌਤਿਕ ਲਾਭਾਂ ਲਈ ਸਮੇਂ-ਸਮੇਂ 'ਤੇ ਇਨ੍ਹਾਂ ਸਾਰੀਆਂ ਚੀਜ਼ਾਂ ਨੂੰ ਨੁਕਸਾਨ ਪਹੁੰਚਾਇਆ ਹੈ, ਜਿਸ ਕਾਰਨ ਅੱਜ ਵਾਤਾਵਰਣ ਅਸੰਤੁਲਿਤ ਹੋ ਗਿਆ ਹੈ ਅਤੇ ਮਨੁੱਖੀ ਜੀਵਨ ਲਈ ਖ਼ਤਰਾ ਬਣ ਗਿਆ ਹੈ।

ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਉੱਪ ਪ੍ਰਧਾਨ ਸੰਜੀਵ ਤਲਵਾੜ ਨੇ ਸਵਾਮੀ ਬਸੰਤ ਗਿਰੀ ਮਹਾਰਾਜ ਦੀ ਬਰਸੀ 'ਤੇ ਗ੍ਰਾਮ ਪੰਚਾਇਤ ਬਸੀ ਗੁਲਾਮ ਹੁਸੈਨ ਵੱਲੋਂ 5000 ਰੁੱਖ ਲਗਾਉਣ ਦੇ ਸੰਕਲਪ ਦੀ ਸ਼ੁਰੂਆਤ ਕਰਦੇ ਹੋਏ ਕਹੇ।

ਤਲਵਾੜ ਨੇ ਕਿਹਾ ਕਿ ਬਸੀ ਗੁਲਾਮ ਹੁਸੈਨ ਦੀ ਨੌਜਵਾਨ ਪੰਚਾਇਤ ਨੇ ਰਾਜਨੀਤਿਕ ਕੰਮ ਨੂੰ ਪਾਸੇ ਰੱਖ ਕੇ ਸਮਾਜਿਕ ਕੰਮ ਕਰਨ ਦਾ ਜੋ ਕੰਮ ਕੀਤਾ ਹੈ, ਉਹ ਹੋਰ ਲੋਕਾਂ ਨੂੰ ਵੀ ਪ੍ਰੇਰਿਤ ਕਰੇਗਾ। ਉਨ੍ਹਾਂ ਕਿਹਾ ਕਿ ਸੰਪੂਰਨ ਵਿਕਾਸ ਉਦੋਂ ਹੀ ਸੰਭਵ ਹੈ ਜਦੋਂ ਹਰ ਪਹਿਲੂ 'ਤੇ ਕੰਮ ਕੀਤਾ ਜਾਵੇ। ਇਸ ਮੌਕੇ ਸਰਪੰਚ ਸੁਖਜਿੰਦਰ ਸਿੰਘ ਨੇ ਕਿਹਾ ਕਿ ਸਾਰੇ ਨੌਜਵਾਨ ਦੋਸਤਾਂ ਨੇ ਪ੍ਰਣ ਕੀਤਾ ਹੈ ਕਿ ਉਨ੍ਹਾਂ ਦੇ 5 ਸਾਲਾਂ ਦੇ ਕਾਰਜਕਾਲ ਦੌਰਾਨ, ਸੰਜੀਵ ਤਲਵਾੜ ਦੀ ਮਦਦ ਨਾਲ, ਲਗਭਗ 5000 ਆਯੁਰਵੈਦਿਕ ਪੌਦੇ ਲਗਾਏ ਜਾਣਗੇ, ਤਾਂ ਜੋ ਵਾਤਾਵਰਣ ਤੋਂ ਇਲਾਵਾ, ਮਨੁੱਖਾਂ ਲਈ ਦਵਾਈਆਂ ਵੀ ਪ੍ਰਾਪਤ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ, ਉਹ ਪਿੰਡ ਵਾਸੀਆਂ ਨੂੰ ਵੀ ਇਸ ਕੰਮ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਬਲਵੀਰ ਸਿੰਘ ਫੌਜੀ, ਪੰਚ ਸੁਰਜੀਤ ਸਿੰਘ, ਪੰਚ ਮਨਜੀਤ ਸਿੰਘ, ਪੰਚ ਪ੍ਰਵੀਨ, ਸੈਣੀ ਦੀਪਕ, ਮਨਜੀਤ ਕੁਮਾਰ, ਜਤਨ ਸੈਣੀ, ਈਸ਼ਾਨ, ਤਨਿਸ਼ਕ, ਰਾਜਵੀਰ ਆਦਿ ਵੀ ਮੌਜੂਦ ਸਨ।

# ਸੰਤ ਅਤਰ ਸਿੰਘ ਅਕਾਲ ਅਕੈਡਮੀ ਵਿਖੇ ਤਿੰਨ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸ਼ੁਰੂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com




ਲੌਂਗੋਵਾਲ,4 ਜੂਨ (ਜਗਸੀਰ ਸਿੰਘ)- ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ ਵਿਖੇ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਸ਼੍ਰੀ ਵਿਜੇ ਪਲਾਹਾ ਦੀ ਪਹਿਲਕਦਮੀ ਨਾਲ ਅੱਜ ਤਿੰਨ ਦਿਨਾਂ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸ਼ੁਰੂ ਹੋਇਆ, ਜਿਸ ਦਾ ਅੱਜ ਪਹਿਲਾਂ ਦਿਨ ਸੀ। ਇਸ ਪ੍ਰੋਗਰਾਮ ਦੀ ਸ਼ੁਰੂਆਤ ਅਕਾਲ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਸੁਖਦੀਪ ਕੌਰ ਸਿੱਧੂ ਅਤੇ ਅਕਾਲ ਕਾਲਜ ਆਫ਼ ਐਜੂਕੇਸ਼ਨ ਦੇ ਐਸੋਸੀਏਟ ਪ੍ਰੋਫੈਸਰ ਡਾ. ਹਰਪਾਲ ਕੌਰ ਦੁਆਰਾ ਕੀਤੀ ਗਈ। ਇਸ ਪ੍ਰੋਗਰਾਮ ਦਾ ਉਦੇਸ਼ ਫੈਕਲਟੀ ਮੈਂਬਰਾਂ ਦੇ ਹੁਨਰ ਅਤੇ ਗਿਆਨ ਨੂੰ ਵਧਾਉਣਾ, ਸਿੱਖਿਆ ਵਿੱਚ ਨਵੀਨਤਾਕਾਰੀ ਅਧਿਆਪਨ ਵਿਧੀਆਂ ਅਤੇ ਵਧੀਆ ਅਭਿਆਸਾਂ ‘ਤੇ ਧਿਆਨ ਕੇਂਦਰਿਤ ਕਰਨਾ ਹੈ। ਡਾ. ਸੁਖਦੀਪ ਕੌਰ ਅਤੇ ਡਾ. ਹਰਪਾਲ ਕੌਰ ਨੇ ਅਕੈਡਮੀ ਦੇ ਸਟਾਫ ਨਾਲ ਆਪਣੇ ਅਧਿਆਪਨ ਦੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਅਜੋਕੇ ਸਮੇਂ ਵਿੱਚ ਕਿਸ ਤਰ੍ਹਾਂ ਵਿਦਿਆਰਥੀਆਂ ਨੂੰ ਪੜ੍ਹਨ ਲਈ ਪ੍ਰੇਰਿਤ ਕਰਨਾ ਹੈ, ਬਾਰੇ ਦੱਸਿਆ। ਉਹਨਾਂ ਅਧਿਆਪਕਾਂ ਨੂੰ ਕੀਮਤੀ ਸੂਝ ਪ੍ਰਦਾਨ ਕੀਤੀ ਜੋ ਕਿ ਉਹਨਾਂ ਨੂੰ ਕਲਾਸ ਵਿੱਚ ਆਪਣੇ ਸਿਖਾਉਣ ਦੇ ਤਰੀਕੇ ਨੂੰ ਦਿਲਚਸਪ ਬਣਾ ਸਕਣ। ਪ੍ਰਿੰਸੀਪਲ ਡਾ. ਵਿਜੇ ਪਲਾਹਾ ਜੀ ਨੇ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ। ਜੂਨ ਦਾ ਸੈਸ਼ਨ ਡਾ. ਨੀਤੂ ਸੇਠੀ ਪ੍ਰਿੰਸੀਪਲ ਮਾਡਰਨ ਕਾਲਜ ਆਫ਼ ਐਜੂਕੇਸ਼ਨ ਅਤੇ ਡਾ. ਕਵਿਤਾ ਮਿੱਤਲ ਪ੍ਰਿੰਸੀਪਲ ਦੇਸ਼ ਭਗਤ ਕਾਲਜ ਆਫ਼ ਐਜੂਕੇਸ਼ਨ ਦੁਆਰਾ ਸੰਚਾਲਿਤ ਕੀਤਾ ਜਾਵੇਗਾ। ਇਹ ਪ੍ਰੋਗਰਾਮ 6 ਜੂਨ ਨੂੰ ਸਮਾਪਤ ਹੋਵੇਗਾ।

# ਪੰਜਾਬ ਦਾ ਗ੍ਰਹਿ ਮੰਤਰਾਲਾ ਮੁੱਖ ਮੰਤਰੀ ਦੇ ਕੋਲ ਹੋਣ ਦੇ ਬਾਵਜੂਦ ਵੀ ਪੰਜਾਬ ਵਿੱਚ ਬਾਬਾ ਸਾਹਿਬ ਜੀ ਦੇ ਸਟੇਚੂ ਸੁਰਿਖਅਤ ਨਹੀਂ ਹਨ : ਰਣਜੀਤ ਰਾਣਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 4 ਜੂਨ (ਤਰਸੇਮ ਦੀਵਾਨਾ ) ਫਿਲੌਰ ਦੇ ਨਜਦੀਕ ਪਿੰਡ ਨੰਗਲ ਵਿਖੇ ਸਥਾਪਿਤ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਟੈਚੂ ਨੂੰ ਦੂਜੀ ਵਾਰ ਨਿਸ਼ਾਨਾ ਬਣਾ ਕੇ ਉਸ ‘ਤੇ ਕਾਲੇ ਰੰਗ ਦੀ ਸਪਰੇਅ ਮਾਰਨ ਦੀ ਘਟਨਾ ਨੇ ਐਸਸੀ ਸਮਾਜ ਨੂੰ ਲਲਕਾਰਿਆ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਭੀਮ ਨਗਰ ਦੇ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪੁਰਹੀਰਾ ਦੇ ਲੰਬੜਦਾਰ ਰਣਜੀਤ ਸਿੰਘ ਰਾਣਾ ਨੇ ਸਾਡੇ ਪੱਤਰਕਾਰ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ ! ਉਹਨਾਂ ਕਿਹਾ ਕਿ ਇਸ ਘਟਨਾ ਨੇ ਇੱਕ ਵਾਰ ਫਿਰ ਜਿੱਥੇ ਪੁਲਿਸ ਅਤੇ ਸੂਬਾ ਸਰਕਾਰ ਦੇ ਸੁਰੱਖਿਆ ਸਬੰਧੀ ਦਾਅਵਿਆਂ ਦੀ ਪੋਲ ਖੋਲ੍ਹੀ ਹੈ, ਉੱਥੇ ਹੀ ਸਮੁੱਚੇ ਵਿਸ਼ਵ ਭਰ ਦੇ ਅੰਬੇਡਕਰਵਾਦੀ ਭਾਈਚਾਰੇ ਦੀਆ ਭਾਵਨਾਵਾਂ ਨੂੰ ਵੀ ਡੂੰਘੀ ਸੱਟ ਮਾਰੀ ਹੈ। ਉਹਨਾਂ ਕਿਹਾ ਕਿ ਇਸ ਘਟਨਾ ਨਾਲ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਐਸਸੀ ਸਮਾਜ ਦੇ ਮਸੀਹਾ ਡਾ. ਅੰਬੇਡਕਰ ਜੀ ਦਾ ਨਿਰਾਦਰ ਹੋਇਆ ਹੈ। ਉਹਨਾਂ ਕਿਹਾ ਕਿ ਕੁਝ ਵਿਕਾਊ ਸ਼ਰਾਰਤੀ ਅਨਸਰਾਂ ਵਲੋਂ ਇਸ ਘਟਨਾ ਨੂੰ ਗੁਰਪਤਵੰਤ ਸਿੰਘ ਪੰਨੂ ਦੇ ਇਸ਼ਾਰੇ ‘ਤੇ ਪੰਜਾਬ ‘ਚ ਦੰਗੇ ਭੜਕਾਉਣ ਦੀ ਨੀਯਤ ਨਾਲ ਅੰਜਾਮ ਦਿੱਤਾ ਗਿਆ ਹੈ। ਉਹਨਾਂ ਕਿਹਾ ਪੰਜਾਬ ਅੰਦਰ ਲਾਅ ਐਂਡ ਆਰਡਰ ਦਾ ਮਾੜਾ ਹਾਲ ਅਤੇ ਵਾਰ ਵਾਰ ਬਾਬਾ ਸਾਹਿਬ ਦੇ ਸਟੈਚੂਆ ਦਾ ਨਿਰਾਦਰ ਹੋਣਾ ਬਹੁਤ ਹੀ ਨਿੰਦਣਯੋਗ ਹੈ। ਉਹਨਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਵਾਪਰਨੀਆਂ ਆਪ ਸਰਕਾਰ ਦੇ ਫੇਲ ਹੋਣ ਦੀ ਨਿਸ਼ਾਨੀ ਹੈ। ਉਹਨਾਂ ਕਿਹਾ ਕਿ ਪੰਜਾਬ ਦਾ ਗ੍ਰਹਿ ਮੰਤਰਾਲਾ ਮੁੱਖ ਮੰਤਰੀ ਭਗਵੰਤ ਮਾਨ ਦੇ ਕੋਲ ਹੋਣ ਦੇ ਬਾਵਜੂਦ ਵੀ ਪੰਜਾਬ ਵਿੱਚ ਸਵਿਧਾਨ ਦੇ ਰਚੇਤਾ ਬਾਬਾ ਸਾਹਿਬ ਜੀ ਦੇ ਸਟੇਚੂ ਸੁਰਿਖਅਤ ਨਹੀਂ ਹਨ ਇਸ ਲਈ ਪੰਜਾਬ ਦੇ ਲੋਕ ਮੁੱਖ ਮੰਤਰੀ ਪੰਜਾਬ ਤੋਂ ਅਸਤੀਫ਼ੇ ਦੀ ਮੰਗ ਕਰਦੇ ਹਨ । ਕਿਉਂਕਿ ਉਨ੍ਹਾਂ ਦਾ ਖੁਫ਼ੀਆ ਤੰਤਰ ਇਹੋ ਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਫੇਲ੍ਹ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਅੰਦਰ ਐਸਸੀ ਸਮਾਜ ਦੀ ਹਾਲਤ ਤਰਸਯੋਗ ਹੈ। ਦੇਸ਼ ਅੰਦਰ ਜਿੱਥੇ ਭਾਰਤ ਦੇ ਸੰਵਿਧਾਨ ਨੂੰ ਖ਼ਤਰਾ ਹੈ, ਉਥੇ ਹੀ ਬਾਬਾ ਸਾਹਿਬ ਅੰਬੇਡਕਰ ਦੇ ਸਟੈਂਚੁਆਂ ਨੂੰ ਵੀ ਨਿਸ਼ਾਨਾ ਬਣਾਇਆ ਜਾਣਾ ਵੀ ਖ਼ਤਰੇ ਦੀ ਘੰਟੀ ਹੈ। ਉਨਾਂ ਕਿਹਾ ਕਥਿਤ ਦੋਸ਼ੀ ਗਿਰਫ਼ਤਾਰ ਨਾ ਹੋਏ ਤਾਂ ਐਸਸੀ ਸਮਾਜ ਨੂੰ ਮਜਬੂਰਨ ਸੜਕਾਂ ਤੇ ਉਤਰਨਾਂ ਪਵੇਗਾ !

# ਥਾਣਾ ਮੇਹਟੀਆਣਾ ਦੀ ਪੁਲਿਸ ਨੇ ਨਸ਼ੀਲੀਆਂ ਗੋਲੀਆ ਸਮੇਤ ਕੀਤਾ ਦੋ ਮੁਲਜਮਾਂ ਨੂੰ ਕਾਬੂ !

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 4 ਜੂਨ ( ਤਰਸੇਮ ਦੀਵਾਨਾ ) ਸੰਦੀਪ ਮਲਿਕ ਆਈ.ਪੀ. ਐਸ.ਸੀਨੀਅਰ ਪੁਲਿਸ ਕਪਤਾਨ ਵੱਲੋ ਦਿੱਤੇ ਦਿਸ਼ਾ ਨਿਰਦੇਸਾ ਅਤੇ ਮੁਕੇਸ਼ ਕੁਮਾਰ ਪੀ.ਪੀ.ਐਸ, ਪੁਲਿਸ ਕਪਤਾਨ ਤਫਤੀਸ਼ ਦੀ ਰਹਿਨੁਮਾਈ ਹੇਠ ਨਸ਼ੀਲੀਆ ਵਸਤੂਆ ਦੀ ਸਮੱਗਲਿਗ ਕਰਨ ਵਾਲੇ ਵਿਅਕਤੀਆ ਦੇ ਖਿਲਾਫ ਮੁਹਿੰਮ ਸੁਰੂ ਕੀਤੀ ਹੋਈ ਹੈ । ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਦੇ ਦਿਸ਼ਾ ਨਿਰਦੇਸ਼ਾ ਤੇ ਇੰਸਪੈਕਟਰ ਬਲਜੀਤ ਸਿੰਘ ਹੁੰਦਲ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਦੱਸਿਆ ਕਿ ਏ ਐਸ ਆਈ ਸਤਨਾਮ ਸਿੰਘ ਦੱਸਿਆ ਕਿ ਰਵੀ ਕੁਮਾਰ ਪੰਜਾਬ ਹੋਮ ਗਾਰਡ ਤੇ ਮਹੇਸ਼ ਪਾਲ ਪਿੰਡ ਸਾਹਰੀ ਤੇ ਅਜੜਾਮ ਹੁੰਦੇ ਹੋਏ ਅਰਿਹਾਣਾ ਕਲਾ ਤੇ ਮੇਨ ਰੋਡ ਫਗਵਾੜਾ ਹੁਸ਼ਿਆਰਪੁਰ ਇੱਟਾ ਵਾਲੇ ਭੱਠੇ ਵੱਲ ਨੂੰ ਜਾ ਰਹੇ ਸੀ।

ਤਾ ਦੋ ਵਿਅਕਤੀ ਮੇਨ ਸੜਕ ਵੱਲ ਨੂੰ ਪੈਦਲ ਆਉਂਦੇ ਹੋਏ ਦਿਖਾਈ ਦਿੱਤੇ, ਜਿਨ੍ਹਾ ਨੂੰ ਸ਼ੱਕ ਦੇ ਤੌਰ ਤੇ ਰੁਕਣ ਦਾ ਇਸ਼ਾਰਾ ਕੀਤਾ। ਜੋ ਕਿ ਪੁਲਿਸ ਨੂੰ ਦੇਖ ਕੇ ਯਕਦਮ ਘਬਰਾ ਗਏ ਅਤੇ ਪਿੱਛੇ ਨੂੰ ਮੁੜ ਪਏ ਜਿਸਨੂੰ ਏ.ਐਸ. ਆਈ ਸਤਨਾਮ ਸਿੰਘ ਨੇ ਸਾਥੀ ਕਰਮਚਾਰੀਆ ਦੀ ਮਦਦ ਨਾਲ ਉਹਨਾਂ ਨੂੰ ਕਾਬੂ ਕਰ ਲਿਆ । ਜਿਸਤੇ ਏ.ਐਸ. ਆਈ ਦਿਲਬਾਗ ਸਿੰਘ ਸਮੇਤ ਏ ਐਸ ਆਈ ਰੇਸ਼ਮ ਲਾਲ ਨੇ ਕਾਬੂ ਕੀਤੇ ਹੋਏ ਨੌਜਵਾਨਾ ਦਾ ਨਾਮ ਪਤਾ ਪੁਛਿਆ, ਤਾਂ ਇੱਕ ਨੌਜਵਾਨ ਨੇ ਆਪਣਾ ਨਾਮ ਰਸ਼ਪਾਲ ਸਿੰਘ ਉਰਫ ਗੋਲਾ ਪੁੱਤਰ ਮੋਹਣ ਸਿੰਘ ਅਤੇ ਦੂਸਰੇ ਨੌਜਵਾਨ ਨੇ ਆਪਣਾ ਨਾਮ ਹੁਸਨ ਲਾਲ ਉਰਫ ਗੋਰਾ ਪੁੱਤਰ ਰਾਮ ਪਾਲ ਦੱਸਿਆ ਤੇ ਉਕਤਾ ਦੀ ਤਲਾਸ਼ੀ ਲੈਣ ਤੇ 220 ਖੁਲੀਆਂ ਨਸ਼ੀਲੀਆਂ ਗੋਲੀਆ ਬ੍ਰਾਮਦ ਹੋਈਆ ਉਹਨਾਂ ਦੱਸਿਆ ਕਿ ਮੁਲਜਮਾਂ ਦੇ ਖਿਲਾਫ ਥਾਣਾ ਮੇਹਟੀਆਣਾ ਵਿਖ਼ੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ !

# ਭਾਈ ਦਲਵਿੰਦਰ ਸਿੰਘ ਅੱਪਰਾ ਦੀ ਅਗਵਾਈ ਵਿੱਚ ਅੱਪਰਾ ਤੋਂ ਤਖ਼ਤ ਸ਼੍ਰੀ ਪਟਨਾ ਸਾਹਿਬ ਗਏ ਜਥੇ ਨੇ ਗੁ:ਰੀਠਾ ਸਾਹਿਬ (ਉੱਤਰਾਖੰਡ) ਵਿਖ਼ੇ ਕੀਤੇ ਦਰਸ਼ਨ ਦੀਦਾਰੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਫਿਲੌਰ/ਅੱਪਰਾ (ਦੀਪਾ) ਅੱਪਰਾ ਤੋਂ ਤਖ਼ਤ ਸ੍ਰੀ ਪਟਨਾ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਨ ਗਏ ਸੰਗਤਾਂ ਦੇ ਜਥੇ ਨੇ ਅੱਜ ਭਾਈ ਦਲਵਿੰਦਰ ਸਿੰਘ ਅੱਪਰਾ ਦੀ ਅਗਵਾਈ ਵਿੱਚ ਪਹਿਲੀ ਪਾਤਸ਼ਾਹੀ ਧੰਨ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਗੁ: ਰੀਠਾ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ | ਇਸ ਸਥਾਨ ਤੇ ਢੇਰ ਨਾਥ ਸਿੱਧਾ ਦੇ ਨਾਲ ਇਸ ਸਥਾਨ ਤੇ ਰਹਿੰਦੇ ਸਨ, ਜਦੋਂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਭਾਈ ਮਰਦਾਨਾ ਜੀ ਨਾਲ ਇਥੇ ਪਹੁੰਚੇ ਤਾਂ ਸਾਰੇ ਸਿੱਧ ਇੱਕ ਰੀਠੇ ਦੇ ਦਰੱਖਤ ਹੇਠ ਬੈਠੇ ਸਨ, ਭਾਈ ਮਰਦਾਨਾ ਜੀ ਨੇ ਕਿਹਾ ਕਿ ਮੈਨੂੰ ਭੁੱਖ ਲੱਗੀ ਹੈ ਗੁਰੂ ਨਾਨਕ ਦੇਵ ਜੀ ਨੇ ਰੀਠੇ ਮਿੱਠੇ ਕਰਕੇ ਭਾਈ ਮਰਦਾਨਾ ਜੀ ਦੀ ਭੁੱਖ ਮਿਟਾਈ, ਅੱਜ ਵੀ ਇਸ ਸਥਾਨ ਤੇ ਮਿੱਠੇ ਰੀਠਿਆਂ ਦਾ ਪ੍ਰਸਾਦ ਮਿਲਦਾ ਹੈ | ਇਸ ਜਥੇ ਵਿੱਚ ਭਾਈ ਦਲਵਿੰਦਰ ਸਿੰਘ ਜੀ ਅੱਪਰਾ, ਤਿਲਕ ਰਾਜ ਸਿੰਘ ਜੀ ਖਾਲਸਾ, ਤੀਰਥ ਸਿੰਘ ਮੈਂਗੜ੍ਹਾ, ਕੁਲਦੀਪ ਸਿੰਘ ਜੌਹਲ,ਰਾਮ ਲੁਭਾਇਆ ਚੱਕ ਸਾਹਬੂ, ਪਰਮਜੀਤ ਸਿੰਘ ਭਾਰਟਾ, ਤਰਸੇਮ ਕੌਰ ਚੱਕ ਸਾਹਬੂ, ਗੁਰਪ੍ਰੀਤ ਕੌਰ ਚੱਕ ਸਾਹਬੂ, ਸੁੱਖਵਿੰਦਰ ਕੌਰ ਚੱਕ ਸਾਹਬੂ, ਜਗਦੀਸ ਕੌਰ ਚੱਕ ਸਾਹਬੂ, ਚਰਨਜੀਤ ਕੌਰ ਚੱਕ ਸਾਹਬੂ, ਰਿਤੂ ਸ਼ਰਮਾ ਹੁਸ਼ਿਆਰਪੁਰ, ਬਲਜੀਤ ਕੌਰ ਹੁਸ਼ਿਆਰਪੁਰ, ਗੁਰਦੇਵ ਸਿੰਘ ਰਟੈਂਡਾ, ਸੰਤ ਰਾਮ, ਨਿਰਮਲਾ, ਕਮਲਜੀਤ ਕੌਰ ਜਗਾਧਰੀ, ਮਨਜੀਤ ਕੌਰ ਮੰਡੀ,ਸ਼ਵਿੰਦਰ ਸਿੰਘ ਫਗਵਾੜਾ, ਮਨਦੀਪ ਕੌਰ ਦੁਸਾਂਝ, ਹਰਿੰਦਰ ਕੌਰ ਕਢਿਆਣਾ, ਜੋਗਾ ਸਿੰਘ ਸਮਰਾੜੀ, ਸੰਦੀਪ ਕੌਰ ਮੌਲੀ, ਕ੍ਰਿਪਾਲ ਸਿੰਘ ਸੂਬੇਦਾਰ, ਬਲਵੀਰ ਸਿੰਘ ਥਲਾ ਆਦਿ ਨਤਮਸਤਕ ਹੋਏ।

# ਨਸ਼ੇੜ੍ਹੀ ਵਿਅਕਤੀ ਦੀ ਪਤਨੀ ਅਤੇ ਮਾਤਾ ਪਿਤਾ ਸਭ ਤੋਂ ਵੱਧ ਭੋਗਦੇ ਹਨ ਸੰਤਾਪ - ਅਵਿਨਾਸ਼ ਰਾਣਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com




ਸੰਗਰੂਰ, 4 ਜੂਨ(ਜਗਸੀਰ ਲੌਂਗੋਵਾਲ ) - ਨਸ਼ੇੜੀ ਵਿਅਕਤੀ ਆਪ ਤਾਂ ਨਸ਼ਾ ਕਰਕੇ ਨਸ਼ੇ ਵਿੱਚ ਗਲਤਾਨ ਰਹਿੰਦਾ ਹੈ, ਪ੍ਰੰਤੂ ਉਸਦੇ ਬਜ਼ੁਰਗ ਮਾਤਾ ਪਿਤਾ ਅਤੇ ਉਸਦੀ ਧਰਮ ਪਤਨੀ ਸਭ ਤੋਂ ਵੱਧ ਸੰਤਾਪ ਭੋਗਦੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਦੇ ਇੱਕ ਸਮਾਗਮ ਵਿੱਚ ਬੋਲਦੇ ਹੋਏ ਨਸ਼ਾ ਮੁਕਤ ਚੇਤਨਾ ਸੰਘ ਦੇ ਸਟੇਟ ਮੀਡੀਆ ਇੰਚਾਰਜ ਅਵਿਨਾਸ਼ ਰਾਣਾ ਨੇ ਕੀਤਾ, ਉਹਨਾਂ ਆਖਿਆ ਕਿ ਅੱਜ ਸਾਡੀ ਨੌਜਵਾਨ ਪੀੜੀ ਲਗਾਤਾਰ ਨਸ਼ਿਆਂ ਦੀ ਦਲਦਲ ਵਿੱਚ ਧਸਦੀ ਜਾ ਰਹੀ ਹੈ ਪੰਜਾਬ ਦੀ ਪੂਰੀ ਬਾਰਡਰ ਬੈਲਟ ਨਸ਼ਿਆਂ ਦੀ ਲਪੇਟ ਵਿੱਚ ਆ ਗਈ ਹੈ, ਜਿਹੜਾ ਨਸ਼ਾ ਅਫਗਾਨਿਸਤਾਨ ਤੋਂ ਇਕ ਲੱਖ ਰੁਪਏ ਦਾ ਤੁਰਦਾ ਹੈ ਉਹ ਪਾਕਿਸਤਾਨ ਵਿੱਚ ਆ ਕੇ ਪੰਜ ਲੱਖ ਦਾ ਹੋ ਜਾਂਦਾ ਹੈ ਅਤੇ ਭਾਰਤ ਵਿੱਚ ਆ ਕੇ ਕਰੋੜਾਂ ਦਾ ਹੋ ਜਾਂਦਾ ਹੈ ਅਤੇ ਹੌਲੀ ਹੌਲੀ ਉਹ ਸਾਡੀ ਜਵਾਨੀ ਨੂੰ ਬਰਬਾਦ ਕਰ ਰਿਹਾ ਹੈ, ਸਾਡਾ ਗਵਾਂਢੀ ਮੁਲਕ ਪਾਕਿਸਤਾਨ ਭਾਰਤ ਤੋਂ ਕਿਸੇ ਵੀ ਜੰਗ ਵਿੱਚ ਸਿੱਧੇ ਰੂਪ ਵਿੱਚ ਨਹੀਂ ਜਿੱਤ ਸਕਿਆ ਇਸੇ ਲਈ ਉਹਨਾਂ ਦੀ ਹਮੇਸ਼ਾ ਇਹ ਸੋਚ ਰਹੀ ਕਿ ਭਾਰਤ ਨੂੰ ਪੰਜਾਬ ਦੇ ਰਸਤੇ ਕਿਸ ਤਰ੍ਹਾਂ ਬਰਬਾਦ ਕੀਤਾ ਜਾ ਸਕਦਾ ਹੈ, ਉਹਨਾਂ ਨੇ ਪਹਿਲਾਂ ਪੰਜਾਬ ਨੂੰ ਅੱਤਵਾਦ ਨਾਲ ਦਹਿਲਾਉਣ ਦੀ ਕੋਸ਼ਿਸ਼ ਕੀਤੀ ਜਦੋਂ ਉਸ ਵਿੱਚ ਕਾਮਯਾਬ ਨਾ ਹੋਏ ਤਾਂ ਆਪਣੀਆਂ ਨਾਪਾਕ ਹਰਕਤਾਂ ਦੇ ਨਾਲ ਪੰਜਾਬ ਦੀ ਨੌਜਵਾਨੀ ਦੀ ਨਸਲ ਕੁਸ਼ੀ ਕਰਨ ਲਈ ਉਹਨਾਂ ਨੂੰ ਨਸ਼ਿਆਂ ਵੱਲ ਧਕੇਲਣਾ ਸ਼ੁਰੂ ਕਰ ਦਿੱਤਾ ਹੈ ਇਸ ਮੌਕੇ ਬੋਲਦੇ ਹੋਏ ਅਵਿਨਾਸ਼ ਰਾਣਾ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਨਸ਼ਾ ਮੁਕਤ ਚੇਤਨਾ ਸੰਘ ਵੱਲੋਂ ਲਗਾਤਾਰ ਪੰਜਾਬ ਦੇ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਚੋਂ ਕੱਢਣ ਲਈ ਯਤਨ ਕੀਤੇ ਜਾ ਰਹੇ ਹਨ ਇਸ ਉਪਰੰਤ ਉੱਗੇ ਪੱਤਰਕਾਰ ਕ੍ਰਿਸ਼ਨ ਸੰਦੋਹਾ ਨੇ ਨਸ਼ਿਆਂ ਦੇ ਮੁੱਦੇ ਤੇ ਆਪਣੇ ਵਿਚਾਰ ਪੇਸ਼ ਕੀਤੇ ਸਮਾਗਮ ਦੇ ਅੰਤ ਵਿੱਚ ਇਹ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਰੁਪਿੰਦਰ ਭਾਰਦਵਾਜ ਰਿਟਾਇਰਡ ਐਸ.ਪੀ ਨੇ ਆਖਿਆ ਕਿ ਜਿਸ ਤਰਾਂ ਅਵਿਨਾਸ਼ ਰਾਣਾ ਨੇ ਪੂਰੇ ਪੰਜਾਬ ਦੇ ਨੌਜਵਾਨਾਂ ਦੀ ਹਾਲਤ ਬਿਆਨ ਕੀਤੀ ਹੈ ਉਹ ਦਿਲ ਦਹਿਲਾਉਣ ਵਾਲੀ ਹੈ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਇਸ ਨਸ਼ੇ ਦੇ ਮੁੱਦੇ ਤੇ ਸਭ ਨੂੰ ਇੱਕ ਮੁੱਠ ਹੋ ਕੇ ਕਾਰਜ ਕਰਨੇ ਚਾਹੀਦੇ ਹਨ, ਇਸ ਮੌਕੇ ਤੇ ਉਗੇ ਲੇਖਕ ਅਮਿਤ ਅਰੋੜਾ ਦੀ ਕਿਤਾਬ ਰਿਲੀਜ਼ ਕੀਤੀ ਗਈ ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਵਾਤਾਵਰਨ ਪ੍ਰੇਮੀ ਲਸ਼ਮਣ ਸਿੰਘ ਚੱਠਾ ਨੂੰ ਉਹਨਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ, ਸਮਾਗਮ ਵਿੱਚ ਮੰਚ ਸੰਚਾਲਕ ਦੀ ਭੂਮਿਕਾ ਲੇਖਕ ਅਤੇ ਚਿੰਤਕ ਬਲਵਿੰਦਰ ਭਾਰਦਵਾਜ ਨੇ ਨਿਭਾਈ

# ਢਾਹਾਂ ਕਲੇਰਾਂ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸ਼ਹੀਦੀ ਗੁਰਮਤਿ ਸਮਾਗਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਬੰਗਾ, 04 ਜੂਨ (ਚਰਨਜੀਤ ਸੱਲ੍ਹਾਂ) ਯੁੱਗੋ ਯੁੱਗ ਅਟੱਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸ਼ਹੀਦੀ ਗੁਰਮਤਿ ਸਮਾਗਮ ਅੱਜ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਅੱਜ ਸਵੇਰੇ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਮੂਹ ਸੰਗਤਾਂ ਅਤੇ ਵਿਦਿਆਰਥੀਆਂ ਵੱਲੋਂ ਸੰਗਤੀ ਰੂਪ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ । ਉਪਰੰਤ ਸ਼ਹੀਦੀ ਗੁਰਮਤਿ ਸਮਾਗਮ ਵਿਚ ਭਾਈ ਗੁਰਬਚਨ ਸਿੰਘ ਖਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਾਇਆ ਅਤੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ । ਇਸ ਮੌਕੇ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਢਾਹਾਂ ਕਲੇਰਾਂ ਨੇ ਵੀ ਗੁਰਬਾਣੀ ਕੀਰਤਨ ਨਾਲ ਸਮਾਗਮ ਵਿਚ ਹਾਜ਼ਰੀਆਂ ਭਰੀਆਂ।

ਸਮਾਗਮ ਵਿਚ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਟਰੱਸਟ ਨੇ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹੀਦੀ ਨੂੰ ਯਾਦ ਕੀਤਾ ਅਤੇ ਇਸ ਦੀ ਮਹਾਨਤਾ ਬਾਰੇ ਦੱਸਦੇ ਕਿਹਾ ਕਿ ਗੁਰੂ ਜੀ ਨੇ ਸਾਨੂੰ ਸਾਰਿਆਂ ਨੂੰ ਪ੍ਰਮਾਤਮਾ ਭਾਣੇ ਵਿਚ ਰਹਿਣ ਦਾ ਉਪਦੇਸ਼ ਦਿੱਤਾ ਹੈ । ਸ. ਢਾਹਾਂ ਦੇ ਗੁਰੂ ਜੀ ਦੀ ਅਦੁੱਤੀ ਸ਼ਹਾਦਤ ਅਤੇ ਗੁਰੂ ਅਰਜਨ ਦੇਵ ਜੀ ਦੇ ਬਚਪਨ ਤੋਂ ਲੈ ਕੇ ਸ਼ਹੀਦ ਹੋਣ ਤੱਕ ਦੇ ਗੁਰ ਇਤਿਹਾਸ ਬਾਰੇ ਵਿਸਥਾਰ ਨਾਲ ਸੰਗਤਾਂ ਨੂੰ ਜਾਣੂੰ ਕਰਵਾਇਆ । ਹਰਦੇਵ ਸਿੰਘ ਕਾਹਮਾ ਸਾਬਕਾ ਪ੍ਰਧਾਨ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਨਮਨ ਕੀਤਾ ਅਤੇ ਗੁਰੂ ਸਾਹਿਬ ਦੇ ਦਰਸਾਏ ਸੇਵਾ ਤੇ ਸਿਮਰਨ ਦੇ ਰਾਹ ਚੱਲਦੇ ਹੋਏ ਸੰਗਤਾਂ ਨੂੰ ਕਿਰਤ ਕਰਨ, ਨਾਮ ਜਪਣ ਅਤੇ ਵੰਡ ਛਕਣ ਲਈ ਪ੍ਰੇਰਿਆ । ਸ. ਕਾਹਮਾ ਨੇ ਸਮਾਜ ਵਿਚ ਵੱਧ ਰਹੀਆਂ ਬੁਰਾਈਆਂ ਪ੍ਰਤੀ ਵੀ ਸੰਗਤਾਂ ਨੂੰ ਚੇਤੰਨ ਕੀਤਾ ।

ਸ਼ਹੀਦੀ ਗੁਰਮਤਿ ਸਮਾਗਮ ਵਿਚ ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ, ਜਥੇਦਾਰ ਸਤਨਾਮ ਸਿੰਘ ਲਾਦੀਆਂ, ਗੁਰਦੀਪ ਸਿੰਘ ਢਾਹਾਂ, ਬਰਜਿੰਦਰ ਸਿੰਘ ਹੈਪੀ ਕਲੇਰਾਂ, ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ, ਵਨੀਤਾ ਚੋਟ ਪ੍ਰਿੰਸੀਪਲ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਸਮੂਹ ਡਾਕਟਰ ਸਾਹਿਬਾਨ, ਹਸਪਤਾਲ ਸਟਾਫ , ਵੱਖ-ਵੱਖ ਸੰਸਥਾਵਾਂ ਦੇ ਮੁਖੀ, ਨਰਸਿੰਗ ਕਾਲਜ, ਸੀਨੀਅਰ ਸੈਕੰਡਰੀ ਸਕੂਲ, ਪੈਰਾਮੈਡੀਕਲ ਕਾਲਜ ਅਧਿਆਪਕ ਅਤੇ ਸਮੂਹ ਵਿਦਿਆਰਥੀ, ਟਰੱਸਟ ਸਟਾਫ ਮੈਂਬਰ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਹਾਜ਼ਰ ਸਨ। ਇਸ ਮੌਕੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲੱਗੀਆਂ ਅਤੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ । ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਭਾਈ ਜੋਗਾ ਸਿੰਘ ਨੇ ਨਿਭਾਈ।

# ਸਰਕਾਰੀ ਮਿਡਲ ਸਕੂਲ ਵਿਖੇ ਮਾਪੇ ਅਧਿਆਪਕ ਮਿਲਣੀ ਹੋਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਜ਼ੀਰਾ 4 ਜੂਨ ( ਅੰਗਰੇਜ਼ ਬਰਾੜ ) - ਮਾਨਯੋਗ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਤੇ ਮਾਨਯੋਗ ਸ੍ਰੀ ਰਜੇਸ਼ ਕੁਮਾਰ ਸਟੇਟ ਅਵਾਰਡੀ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ , ਪ੍ਰਿੰਸੀਪਲ ਮੈਡਮ ਪਰਮਜੀਤ ਕੌਰ (ਪ੍ਰਿੰਸੀਪਲ ਪੀ ਐਮ ਸ੍ਰੀ ਸ ਸ ਸ ਸ ਧੁੱਪਸੜੀ ਅਤੇ ਬੀ ਐੱਨ ਓ ਬਟਾਲਾ -2), ਪ੍ਰਿੰਸੀਪਲ ਮੈਡਮ ਤੇਜਿੰਦਰ ਕੌਰ (ਪ੍ਰਿੰਸੀਪਲ ਪੀ ਐਮ ਸ੍ਰੀ ਸ ਕੰ ਸ ਕੈਂਪ ਲੜਕੀਆਂ ) ਦੀ ਯੋਗ ਅਗਵਾਈ ਹੇਠ ਸਮੇਂ ਸਮੇਂ ਵਿਦਿਆਰਥੀਆਂ ਦੀਆਂ ਗਤੀਵਿਧੀਆਂ ਮਾਪਿਆਂ ਨਾਲ ਸਾਂਝੀਆਂ ਕਰਨ ਲਈ ਮਾਪੇ ਅਧਿਆਪਕ ਮਿਲਣੀ ਕਰਵਾਈ ਜਾਂਦੀ ਹੈ। ਇਸ ਦਾ ਮਕਸਦ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਰੁਝਾਨ,ਹੁਨਰ ਦੀ ਘੋਖ ਕਰਕੇ ਸਿੱਖਿਆ ਵਿੱਚ ਦਿਲਚਸਪੀ ਵਧਾਉਣਾ ਹੈ। ਨਵੀਂ ਸਿੱਖਿਆ ਨੀਤੀ 2020 ਤਹਿਤ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੀ ਸਿੱਖਿਆ ਦਾ ਅਸਲ ਮਕਸਦ ਹੈ।ਜਿਸ ਵਿੱਚ ਕਿ ਵਿਦਿਆਰਥੀ ਕਲਾ ਹੁਨਰ ਪ੍ਰੋਗਰਾਮ, ਸਮਰ ਕੈਂਪ, ਵਾਤਾਵਰਣ ਸੰਭਾਲ, ਸਾਹਿਤਕ ਰਚਨਾ,ਯੁੱਧ ਨਸ਼ਿਆਂ ਵਿਰੁੱਧ, ਪਲਾਸਟਿਕ ਨੂੰ ਨਾ ਆਦਿ ਹਨ। ਸਰਕਾਰੀ ਮਿਡਲ ਸਕੂਲ ਕੈਂਪ ਲੜਕੇ ਬਟਾਲਾ ਗੁਰਦਾਸਪੁਰ ਵਿਖੇ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।ਇਸ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਸਮੂਹ ਵਿਸ਼ਾ ਅਧਿਆਪਕਾ ਅਤੇ ਜਮਾਤ ਇੰਚਾਰਜਾਂ ਨੇ ਵਿਦਿਆਰਥੀਆਂ ਦੇ ਰੁਝਾਨਾਂ ਅਤੇ ਜਮਾਤ ਵਿੱਚ ਪ੍ਰੋਗਰੈਸ ਦੱਸੀ। ਸਰਕਾਰੀ ਸਕੂਲਾਂ ਵਿੱਚ ਜਿੱਥੇ ਪੜ੍ਹਾਈ ਰੌਚਕ ਢੰਗ ਨਾਲ ਕਰਵਾਈ ਜਾ ਰਹੀ ਹੈ ਉੱਥੇ ਨਾਲ ਹੀ ਵਿਦਿਆਰਥੀ ਦੇ ਸਰਵਪੱਖੀ ਵਿਕਾਸ ਦਾ ਧਿਆਨ ਰੱਖਿਆ ਜਾਂਦਾ ਹੈ। ਮੈਡਮ ਰਣਜੀਤ ਕੌਰ ਬਾਜਵਾ ਨੇ ਇਸ ਮਿਲਣੀ ਨੂੰ ਛੁੱਟੀਆਂ ਤੋਂ ਪਹਿਲਾਂ ਇੱਕ ਮਹੱਤਵਪੂਰਨ ਉਪਰਾਲਾ ਦੱਸਿਆ।ਇਸ ਰਾਹੀਂ ਅਧਿਆਪਕ ਮਾਪਿਆਂ ਨੂੰ ਬੱਚੇ ਲਈ ਅਭਿਆਸ ਵਾਲੇ ਪੱਖ ਦੱਸ ਕੇ ਉਸ ਵਿੱਚ ਆਤਮ ਵਿਸ਼ਵਾਸ ਭਰਨ ਵਿੱਚ ਕਾਮਯਾਬ ਹੋ ਰਹੇ ਹਨ। ਛੁੱਟੀਆਂ ਅਤੇ ਪੇਪਰਾਂ ਤੋਂ ਪਹਿਲਾਂ ਇਹ ਮਿਲਣੀ ਲਾਹੇਵੰਦ ਰਹੀ। ਉਹਨਾਂ ਦੱਸਿਆ ਕਿ ਇਸ ਨਾਲ ਵਿਦਿਆਰਥੀਆਂ ਅੰਦਰ ਉਤਸ਼ਾਹ ਵਧਿਆ ਹੈ ।ਮੈਡਮ ਗੁਰਜਿੰਦਰ ਕੌਰ ਨੇ ਦੱਸਿਆ ਕਿ ਮਾਪੇ ਅਧਿਆਪਕ ਮਿਲਣੀ ਦੌਰਾਨ ਵਿਦਿਆਰਥੀਆਂ ਨੂੰ ਵਿਭਾਗੀ ਹਿਦਾਇਤ ਅਨੁਸਾਰ ਲਿਖਤੀ ਸਿੱਖਿਆ ਦਾ ਮਟੀਰੀਅਲ ਵੀ ਵੰਡਿਆ ਗਿਆ। ਮਾਪੇ ਅਧਿਆਪਕ ਮਿਲਣੀ ਵਿੱਚ ਸ੍ਰੀ ਦੀਪਕ ਸੂਰੀ ਬੀ ਆਰ ਸੀ ਅੰਗਰੇਜ਼ੀ ਬਟਾਲਾ -2 ਹਾਜ਼ਰ ਰਹੇ ਉਹਨਾਂ ਵੀ ਵਿਭਾਗੀ ਹਦਾਇਤਾਂ ਸਮੂਹ ਸਟਾਫ਼ ਅਤੇ ਮਾਪਿਆਂ ਨੂੰ ਦੱਸੀਆਂ। ਇਸ ਮੌਕੇ ਸਮੂਹ ਸਟਾਫ਼ ਮੈਡਮ ਗੁਰਜਿੰਦਰ ਕੌਰ,ਮੈਡਮ ਅੰਜੂ, ਸ੍ਰੀ ਵਿਜੈ ਕੁਮਾਰ ,ਮੈਡਮ ਪ੍ਰਦੀਪ ਕੌਰ, ਮੈਡਮ ਸੁਜਾਤਾ , ਸਮੂਹ ਬੱਚਿਆਂ ਦੇ ਮਾਪੇ ਅਤੇ ਐਸ ਐਮ ਸੀ ਮੈਂਬਰ ਹਾਜ਼ਰ ਸਨ ।

# ਬਸਪਾ ਸਫਾਈ ਕਰਮਚਾਰੀਆਂ ਦੇ ਸਮਾਜ ਨੂੰ ਹੁਕਮਰਾਨ ਸਮਾਜ ਬਣਾਉਣਾ ਚਾਹੁੰਦੀ ਹੈ- ਅਵਤਾਰ ਸਿੰਘ ਕਰੀਮਪੁਰੀ

## ਲੁਧਿਆਣਾ ਕਾਰਪੋਰੇਸ਼ਨ ਅਧਿਕਾਰੀਆਂ ਵਲੋਂ ਸਫਾਈ ਕਰਮਚਾਰੀਆਂ ਆਗੂਆਂ ਨਾਲ ਬਦਸਲੂਕੀ ਕਰਨ ਵਾਲਿਆਂ ਦੇ ਖਿਲਾਫ਼ ਸਖਤ ਕਾਰਵਾਈ ਹੋਣੀ ਚਾਹੀਦੀ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਲੁਧਿਆਣਾ(ਚਰਨਜੀਤ ਸੱਲ੍ਹਾਂ ) ਬਹੁਜਨ ਸਮਾਜ ਪਾਰਟੀ ਲੁਧਿਆਣਾ ਦੀ ਲੀਡਰਸ਼ਿਪ ਨੇ ਮਿਊਸੀਪਲ ਕਾਰਪੋਰੇਸ਼ਨ ਲੁਧਿਆਣਾ ਦੇ ਦਫ਼ਤਰ ਅਗੇ ਸਫਾਈ ਕਰਮਚਾਰੀਆਂ ਦਿਆਂ ਮੰਗਾ ਨੂੰ ਲੈ ਕੇ ਧਰਨਾ ਲਗਾਇਆ ਜਿਸ ਧਰਨੇ ਵਿਚ ਵਿਸ਼ੇਸ਼ ਤੋਰ ਤੇ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਡਾ ਅਵਤਾਰ ਸਿੰਘ ਕਰੀਮਪੁਰੀ ਜੀ ਹਾਜਿਰ ਹੋਏ ਇਸ ਧਰਨੇ ਵਿਚ ਜਿਥੇ ਓਹਨਾ ਨੇ ਲੋਕ ਮੁਦੇਆ ਤੇ ਗੱਲ ਕੀਤੀ ਓਥੇ ਹੀ 2027 ਲਈ ਪੰਜਾਬ ਸੰਭਾਲੋ ਮੁਹਿੰਮ ਦਾ ਹਿਸਾ ਬਣਨ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਜਿਨਾ ਅਧਿਕਾਰੀਆਂ ਨੇ ਦਲਿਤ ਮੁਲਾਜਮਾਂ ਨਾਲ ਬਦਸਲੂਕੀ ਕੀਤੀ ਹੈ ਉਨ੍ਹਾਂ ਦੇ ਖਿਲਾਫ਼ ਸਖਤ ਕਾਰਵਾਈ ਹੋਣੀ ਚਾਹੀਦੀ ਹੈ ਆਮ ਪਾਰਟੀ ਨੇ ਵੋਟਾਂ ਤੋ ਪਹਿਲਾਂ ਵਾਅਦਾ ਕੀਤਾ ਸੀ ਕਚੇ ਮੁਲਾਜਮਾਂ ਨੂੰ ਪਕਾ ਕਰਨ ਦੀ ਗਰੰਟੀ ਦਿਤੀ ਸੀ ਅਜ ਗਰੰਟੀਆ ਕਿਥੇ ਗਈਆਂ ਪਹਿਲੀਆਂ ਸਰਕਾਰਾਂ ਸੰਘਰਸ਼ ਕਰਨ ਵਾਲਿਆਂ ਤੇ ਲਾਠੀਚਾਰਜ ਦੇ ਨਾਲ ਨਾਲ ਉਨ੍ਹਾਂ ਨੂੰ ਜੇਲਾਂ ਵਿੱਚ ਸੁਟਿਆ ਜਾ ਕਿਹਾ ਹੈ ਸਫਾਈ ਕਰਮਚਾਰੀਆਂ ਵਲੋ ਕੂੜਾ ਚੁੱਕਣ ਵਾਲੇ ਕੰਮ ਤੀ ਵੀ ਕਾਂਗਰਸ ਭਾਜਪਾ ਤੇ ਆਮ ਪਾਰਟੀਆਂ ਦੇ ਕੋਸਲਰਾਂ ਵਲੋਂ ਆਪਣੀਆਂ ਗਡੀਆਂ ਪਾਕੇ ਉਨ੍ਹਾਂ ਦੀ ਕੂੜਾ ਮਾਫੀਆ ਵਲੋਂ ਆਰਥਿਕ ਲੁਟ ਕਰਨ ਲਈ ਮਹੀਨਾ ਵਸੂਲਿਆ ਜਾ ਰਿਹਾ ਹੈ ਕਿੰਨੀ ਸ਼ਰਮ ਦੀ ਗਲ ਹੈ ਬਸਪਾ ਸੀਵਰੇਜ ਵਿਚੋ ਕਢਕੇ ਆਪਣੇ ਸਮਾਜ ਨੂੰ ਹੁਕਮਰਾਨ ਬਣਾਉਣ ਦੀ ਲੜਾਈ ਲੜ ਰਹੀ ਹੈ ਬਸਪਾ ਲੀਡਰਸ਼ਿਪ ਵਲੋਂ ਕਾਰਪੋਰੇਸ਼ਨ ਮੁਲਾਜਮਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਦੂਰ ਕਰਨ ਦੀ। ਮੰਗ ਕੀਤੀ ਬਸਪਾ ਵਲੋਂ ਲਿਖਤੀ ਮੈਮੋਰੰਡਮ ਦਿੱਤਾ ਇਸ ਮੌਕੇ ਬੀ ਐਸ ਪੀ ਪੰਜਾਬ ਦੇ ਜਰਨਲ ਸਕੱਤਰ ਪ੍ਰਵੀਨ ਬੰਗਾ ਜੀ ਜੋਨ ਇੰਚਾਰਜ ਲੁਧਿਆਣਾ ਬਸਪਾ ਪੰਜਾਬ ਦੇ ਜਨਰਲ ਸਕੱਤਰ ਬਲਵਿੰਦਰ ਬਿਟਾ ਜੀ ਜੋਨ ਇੰਚਾਰਜ ਲੁਧਿਆਣਾ ਸਹਿਰੀ ਪ੍ਰਧਾਨ ਬਲਵਿੰਦਰ ਜੱਸੀ ਜੀ ਜਿਲੇ ਦੇ ਇੰਚਾਰਜ ਜੀਤ ਰਾਮ ਬਸਰਾ ਜੀ ਜਿਲਾ ਦਿਹਾਤੀ ਇੰਚਾਰਜ ਨਿਰਮਲ ਸਿੰਘ ਸਾਇਆ ਜੀ ਪਰਗਣ ਬਿਲਗਾ ਜਿਲਾ ਇੰਚਾਰਜ ਜਿਲੇ ਦੇ ਜਨਰਲ ਸਕੱਤਰ ਸੁਰੇਸ਼ ਸੋਨੂੰ ਜਿਲਾ ਉਪ ਪ੍ਰਧਾਨ ਰਾਜ ਕੁਮਾਰ ਜੀ ਸੁਖਦੇਵ ਚੱਢਾ ਅਮਰੀਕ ਸਿੰਘ ਕਪਿਲ ਕੁਮਾਰ, ਬੰਸੀ ਲਾਲ ਜੀ,ਮਨੋਜ ਵਿਰਦੀ, ਰਜਿੰਦਰ ਕੈਂਥ ਨਰੇਸ਼ ਬਸਰਾ ਜੀ ਰਜਿੰਦਰ ਨਿਕਾ ਜੀ ਬਿਟੂ ਸ਼ੇਰ ਪੁਰੀ ਜਸਪਾਲ ਭੋਰਾ,ਗੁਰਮੀਤ ਸਿੰਘ ਮਿਸ਼ਨਰੀ ਗਾਇਕ ਵਿਕੀ ਬਹਾਦਰ ਦੇ ਤੇ ਸਮੁੱਚੀ ਜਿਲੇ ਦੀ ਲੀਡਰਸ਼ਿਪ ਹਾਜਿਰ ਰਹੀ

# 10ਸਾਲ ਦੀ ਸੇਵਾ ਪੂਰੀ ਕਰ ਚੁੱਕੇ ਕੱਚੇ ਕਾਮਿਆ ਦਾ ਧਰਨਾ 22ਵੇਂ ਦਿਨ ਵੀ ਜਾਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਅੱਜ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕੱਚੇ ਕਰਮਚਾਰੀਆਂ 10 ਤੋਂ 15 ਸਾਲ ਸੇਵਾ ਕਾਲ ਹੋ ਚੁੱਕਾ ਦਾ ਧਰਨਾ 22ਵੇਂ ਦਿਨ ਵੀ ਜਾਰੀ । ਕਰਮਚਾਰੀਆਂ ਵਲੋਂ ਲੜੀਵਾਰ ਭੁੱਖ ਹੜਤਾਲ 17ਵੇਂ ਦਿਨ ਵਿੱਚ 24 ਘੰਟੇ ਤੋਂ 48 ਘੰਟੇ ਵਿੱਚ ਤਬਦੀਲ। ਪਿਛਲੇ 20ਦਿਨਾਂ ਤੋਂ ਧਰਨਾ ਡੀਨ ਅਕੈਡਮਿਕ ਅਤੇ ਰਜਿਸਟਰਾਰ ਦਫਤਰ ਵਿੱਚ ਚਲਦਾ ਰਿਹਾ ਪਰ ਕਿਸੇ ਨੇ ਨਹੀਂ ਲਈ ਸਾਰ । ਕਰਮਚਾਰੀਆਂ ਵੱਲੋਂ ਧਰਨਾ ਵਾਈਸ ਚਾਂਸਲਰ ਦਫਤਰ ਅੱਗੇ ਕੀਤਾ ਗਿਆ ਸ਼ਿਫਟ । ਨਵੇਂ ਵਾਈਸ ਚਾਂਸਲਰ ਤੋਂ ਸੀ ਪੂਰੀ ਪੂਰੀ ਆਸ ਨਵੇਂ ਵਾਈਸ ਚਾਂਸਲਰ ਵਲੋਂ ਬਣਾਈ ਕਮੇਟੀ ਨੇਂ ਨਹੀਂ ਕਿੱਤੀ ਕੋਈ ਗੱਲ ਬਾਤ । ਵਾਇਸ ਚਾਂਸਲਰ ਸਾਹਿਬ ਦਫ਼ਤਰ ਵਿੱਚ ਆਉਂਦੇ ਜਾਂਦੇ ਵੀ ਨਹੀਂ ਕਰ ਰਹੇ ਕਰਮਚਾਰੀਆਂ ਨਾਲ ਕੋਈ ਗੱਲ ਬਾਤ । ਸਿਡੀਕੇਟ ਵਿੱਚ ਬਣਾਈਆਂ ਹੋਇਆਂ ਆਪਣੀਆਂ ਹੀ ਪਾਲਿਸੀਆਂ ਤੋਂ ਮੁਕਰ ਰਿਹਾ ਪੰਜਾਬੀ ਯੂਨੀਵਰਸਿਟੀ ਪ੍ਰਸ਼ਾਸਨ। ਧਰਨੇ ਵਿੱਚ ਬੈਠੇ ਕਰਮਚਾਸਰੀਆਂ ਨੇਂ ਕਿਹਾ ਕਿ ਸਾਡੇ ਹੌਂਸਲੇ ਬੁਲੰਦ । ਜਦ ਤਕ ਸਾਡੀ ਮੰਗ ਪੂਰੀ ਨਹੀਂ ਹੁੰਦੀ ਧਰਨਾ ਇਸ ਤਰ੍ਹਾਂ ਹੀ ਚਲਦਾ ਰਹੇਗਾ। ਜ਼ੇਕਰ ਲੋੜ ਪਈ ਤਾਂ ਸੰਘਰਸ਼ ਨੂੰ ਹੋਰ ਕਰਨਗੇ ਤੇਜ ਇਸ ਮੌਕੇ ਰਾਜੇਸ਼ ਗੱਗੂ, ਅਜੇ ਅਰੋੜਾ,ਇਕਬਾਲ ਚੰਦ,ਕੁਲਦੀਪ ਸਿੰਘ, ,ਜਤਿੰਦਰ ਕਾਲਾ,ਬਿਕਰਮਜੀਤ ਸਿੰਘ, ਗੁਰਤੇਜ਼ ਸਿੰਘ , ਸੰਦੀਪ ਕੁਮਾਰ , ਹੈਪੀ, ਅਮਨਦੀਪ, ਗੁਰਮੀਤ,ਸੁਰਜੀਤ ਬਠਿੰਡਾ, ਲੋਕੇਸ਼, ਜਗਤਾਰ ਸਿੰਘ ਅਤੇ ਧਰਾਤਰੀ ਜਥੇਬੰਦੀਆਂ ਦੇ ਸੀਨੀਅਰ ਆਗੂ ਮੌਜੂਦ ਰਹੇ।

# ਸੰਪਾਦਕ ਦੇ ਨਾਮ ਖਤ

## ਨਤੀਜਾ ਗਜਟ ਸੌਖਾ ਮਿਲੇ

ਪੰਜਾਬ ਸਕੂਲ ਸਿੱਖਿਆ ਤੋਂ ਜਦੋਂ ਕੋਈ ਵਿਦਿਆਰਥੀ ਦਸਵੀਂ ਜਾਂ ਬਾਰ੍ਹਵੀਂ ਜਮਾਤ ਪਾਸ ਕਰ ਲੈਂਦਾ ਹੈ, ਤਾਂ ਜਰੂਰਤ ਪੈਣ ਤੇ ਉਸ ਨੂੰ ਆਪਣੇ ਨਤੀਜਾ ਗਜਟ ਦੀ ਕਾਪੀ ਲੈਣ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੁੱਖ ਦਫ਼ਤਰ ਮੋਹਾਲੀ ਜਾਣਾ ਪੈਂਦਾ ਹੈ। ਜਿਸ ਕਰਕੇ ਉਸਦੇ ਕਾਫ਼ੀ ਜਿਆਦਾ ਸਮੇਂ ਅਤੇ ਪੈਸੇ ਦੀ ਬਰਬਾਦੀ ਹੁੰਦੀ ਹੈ। ਮੁੱਖ ਦਫ਼ਤਰ ਵਿਖੇ ਵੀ ਸਿਰਫ਼ ਸੰਬੰਧਿਤ ਵਿਦਿਆਰਥੀ ਨੂੰ ਹੀ ਨਤੀਜਾ ਗਜਟ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਫ਼ੀਸ ਵੀ ਜਿਆਦਾ ਹੋਣ ਕਰਕੇ ਗਰੀਬ ਵਰਗ ਨੂੰ ਭਰਨੀ ਮੁਸ਼ਕਲ ਹੋ ਜਾਂਦੀ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਨਤੀਜਾ ਗਜਟ ਦੀ ਕਾਪੀ ਪੰਜਾਬ ਵਿਚਲੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਖੇਤਰੀ ਦਫ਼ਤਰਾਂ ਵਿੱਚੋਂ ਮਿਲਣਾ ਯਕੀਨੀ ਬਣਾਇਆ ਜਾਵੇ। ਅਜਿਹਾ ਹੋਣ ਨਾਲ ਆਮ ਲੋਕਾਂ ਦਾ ਕਾਫ਼ੀ ਜਿਆਦਾ ਪੈਸਾ ਅਤੇ ਸਮਾਂ ਬਰਬਾਦ ਹੋਣ ਤੋਂ ਬਚ ਜਾਵੇਗਾ।

ਅੰਗਰੇਜ ਸਿੰਘ ਵਿੱਕੀ,
ਪਿੰਡ ਤੇ ਡਾਕ. ਕੋਟਗੁਰੂ,
ਤਹਿ.+ ਜਿਲਾ ਬਠਿੰਡਾ

# ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਅਤੇ ਜੂਨ 84 ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਖ਼ੂਨਦਾਨ ਕੈਂਪ ਲਾਇਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਲੁਧਿਆਣਾ (ਗੁਰਦੀਪ ਸਿੰਘ) ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਪੁਰਬ ਅਤੇ ਜੂਨ 84 ਘੱਲੂਘਾਰਾ ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘੱਨ੍ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 808ਵਾਂ ਮਹਾਨ ਖ਼ੂਨਦਾਨ ਕੈਂਪ ਗੁਰਦੁਆਰਾ ਗੁਰੂ ਨਾਨਕ ਦਰਬਾਰ ਸਾਹਿਬ, ਸਰਪੰਚ ਕਾਲੋਨੀ, ਜਮਾਲਪੁਰ ਵਿਖੇ ਗੁ:ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਮਖੂ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਲਗਾਏ ਗਏ ਮਹਾਨ ਖ਼ੂਨਦਾਨ ਕੈਂਪ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ ਭਾਰਤ ਦੇ ਬਾਦਸ਼ਾਹ ਜਹਾਂਗੀਰ ਨੇ ਗੁਰੂ ਅਰਜਨ ਦੇਵ ਜੀ ਨੂੰ ਕਿਹਾ ਸਿੱਖਾਂ ਦੇ ਦਸਵੰਧ ਦੀ ਮਾਇਆ ਵਿਚੋ ਟੈਕਸ ਭੇਜੋ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਨੇ ਕਿਹਾ ਸੰਗਤਾਂ ਦੀ ਦਸਾਂ ਨਹੁੰਆਂ ਦੀ ਕੀਰਤ ਦੀ ਕਮਾਈ ਦਸਵੰਧ ਦਾ ਇਕ ਟਕਾ ਵੀ ਤੁਹਾਨੂੰ ਨਹੀਂ ਭੇਜਾਂਗੇ, ਗੁਰੂ ਅਰਜਨ ਦੇਵ ਮਹਾਰਾਜ ਜੀ ਨੂੰ ਗ੍ਰਿਫਤਾਰ ਕਰਕੇ ਤਸੀਹੇ ਦਿੱਤੇ ਗਏ, ਬਲਦੀ ਤੱਤੀ ਤੱਵੀ ਤੇ ਬਿਠਾ ਕੇ ਸਿਰ ਤੇ ਸਰੀਰ ਤੇ ਗਰਮ ਰੇਤਾਂ ਪਾ ਕੇ ਸ਼ਹੀਦ ਕਰ ਦਿੱਤਾ। ਗੁਰੂ ਜੀ ਨੇ ਸੱਚ ਦੀ ਲੜਾਈ ਲੜਦਿਆ ਮਨੁੱਖੀ ਹੱਕਾਂ ਦੀ ਖਾਤਰ ਆਪਣੀ ਸ਼ਹਾਦਤ ਦਿੱਤੀ। ਇਸ ਮੌਕ ਤੇ ਗਿਆਨੀ ਹਰਪ੍ਰੀਤ ਸਿੰਘ ਮਖੂ ਅਤੇ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਖ਼ੂਨਦਾਨ ਕਰਨ ਵਾਲੇ ਪ੍ਰਾਣੀਆ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜ਼ਿ) ਨੇ ਦਸਿਆ ਖ਼ੂਨਦਾਨ ਕੈਂਪ ਦੋਰਾਨ ਇਕੱਤਰ ਕੀਤਾ ਗਿਆ ਖ਼ੂਨ ਦਾ ਇੱਕ-ਇੱਕ ਕਤਰਾ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਬੰਸੀ ਲਾਲ ਪ੍ਰੇਮੀ ਪ੍ਰਧਾਨ ਅੰਬੇਡਕਰ ਨਵ ਯੁਵਕ ਦਲ ਭਾਰਤ, ਅਮਰਜੀਤ ਸਿੰਘ ਭੱਟੀ,ਪ੍ਰਭਦੀਪ ਸਿੰਘ ਸੇਖੋਂ, ਅਮਨਦੀਪ ਸਿੰਘ ਸੈਣੀ, ਸੁਰਿੰਦਰ ਸਿੰਘ, ਸਰਬਜੀਤ ਸਿੰਘ ਸੋਹਲ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਦਿਆਨੰਦ ਹਸਪਤਾਲ ਵਿੱਚ ਮਾਹਵਾਰੀ ਸਿਹਤ ਅਤੇ ਸਮੁੱਚੀ ਤੰਦਰੁਸਤੀ ਤੇ ਇਸ ਦੇ ਪ੍ਰਭਾਵ ਬਾਰੇ ਜਾਗਰੂਕਤਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com




ਲੁਧਿਆਣਾ (ਗੁਰਦੀਪ ਸਿੰਘ) ਔਰਤਾਂ ਦੀ ਸਿਹਤ ਅਤੇ ਸਫਾਈ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦਿਆਨੰਦ ਹਸਪਤਾਲ ਨੇ 30 ਮਈ ਨੂੰ ਹਸਪਤਾਲ ਦੇ ਅਹਾਤੇ ਵਿੱਚ “ਮਾਹਵਾਰੀ ਸਫਾਈ ਜਾਗਰੂਕਤਾ ਪ੍ਰੋਗਰਾਮ” ਦਾ ਆਯੋਜਨ ਕੀਤਾ। 28 ਮਈ ਨੂੰ ਵਿਸ਼ਵ ਪੱਧਰ ‘ਤੇ ਅੰਤਰਰਾਸ਼ਟਰੀ ਮਾਹਵਾਰੀ ਸਫਾਈ ਦਿਵਸ ਵਜੋਂ ਮਾਨਤਾ ਪ੍ਰਾਪਤ ਹੈ, ਇਸ ਸਾਲ ਦੇ ਮਾਹਵਾਰੀ ਸਫਾਈ ਦਿਵਸ ਦਾ ਥੀਮ “ਇੱਕਠੇ ਹੋ ਕੇ #ਪੀਰੀਅਡਫ੍ਰੈਂਡਲੀ ਵਰਲਡ” ਹੈ।ਇਸ ਸਮਾਗਮ ਵਿੱਚ ਦਿਆਨੰਦ ਹਸਪਤਾਲ ਪ੍ਰਬੰਧਨ ਦੇ ਵੱਖ-ਵੱਖ ਪਤਵੰਤੇ - ਸ਼੍ਰੀ ਬਿਪਿਨ ਗੁਪਤਾ, ਸ਼੍ਰੀ ਮੁਕੇਸ਼ ਵਰਮਾ, ਡਾ. ਜੀ.ਐਸ. ਵਾਂਡਰ, ਡਾ. ਸੰਦੀਪ ਸ਼ਰਮਾ, ਅਤੇ ਐਫਆਈਸੀ ਸੀਆਈ ਐਫਐਲਓ ਮੈਂਬਰਾਂ ਨੇ ਸ਼ਿਰਕਤ ਕੀਤੀ। ਇਹ ਸਮਾਗਮ ਪ੍ਰਸੂਤੀ ਅਤੇ ਗਾਇਨੀਕੋਲੋਜੀ ਵਿਭਾਗ ਦੁਆਰਾ ਆਯੋਜਿਤ ਕੀਤਾ ਗਿਆ ਸੀ। ਇਸ ਉਦਘਾਟਨ ਨੂੰ ਡੀਐਮਸੀ ਐਂਡ ਐਚ ਦੇ ਮੈਨੇਜਿੰਗ ਸੋਸਾਇਟੀ ਦੇ ਸਕੱਤਰ ਸ਼੍ਰੀ ਬਿਪਿਨ ਗੁਪਤਾ ਨੇ ਮਾਹਵਾਰੀ ਸਿਹਤ ਬਾਰੇ ਪਹੁੰਚਯੋਗ ਜਾਣਕਾਰੀ ਨਾਲ ਔਰਤਾਂ ਨੂੰ ਸਸ਼ਕਤ ਬਣਾਉਣ ਲਈ ਤਿਆਰ ਕੀਤੀ ਗਈ ਇੱਕ ਸਿੱਖਿਆ ਗਾਈਡ ਦੇ ਜਾਰੀ ਕਰਨ ਨਾਲ ਸਨਮਾਨਿਤ ਕੀਤਾ। ਇੱਕ ਹੋਰ ਪ੍ਰਭਾਵਸ਼ਾਲੀ ਕਦਮ ਵਿੱਚ, ਸ਼੍ਰੀ ਬਿਪਿਨ ਗੁਪਤਾ ਦੁਆਰਾ ਇੱਕ ਸੈਨੇਟਰੀ ਪੈਡ ਵੈਂਡਿੰਗ ਮਸ਼ੀਨ ਵੀ ਲਾਂਚ ਕੀਤੀ ਗਈ, ਜੋ ਕਿ ਬਾਹਰੀ ਮਰੀਜ਼ ਵਿਭਾਗ ਵਿੱਚ ਸਥਾਪਿਤ ਕੀਤੀ ਗਈ ਸੀ, ਜੋ ਹਸਪਤਾਲ ਦੇ ਅਹਾਤੇ ਦੇ ਅੰਦਰ ਮਾਹਵਾਰੀ ਸਫਾਈ ਉਤਪਾਦਾਂ ਤੱਕ ਸੁਵਿਧਾਜਨਕ ਪਹੁੰਚ ਨੂੰ ਯਕੀਨੀ ਬਣਾਉਂਦੀ ਹੈ, ਇਸ ਤਰ੍ਹਾਂ ਲਿੰਗ-ਸੰਵੇਦਨਸ਼ੀਲ ਸਿਹਤ ਸੰਭਾਲ ਅਤੇ ਸਫਾਈ ਸਹੂਲਤਾਂ ਤੱਕ ਬਰਾਬਰ ਪਹੁੰਚ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ; ਇਸ ਲਈ ਕੈਂਪਸ ਅਤੇ ਹਸਪਤਾਲ ਦੇ ਅਹਾਤੇ ਦੇ ਅੰਦਰ ਕੰਮ ਕਰਨ ਵਾਲੀਆਂ ਔਰਤਾਂ ਨੂੰ ਸਸ਼ਕਤ ਬਣਾਉਣ ਨਾਲ ਸ਼ੁਰੂਆਤ ਕੀਤੀ ਗਈ। ਡਾ. ਜੀ.ਐਸ. ਵਾਂਡਰ ਨੇ ਉਜਾਗਰ ਕੀਤਾ ਕਿ ਇਹ ਪਹਿਲ ਸਿੱਖਿਆ, ਨਵੀਨਤਾ ਅਤੇ ਭਾਈਚਾਰਕ ਸ਼ਮੂਲੀਅਤ ਰਾਹੀਂ ਰੋਕਥਾਮ ਸਿਹਤ ਸੰਭਾਲ ਅਤੇ ਔਰਤਾਂ ਦੇ ਸਸ਼ਕਤੀਕਰਨ ਦਾ ਸਮਰਥਨ ਕਰਨ ਲਈ ਹਸਪਤਾਲ ਦੇ ਵਿਆਪਕ ਦ੍ਰਿਸ਼ਟੀਕੋਣ ਅਤੇ ਮਿਸ਼ਨ ਦਾ ਇੱਕ ਹਿੱਸਾ ਹੈ। ਡਾ. ਆਸ਼ਿਮਾ ਤਨੇਜਾ ਨੇ ਜ਼ੋਰ ਦੇ ਕੇ ਕਿਹਾ ਕਿ ਚੰਗੀ ਸਿਹਤ ਸਿੱਖਿਆ ਅਤੇ ਪਹੁੰਚ ਨਾਲ ਸ਼ੁਰੂ ਹੁੰਦੀ ਹੈ। ਮਾਹਰ ਗਾਇਨੀਕੋਲੋਜਿਸਟਸ ਅਤੇ ਸਿਹਤ ਸਿੱਖਿਅਕਾਂ ਦੁਆਰਾ ਕਈ ਇੰਟਰਐਕਟਿਵ ਸੈਸ਼ਨ ਕਰਵਾਏ ਗਏ ਜਿਨ੍ਹਾਂ ਵਿੱਚ ਮਾਹਵਾਰੀ ਚੱਕਰ, ਸਫਾਈ ਉਤਪਾਦਾਂ ਅਤੇ ਡਾਕਟਰੀ ਸਹਾਇਤਾ ਕਦੋਂ ਲੈਣੀ ਹੈ ਵਰਗੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ।

# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਚੱਕ ਵੈਰੋਕਾ ਵਿਖੇ ਲਗਾਇਆ ਗਿਆ ਵਿਦਿਆਰਥੀਆਂ ਦਾ 7 ਰੋਜਾ ਸਮਰ ਕੈਂਪ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਜਲਾਲਾਬਾਦ 4 ਜੂਨ (ਮਨੋਜ ਕੁਮਾਰ, ਸੁਭਾਸ਼ ਸਿੰਘ)

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਚੱਕ ਵੈਰੋਕੇ ਵਿਖੇ ਪ੍ਰਿੰਸੀਪਲ ਸ੍ਰੀ ਰਾਜੀਵ ਕੁਮਾਰ ਸੇਠੀ ਜੀ ਅਤੇ ਸਮੂਹ ਸਟਾਫ ਦੀ ਅਗਵਾਈ ਦੇ ਹੇਠ ਇਸ ਕੈਂਪ ਦੇ ਵਿੱਚ ਵਿਦਿਆਰਥੀਆਂ ਨੂੰ ਤੇਲਗੂ ਭਾਸ਼ਾ ਸਿਖਾਈ ਗਈ ਅਤੇ ਦਰਖਤਾਂ ਦੀ ਮਹੱਤਤਾ ਤੇ ਕੁਦਰਤ ਵੱਲੋਂ ਮਿਲੀਆਂ ਵਡਮੁੱਲੀਆਂ ਦਾਤਾਂ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਵੱਲੋਂ ਅਧਿਆਪਕਾਂ ਨੂੰ ਕੁਝ ਕੰਪਲੀਮੈਂਟ ਵੀ ਦਿੱਤੇ ਗਏ।

ਤੇਲਗੂ ਭਾਸ਼ਾ ਸਿੱਖਣ ਦੇ ਨਾਲ ਨਾਲ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕੁਝ ਗਤੀਵਿਧੀਆਂ ਨਿਭਾਈਆਂ।

ਇਸ 7 ਰੋਜਾ ਸਮਰ ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਨੇ ਮਨੋਰੰਜਕ ਗਤੀਵਿਧੀਆਂ ਵੀ ਕੀਤੀਆਂ ।

ਨੋਡਲ ਇੰਚਾਰਜ ਸ੍ਰੀਮਤੀ ਸੁਖਜੀਤ ਕੌਰ ਪੰਜਾਬੀ ਮਿਸਟਰਸ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਤੋਂ ਇਲਾਵਾ ਹੋਰ ਭਾਸ਼ਾਵਾਂ ਸਿੱਖਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਦੌਰਾਨ ਸਕੂਲ ਸਟਾਫ ਮੈਂਬਰ ਸ੍ਰੀ ਪਰਮਪ੍ਰਕਾਸ਼ ਸਿੰਘ ਜੀ ਮੈਥ ਲੈਕਚਰਾਰ ਸ੍ਰੀ ਹਰਬੰਸ ਸਿੰਘ ਜੀ ਅੰਗਰੇਜ਼ੀ ਲੈਕਚਰਾਰ ਸਰਦਾਰ ਮਨਜੀਤ ਸਿੰਘ ਮੈਥ ਮਾਸਟਰ, ਸ੍ਰੀ ਮਨਜੀਤ ਸਿੰਘ ਐਸ ਐਸ ਮਾਸਟਰ ਸ੍ਰੀ ਸਤਪਾਲ ਸਿੰਘ ਐਸ ਐਸ ਮਾਸਟਰ ਸ੍ਰੀਮਤੀ ਬਲਵਿੰਦਰ ਕੌਰ ਸਾਇੰਸ ਮਿਸਟਰਸ ਸ੍ਰੀਮਤੀ ਸੀਮਾ ਰਾਣੀ ਸਾਇੰਸ ਮਿਸਟਰਸ ਸ੍ਰੀਮਤੀ ਅਮਰਜੀਤ ਕੌਰ ਕੰਪਿਊਟਰ ਫੈਕਲਟੀ ਸ਼੍ਰੀਮਤੀ ਸੰਦੇਸ਼ ਕੁਮਾਰੀ ਐਸ ਐਸ ਮਿਸਟਰਸ ਸ੍ਰੀ ਹਰਜਿੰਦਰ ਸਿੰਘ ਜੀ ਪੰਜਾਬੀ ਮਾਸਟਰ ਸ੍ਰੀ ਹੁਸ਼ਿਆਰ ਸਿੰਘ ਜੀ ਐਸ ਐਲ ਏ ਅਤੇ ਕੈਂਪਸ ਮੈਨੇਜਰ ਸ੍ਰੀ ਰਾਜਪਾਲ ਸ਼ਰਮਾ ਜੀ ਮੌਜੂਦ ਸਨ।

ਸਮਰ ਕੈਂਪ ਦੀ ਸਮਾਪਤੀ ਦੌਰਾਨ ਪ੍ਰਿੰਸੀਪਲ ਸ੍ਰੀ ਰਾਜੀਵ ਕੁਮਾਰ ਸੇਠੀ ਜੀ ਤੇ ਸਮੂਹ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਵੀ ਕੀਤਾ ਗਿਆ।

# ਇਆਲੀ ਖੁਰਦ ਵਿਖੇ ਪੀਰ ਨੌਗਜਾ ਦਾ ਸਲਾਨਾ ਦੋ ਦਿਨਾਂ ਮੇਲਾ ਸੰਪੰਨ- ਬਾਬਾ ਧਰਮਿੰਦਰ ਸ਼ਾਹ / ਹਰਦੇਵ ਬੋਪਾਰਾਏ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਲੁਧਿਆਣਾ ( ਮਨੀਸ਼ ) ਪੀਰ ਨੌਗਜਾ ਜੀ ਦਾ ਸਲਾਨਾ ਜੋੜ ਮੇਲਾ ਪਿੰਡ ਇਆਲੀ ਖੁਰਦ ਵਿਖੇ ਬੜੀ ਧੂਮ ਧਾਮ ਨਾਲ ਹਰ ਸਾਲ ਦੀ ਤਰ੍ਹਾਂ ਮਨਾਇਆ ਗਿਆ ਇਥੋਂ ਦੇ ਮੁੱਖ ਸੇਵਾਦਾਰ ਗੁਲਾਮ ਧਰਮਿੰਦਰ ਸ਼ਾਹ ਕਾਦਰੀ ਜੀ ਨੇ ਦੱਸਿਆ 1 ਜੂਨ ਨੂੰ ਮਹਿੰਦੀ ਦੀ ਰਸਮ ਕੀਤੀ 2 ਜੂਨ ਨੂੰ ਝੰਡੇ ਅਤੇ ਚਾਦਰ ਦੀ ਰਸਮ ਅਤੇ ਪੰਜਾਬ ਦੇ ਪ੍ਰਸਿੱਧ ਮਹਿਫਲੇ ਕਵਾਲ ਪੀਰਾਂ ਦੇ ਗੁਣ ਗਾਣ ਕੀਤੇ ਇਸ ਸਮੇਂ ਸ੍ਰੀ ਗੁਰੂ ਰਵਿਦਾਸ ਯੂਥ ਕਲੱਬ ਇਆਲੀ ਖੁਰਦ ਦੇ ਸਰਪ੍ਰਸਤ ਹਰਦੇਵ ਸਿੰਘ ਬੋਪਾਰਾਏ ਨੇ ਦੱਸਿਆ ਕਿ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਅਟੁੱਟ ਲੰਗਰ ਵੀ ਲਗਾਇਆ ਇਸ ਸਮੇਂ ਹੋਰਨਾਂ ਤੋਂ ਇਲਾਵਾਭਿੰਦਾ ਸ਼ਮਸ਼ੇਰ ਸਿੰਘ ਪੱਪੂ, ਮਲਕੀਤ ਸਿੰਘ ਘਗਰਾਣਾ, ਚਾਚਾ ਅਰਬਨ ਸਿੰਘ, ਪ੍ਰੀਤਮ ਸਿੰਘ, ਬਾਬਾ ਜਗਤਾਰ ਸਿੰਘ, ਚੰਨਣ ਰਾਮ ਬਿਲਾ , ਡਾਕਟਰ ਸਰੂਪ ਸਿੰਘ ,ਚੰਨੀ ਦਸ਼ਮੇਸ਼ ਨਗਰ ਹਲਵਾਈ ,ਸ਼ਮਸ਼ੇਰ ਸਿੰਘ ਸ਼ੇਰ,ਜੋਤ ਟੈਂਟ ਹਾਊਸ ,ਜੱਗਾ , ਜੀਵਾ ,ਅਜੇ , ਰਮਨ ,ਖੁਸ਼ੀ , ਤਨੂ ,ਦਿਲਪ੍ਰੀਤ ਸਿੰਘ, ਪੂਜਾ , ਸੁਖ ,ਅਰਜਨ ਸਿੰਘ , ਨੇਹਾ , ਭਿੰਦਾ, ਲਾਡੀ, ਰਾਜਵੀਰ ਸਿੰਘ , ਹੁਸਨ, ਮਨੀ ਗਿੱਲ, ਜਗਤਾਰ ਸਿੰਘ , ਈਸ਼ਾ, ਕਿਰਨ, ਸ਼ਮਸ਼ੇਰ ਸਿੰਘ ਆਦਿ ਹਾਜਰ ਸਨ

# ਮਮਤਾ ਦੀ ਮੂਰਤ, ਪਿਆਰ ਦਾ ਸਾਗਰ ਅਤੇ ਤਿਆਗ ਦੀ ਦੇਵੀ: ਮਾਤਾ ਦਰਸ਼ਨਾ ਦੇਵੀ ਬਾਂਸਲ, ਸੂਲਰ ਘਰਾਟ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com

ਸੁਣਦੇ ਆਏ ਹਾਂ ਕਿ ਮਾਂ ਇਕ ਅਜਿਹਾ ਘਣਛਾਵਾਂ ਬੂਟਾ ਹੈ ਜਿਸ ਤੋਂ ਛਾਂ ਉਧਾਰੀ ਲੈਕੇ ਹੀ ਰੱਬ ਨੇ ਸੁਰਗ ਬਣਾਏ। ਹਰ ਬੱਚੇ ਲਈ ਉਸਦੀ ਮਾਂ ਜ਼ਿੰਦਗੀ ਦਾ ਸੋਮਾ ਵੀ ਹੁੰਦੀ ਹੈ ਤੇ ਜ਼ਿੰਦਗੀ ਦਾ ਸਭ ਤੋਂ ਅਡਿੱਗ ਆਸਰਾ ਵੀ। ਮੇਰੀ ਜ਼ਿੰਦਗੀ ਵਿੱਚ ਇਹ ਅਖਾਣ ਇਕ ਪਵਿੱਤਰ ਸੱਚ ਵਾਂਗ ਨਿਖਰ ਕੇ ਸਾਹਮਣੇ ਆਇਆ। ਹਰ ਸਵੇਰ ਮੈਂ ਅਜੇ ਵੀ ਇਹ ਸੋਚ ਕੇ ਜਾਗਦਾ ਹਾਂ ਕਿ ਮਾਤਾ ਆਪਣੇ ਕਮਰੇ ਵਿੱਚ ਚਾਹ ਪੀ ਰਹੀ ਹੈ । ਫਿਰ ਅਚਾਨਕ ਸੱਚ ਮੇਰੇ ਕੋਲ ਆ ਜਾਂਦਾ ਹੈ ਅਤੇ ਮੈਨੂੰ ਅਹਿਸਾਸ ਹੁੰਦਾ ਹੈ ਕਿ ਇਹ ਅਜੇ ਵੀ ਮੇਰੇ ਆਲੇ ਦੁਆਲੇ ਲਟਕਿਆ ਹੋਇਆ ਇੱਕ ਸੁਪਨਾ ਹੈ, ਅਤੇ ਮੇਰੇ ਉੱਤੇ ਇੱਕ ਠੰਡੀ ਜਿਹੀ ਨਿਰਾਸ਼ਾ ਛਾ ਜਾਂਦੀ ਹੈ। ਮੈਂ ਅੰਦਰੋਂ ਖਾਲੀ ਮਹਿਸੂਸ ਕਰਦਾ ਹਾਂ। ਮੇਰੀ ਮਾਂ ਦੀ ਮੌਤ ਇੱਕ ਸੱਚਮੁੱਚ ਦੁਖਦਾਈ ਅਨੁਭਵ ਸੀ ਜਿਸ ਵਿੱਚੋਂ ਮੈਂ ਲੰਘਿਆ ਹਾਂ। ਇਹ ਮੇਰੀ ਜ਼ਿੰਦਗੀ ਦਾ ਸਭ ਤੋਂ ਭਿਆਨਕ ਨੁਕਸਾਨ ਸੀ। ਇਹ ਉਹ ਮਾਂ ਹੈ ਜਿਸਨੇ ਖੁਦ ਲੱਖਾਂ ਤਸੀਹੇ ਝੱਲ ਕੇ ਸਾਨੂੰ ਪਾਲਿਆ ਅਤੇ ਖੁਦ ਖਾਲੀ ਪੇਟ ਰਹਿ ਕੇ, ਰੁੱਖੀ ਮਿੱਸੀ ਖਾ ਕੇ ਸਾਡਾ ਪੇਟ ਭਰਿਆ ਸੀ। ਜੇ ਕਿਤੇ ਇਕ ਜ਼ਿੰਦਗੀ ਦੂਜੀ ਕਿਸੇ ਜ਼ਿੰਦਗੀ ਵਿਚ ਜੀਵੀ ਜਾ ਸਕਦੀ ਹੈ, ਤਾਂ ਉਹਦਾ ਨਮੂਨਾ “ਮਾਂ” ਹੈ। ਪਰ ਆਮ ਤੌਰ ਤੇ ਬਚਿਆਂ ਨੂੰ ਮਾਂ ਦੇ ਪਿਆਰ ਦੀ ਮਹਾਨਤਾ ਦਾ ਪੂਰਾ ਪਤਾ ਓਦੋਂ ਹੀ ਲਗਦਾ ਹੈ, ਜਦੋਂ ਇਹ ਮਹਾਨ ਪਿਆਰ ਉਹਨਾਂ ਕੋਲੋਂ ਹਮੇਸ਼ਾਂ ਲਈ ਖੁਸ ਜਾਂਦਾ ਹੈ। ਇਸ ਦਰਦ ਨੂੰ ਬਿਆਨ ਕਰਨ ਲਈ ਇੱਥੇ ਸ਼ਾਇਦ ਕੋਈ ਉਚਿਤ ਸ਼ਬਦ ਨਹੀਂ ਹਨ, ਇਹ ਅਸਹਿਣਸ਼ੀਲ ਦਰਦ ਜੋ ਤੁਹਾਨੂੰ ਰੁਆ ਦਿੰਦਾ ਹੈ, ਜੋ ਤੁਹਾਡੇ ਦਿਲ ‘ਤੇ ਪੱਥਰ ਵਾਂਗ ਵੱਜਦਾ ਹੈ ਅਤੇ ਜੋ ਆਪਣੀ ਪਿਆਰੀ ਮਾਂ ਨਾਲ ਬਿਤਾਏ ਹਰ ਪਲ ਨੂੰ ਯਾਦ ਕਰਾ ਕੇ ਤੁਹਾਡੇ ਚਿਹਰੇ ‘ਤੇ ਹੰਝੂ ਵਹਾਉਂਦਾ ਹੈ।

ਇਹੋ ਜਿਹੀ ਹੀ ਧਾਰਮਿਕ ਵਿਚਾਰਾਂ ਦੀ ਮਾਲਕਣ, ਸ੍ਰਿਸ਼ਟੀ ਨੂੰ ਪਿਆਰ ਕਰਨ ਵਾਲੀ ਸੀ ਮਾਤਾ ਦਰਸ਼ਨਾ ਦੇਵੀ। ਜਿਹਨਾਂ ਦੀ ਸ਼ਾਦੀ ਬਾਬੂ ਸ਼ਾਮ ਲਾਲ ਬਾਂਸਲ ਸੂਲਰ ਘਰਾਟ (ਸੰਗਰੂਰ) ਨਾਲ ਹੋਈ ਸੀ। ਮਾਤਾ ਦਰਸ਼ਨਾ ਦੇਵੀ ਬਹੁਤ ਸਮਝਦਾਰ, ਦਲੇਰ ਤੇ ਨੇਕ ਦਿਲ ਔਰਤ ਸੀ। ਜਿਸ ਨੇ ਆਪ ਤਕਲੀਫਾਂ ਸਹਿ ਕੇ ਆਪਣੇ ਬੱਚਿਆ ਨੂੰ ਉੱਚੇ ਸੰਸਕਾਰ ਦਿੱਤੇ ਅਤੇ ਸਮਾਜ ਪ੍ਰਤੀ ਜਿੰਮੇਵਾਰੀਆ ਦਾ ਪਾਠ ਪੜ੍ਹਾਇਆ। ਪ੍ਰੰਤੂ ਹੁਣ ਜਦੋਂ ਕਿ ਉਹ ਕਾਮਯਾਬੀ ਤੇ ਪਹੁੰਚ ਗਏ ਤਾਂ ਇਹ ਸਭ ਦੇਖਣ ਲਈ ਮਾਤਾ ਜੀ ਖੁਦ ਅੱਖਾਂ ਬੰਦ ਕਰਕੇ ਸਾਡੇ ਕੋਲੋਂ ਸਦਾ ਲਈ ਚਲੇ ਗਏ। ਉਹਨਾਂ ਦੇ ਦੋਵੇਂ ਬੇਟਿਆ ਸੰਜੀਵ ਬਾਂਸਲ, ਨਵੀਨ ਬਾਂਸਲ ਅਤੇ ਪੋਤੇ ਹੈਲਿਕ ਬਾਂਸਲ ਦਾ ਨਾਮ ਅੱਜ ਸਮਾਜਿਕ, ਧਾਰਮਿਕ ਅਤੇ ਪੈਸਟੀਸਾਈਡਜ ਦੇ ਵਪਾਰਕ ਖੇਤਰ ਵਿੱਚ ਬੜੇ ਸਤਿਕਾਰ ਅਤੇ ਮਾਣ ਨਾਲ ਲਿਆ ਜਾਂਦਾ ਹੈ। ਭਾਵੇਂ ਮਾਤਾ ਜੀ ਨੇ ਆਪਣੇ ਅੱਖਾਂ ਸਾਹਮਣੇ ਆਪਣੇ ਜਵਾਨ ਪੁੱਤਰ ਅਰੁਣ ਬਾਂਸਲ (ਕੂਕਾ) ਦਾ ਵਿਛੋੜਾ ਦੇਖਿਆ ਪਰ ਫਿਰ ਵੀ ਰੱਬ ਦੀ ਰਜਾ ਵਿੱਚ ਰਾਜੀ ਰਹੇ। ਇਹ ਪਰਿਵਾਰ ਆਪਣੇ ਮਾਤਾ ਜੀ ਦੇ ਦੱਸੇ ਰਸਤੇ ਨੂੰ ਆਪਣਾ ਮਾਰਗ ਦਰਸ਼ਨ ਮੰਨਦੇ ਹੋਏ ਆਪਣੇ ਵਪਾਰ ਰਾਹੀਂ ਕਿਸਾਨਾਂ ਦੀ ਇਮਾਨਦਾਰੀ ਨਾਲ ਸੇਵਾ ਕਰ ਰਿਹਾ ਹੈ। ਬਾਂਸਲ’ਜ ਗਰੁੱਪ ਸੂਲਰ ਘਰਾਟ ਵੱਲੋਂ ਮਾਤਾ ਦੀ ਯਾਦ ਵਿਚ ਸਮਾਜ ਸੇਵਾ ਵਿੱਚ ਵੀ ਵੱਡਾ ਯੋਗਦਾਨ ਪਾਇਆ ਜਾਂਦਾ ਹੈ। ਬਾਂਸਲ ਪਰਿਵਾਰ ਵੱਲੋਂ ਹਰ ਸਾਲ ਮਾਤਾ ਜੀ ਦੀ ਯਾਦ ਵਿੱਚ ਮੈਡੀਕਲ ਕੈਂਪ, ਖ਼ੂਨਦਾਨ, ਲੰਗਰ ਅਤੇ ਹੋਰ ਸਮਾਜ ਸੇਵਾ ਦੇ ਕੰਮ ਨਿਰੰਤਰ ਚਲਦੇ ਰਹਿੰਦੇ ਹਨ ਅਤੇ ਗਰੀਬ ਬੱਚਿਆ ਦੀ ਮੱਦਦ ਵੀ ਕਰਦੇ ਰਹਿੰਦੇ ਹਨ । ਅੱਜ ਮਾਤਾ ਜੀ ਦੀ 12ਵੀ ਬਰਸੀ ਮੌਕੇ ਜੇ ਉਨ੍ਹਾਂ ਦੀ



ਯਾਦ ਵਿਚ ਮੇਰੀ ਅੱਖ ਨਮ ਹੈ ਤਾਂ ਇਸਦੇ ਨਾਲ ਹੀ ਮੇਰੇ ਦਿਲ ਨੂੰ ਇਹ ਗੱਲ ਦਾ ਵੱਡਾ ਧਰਵਾਸ ਵੀ ਹੈ ਕਿ ਉਨ੍ਹਾਂ ਨੇ ਸਾਨੂੰ ਹਮੇਸ਼ਾ ਔਖੇ ਵੇਲਿਆਂ ਦਾ ਦ੍ਰਿੜਤਾ ਅਤੇ ਅਡੋਲਤਾ ਨਾਲ ਸਾਹਮਣਾ ਕਰਨਾ ਸਿਖਾਇਆ। ਅੱਜ ਮੈਂ ਜੋ ਵੀ ਹਾਂ, ਇਹ ਉਨ੍ਹਾਂ ਦੀ ਹਿੰਮਤ, ਪਿਆਰ ਅਤੇ ਪਰਵਰਿਸ਼ ਦੀ ਬਦੌਲਤ ਹੀ ਹਾਂ। ਭਾਵੇਂ ਮਾਤਾ ਜੀ ਅੱਜ ਇਸ ਸੰਸਾਰ ‘ਚ ਨਹੀਂ ਹਨ, ਪਰ ਉਨ੍ਹਾਂ ਦੇ ਦਿੱਤੇ ਸੰਸਕਾਰ ਅਤੇ ਸਬਕ ਮੇਰੇ ਜੀਵਨ ਦਾ ਅਟੁੱਟ ਹਿੱਸਾ ਹਨ। ਮਾਤਾ ਜੀ ਅੱਜ ਤੋਂ 12 ਸਾਲ ਪਹਿਲਾਂ ਇੱਕ ਸੰਖੇਪ ਬਿਮਾਰੀ ਕਾਰਨ ਪਰਿਵਾਰ ਕੋਲੋਂ ਸਦਾ ਲਈ ਰੁਖ਼ਸਤ ਹੋ ਗਏ ਸੀ। ਅੱਜ ਬਾਂਸਲ ਪਰਿਵਾਰ, ਉਹਨਾਂ ਦੇ ਦੋਸਤ ਮਿੱਤਰ ਅਤੇ ਰਿਸ਼ਤੇਦਾਰ ਮਾਤਾ ਜੀ ਨੂੰ ਯਾਦ ਕਰਕੇ ਸ਼ਰਧਾਂਜਲੀ ਦਿੰਦੇ ਹੋਏ ਸਰਧਾ ਦੇ ਫੁੱਲ ਭੇਟ ਕਰਦੇ ਹਨ।

---- ਸੰਜੀਵ ਬਾਂਸਲ
ਸੂਲਰ ਘਰਾਟ (ਸੰਗਰੂਰ)

# ਰੁੱਖਾਂ ਦੀ ਘਾਟ ਵਾਤਾਵਰਣ ਅਸੰਤੁਲਨ ਦਾ ਕਾਰਨ ਬਣਦੀ ਹੈ - ਤਲਵਾੜ

## ਗ੍ਰਾਮ ਪੰਚਾਇਤ ਬੱਸੀ ਗੁਲਾਮ ਹੁਸੈਨ ਨੇ 5000 ਰੁੱਖ ਲਗਾਉਣ ਦਾ ਪ੍ਰਣ ਲਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਸਾਡੇ ਧਾਰਮਿਕ ਗੁਰੂਆਂ ਅਤੇ ਧਾਰਮਿਕ ਗ੍ਰੰਥਾਂ ਨੇ ਸਾਨੂੰ ਕੁਦਰਤ ਵੱਲੋਂ ਦਿੱਤੀਆਂ ਗਈਆਂ ਅਨਮੋਲ ਚੀਜ਼ਾਂ ਜਿਵੇਂ ਕਿ ਪਾਣੀ, ਜਲਵਾਯੂ, ਧਰਤੀ ਅਤੇ ਰੁੱਖਾਂ ਦੀ ਹਮੇਸ਼ਾ ਰੱਖਿਆ ਕਰਨ ਦੀ ਸਿੱਖਿਆ ਦਿੱਤੀ ਹੈ, ਪਰ ਮਨੁੱਖ ਨੇ ਆਪਣੇ ਭੌਤਿਕ ਲਾਭਾਂ ਲਈ ਸਮੇਂ-ਸਮੇਂ 'ਤੇ ਇਨ੍ਹਾਂ ਸਾਰੀਆਂ ਚੀਜ਼ਾਂ ਦਾ ਨੁਕਸਾਨ ਕੀਤਾ ਹੈ, ਜਿਸ ਕਾਰਨ ਅੱਜ ਵਾਤਾਵਰਣ ਅਸੰਤੁਲਿਤ ਹੋ ਗਿਆ ਹੈ ਅਤੇ ਮਨੁੱਖੀ ਜੀਵਨ ਲਈ ਖ਼ਤਰਾ ਬਣ ਗਿਆ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਕਾਮੀ ਉਪ ਮੁਖੀ ਸੰਜੀਵ ਤਲਵਾੜ ਨੇ ਸਵਾਮੀ ਬਸੰਤ ਗਿਰੀ ਮਹਾਰਾਜ ਦੀ ਬਰਸੀ 'ਤੇ ਗ੍ਰਾਮ ਪੰਚਾਇਤ ਬੱਸੀ ਗੁਲਾਮ ਹੁਸੈਨ ਵੱਲੋਂ 5000 ਪੌਦੇ ਲਗਾਉਣ ਦੇ ਮਤੇ ਦੀ ਸ਼ੁਰੂਆਤ ਕਰਦਿਆਂ ਕਹੇ। ਤਲਵਾੜ ਨੇ ਕਿਹਾ ਕਿ ਬੱਸੀ ਗੁਲਾਮ ਹੁਸੈਨ ਦੀ ਨੌਜਵਾਨ ਪੰਚਾਇਤ ਵੱਲੋਂ ਰਾਜਨੀਤਿਕ ਗਤੀਵਿਧੀਆਂ ਨੂੰ ਪਾਸੇ ਰੱਖ ਕੇ ਸਮਾਜਿਕ ਕਾਰਜ ਕਰਨ ਦੀ ਕੀਤੀ ਗਈ ਪਹਿਲਕਦਮੀ ਹੋਰ ਲੋਕਾਂ ਨੂੰ ਵੀ ਪ੍ਰੇਰਿਤ ਕਰੇਗੀ। ਉਨ੍ਹਾਂ ਕਿਹਾ ਕਿ ਸੰਪੂਰਨ ਵਿਕਾਸ ਤਾਂ ਹੀ ਸੰਭਵ ਹੈ ਜਦੋਂ ਹਰ ਪਹਿਲੂ 'ਤੇ ਕੰਮ ਕੀਤਾ ਜਾਵੇ। ਇਸ ਮੌਕੇ ਸਰਪੰਚ ਸੁਖਜਿੰਦਰ ਸਿੰਘ ਨੇ ਕਿਹਾ ਕਿ ਸਾਰੇ ਨੌਜਵਾਨ ਦੋਸਤਾਂ ਨੇ ਪ੍ਰਣ ਕੀਤਾ ਹੈ ਕਿ ਉਨ੍ਹਾਂ ਦੇ 5 ਸਾਲਾਂ ਦੇ ਕਾਰਜਕਾਲ ਦੌਰਾਨ, ਸੰਜੀਵ ਤਲਵਾੜ ਦੀ ਮਦਦ ਨਾਲ, ਲਗਭਗ 5000 ਆਯੁਰਵੈਦਿਕ ਪੌਦੇ ਲਗਾਏ ਜਾਣਗੇ ਤਾਂ ਜੋ ਵਾਤਾਵਰਣ ਤੋਂ ਇਲਾਵਾ, ਮਨੁੱਖਾਂ ਲਈ ਦਵਾਈਆਂ ਵੀ ਪ੍ਰਾਪਤ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਉਹ ਪਿੰਡ ਵਾਸੀਆਂ ਨੂੰ ਵੀ ਇਸ ਕੰਮ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਬਲਵੀਰ ਸਿੰਘ ਫੌਜੀ, ਪੰਚ ਸੁਰਜੀਤ ਸਿੰਘ, ਪੰਚ ਮਨਜੀਤ ਸਿੰਘ, ਪੰਚ ਪ੍ਰਵੀਨ, ਸੈਣੀ ਦੀਪਕ ਮਨਜੀਤ ਕੁਮਾਰ, ਜਤਨ ਸੈਣੀ, ਈਸ਼ਾਨ ਤਨਿਸ਼ਕ ਰਾਜਵੀਰ ਆਦਿ ਵੀ ਹਾਜ਼ਰ ਸਨ।

# ਮੌਕ ਡਰਿੱਲ ਦੌਰਾਨ ਸੰਭਾਵੀ ਹਵਾਈ ਹਮਲੇ ਦੀ ਸਥਿਤੀ 'ਚ ਐਮਰਜੈਂਸੀ ਰਣਨੀਤੀ ਦਾ ਪ੍ਰਦਰਸ਼ਨ

## ਡੀ ਏ.ਵੀ ਕਾਲਜ ਵਿਖੇ ਸਿਵਲ ਡਿਫੈਂਸ ਤਹਿਤ ਕਰਵਾਈ ਸਫਲ ਮੌਕ ਡਰਿੱਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਜ਼ਿਲ੍ਹਾ ਪ੍ਰਸ਼ਾਸਨ ਦੀ ਚੌਕਸੀ ਨੀਤੀ ਅਨੁਸਾਰ, ਮੰਗਲਵਾਰ ਨੂੰ ਡੀ.ਏ.ਵੀ ਕਾਲਜ, ਹੁਸ਼ਿਆਰਪੁਰ ਵਿਖੇ ਸਿਵਲ ਡਿਫੈਂਸ ਨਾਲ ਸਬੰਧਤ ਇਕ ਸਫਲ ਮੌਕ ਡਰਿੱਲ ਕਰਵਾਈ ਗਈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਕਰਵਾਈ ਗਈ ਇਸ ਡਰਿੱਲ ਵਿਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਐਨ.ਸੀ.ਸੀ ਅਤੇ ਐਨ.ਐਸ.ਐਸ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ। ਮੌਕ ਡਰਿੱਲ ਨੇ ਹਵਾਈ ਹਮਲੇ ਦੌਰਾਨ ਤੇਜ਼ ਪ੍ਰਤੀਕਿਰਿਆ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ, ਫਾਇਰ ਬ੍ਰਿਗੇਡ, ਪੰਜਾਬ ਪੁਲਿਸ ਅਤੇ ਕਈ ਗੈਰ-ਸਰਕਾਰੀ ਸੰਗਠਨਾਂ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ। ਪੰਜਾਬ ਹੋਮ ਗਾਰਡਜ਼ ਦੇ ਅਧਿਕਾਰੀਆਂ ਨੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਮੌਜੂਦ ਵਿਦਿਆਰਥੀਆਂ ਨੂੰ ਮਹੱਤਵਪੂਰਨ ਸੁਝਾਅ ਵੀ ਦਿੱਤੇ। ਡਰਿੱਲ ਦੀ ਸਮਾਪਤੀ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਅਭਿਆਸ ਸਰਕਾਰ ਦੀ ਚੌਕਸੀ ਨੀਤੀ ਤਹਿਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਜਾਂ ਐਮਰਜੈਂਸੀ ਸਥਿਤੀ ਵਿਚ ਜ਼ਿਲ੍ਹਾ ਪ੍ਰਸ਼ਾਸਨ ਦੀ ਸਮਰੱਥਾ ਅਤੇ ਤਾਲਮੇਲ ਦੀ ਜਾਂਚ ਕੀਤੀ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇਕ ਮਾਡਲ ਅਭਿਆਸ ਸੀ, ਇਸ ਲਈ ਆਮ ਲੋਕਾਂ ਨੂੰ ਡਰਨ ਜਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਮੌਕ ਡਰਿੱਲ ਦਾ ਉਦੇਸ਼ ਨਾਗਰਿਕਾਂ ਨੂੰ ਅਜਿਹੀਆਂ ਸਥਿਤੀਆਂ ਲਈ ਮਾਨਸਿਕ ਤੌਰ 'ਤੇ ਤਿਆਰ ਕਰਨਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕ ਡਰਿੱਲ ਵਿਚ ਸਿਵਲ ਡਿਫੈਂਸ, ਫਾਇਰ ਡਿਪਾਰਟਮੈਂਟ, ਸਿਹਤ ਵਿਭਾਗ, 12 ਪੰਜਾਬ ਐਨ.ਸੀ.ਸੀ., ਪੁਲਿਸ ਅਤੇ ਹੋਮ ਗਾਰਡ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਅਭਿਆਸ ਦੌਰਾਨ ਆਪਸੀ ਤਾਲਮੇਲ ਅਤੇ ਤੇਜ਼ ਪ੍ਰਤੀਕਿਰਿਆ ਸਮਰੱਥਾ ਦੀ ਵੀ ਸਮੀਖਿਆ ਕੀਤੀ ਗਈ। ਐਸ.ਡੀ.ਐਮ. ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਨੇ ਮੌਕ ਡਰਿੱਲ ਦਾ ਸੰਚਾਲਨ ਕੀਤਾ। ਇਹ ਅਭਿਆਸ ਪੰਜਾਬ ਪੁਲਿਸ, ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ ਅਤੇ ਫਾਇਰ ਬ੍ਰਿਗੇਡ ਦੇ ਸਹਿਯੋਗ ਨਾਲ ਸਫਲਤਾਪੂਰਵਕ ਪੂਰਾ ਹੋਇਆ। ਇਸ ਮੌਕੇ ਤਹਿਸੀਲਦਾਰ ਲਾਰਸਨ ਸਿੰਗਲਾ, ਇੰਸਪੈਕਟਰ ਦਵਿੰਦਰ ਸਿੰਘ, ਮਨਿੰਦਰ ਸਿੰਘ, ਚੀਫ਼ ਵਾਰਡਨ ਸਿਵਲ ਡਿਫੈਂਸ ਲੋਕੇਸ਼ ਪੁਰੀ ਅਤੇ ਹੋਰ ਅਧਿਕਾਰੀ ਅਤੇ ਵਲੰਟੀਅਰ ਵੀ ਮੌਜੂਦ ਸਨ।

# ਆਮ ਆਦਮੀ ਪਾਰਟੀ ਦੀ ਸਰਕਾਰ ਬਾਬਾ ਸਾਹਿਬ ਅੰਬੇਡਕਰ ਜੀ ਦੇ ਬੁੱਤਾਂ ਦੀ ਰਾਖੀ ਕਰਨ ਵਿੱਚ ਹੋਈ ਬੁਰੀ ਤਰ੍ਹਾਂ ਫੇਲ --ਚਮਕੌਰ ਸਿੰਘ ਵੀਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਸੰਗਰੂਰ( ) ਪਿਛਲੇ ਦਿਨੀ ਫਿਲੋਰ ਵਿਖੇ ਜੋ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਦੂਸਰੀ ਵਾਰੀ ਬੇਅਦਬੀ ਹੋਈ ਹੈ, ਬਹੁਜਨ ਸਮਾਜ ਪਾਰਟੀ ਇਸ ਘਟਨਾ ਦੀ ਬੇਹੱਦ ਨਿੰਦਾ ਕਰਦੀ ਹੈ ਅਤੇ ਇਸ ਸਬੰਧੀ ਚਮਕੌਰ ਸਿੰਘ ਵੀਰ ਜਨਰਲ ਸੈਕਟਰੀ ਬਹੁਜਨ ਸਮਾਜ ਪਾਰਟੀ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅੰਬੇਡਕਰ ਸਾਹਿਬ ਦਾ ਕੋਈ ਸਤਿਕਾਰ ਨਹੀਂ ਕਰਦੀ, ਸਿਰਫ ਦਫਤਰਾਂ ਵਿੱਚ ਅੰਬੇਡਕਰ ਸਾਹਿਬ ਦੀਆਂ ਅਤੇ ਸ਼ਹੀਦੇ ਆਜ਼ਮ ਭਗਤ ਸਿੰਘ ਦੀਆਂ ਫੋਟੋਆਂ ਲਾਉਣ ਤੱਕ ਸੀਮਤ ਹੈ, ਪਰ ਉਹਨਾਂ ਦੀ ਵਿਚਾਰਧਾਰਾ ਤੇ ਅਮਲ ਨਹੀਂ ਕਰਦੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਸੰਜੀਦਗੀ ਦੇ ਨਾਲ ਸਾਰੇ ਪੰਜਾਬ ਵਿੱਚ ਅੰਬੇਡਕਰ ਸਾਹਿਬ ਦੇ ਬੁੱਤਾਂ ਦੀ ਰਾਖੀ ਕਰਨੀ ਚਾਹੀਦੀ ਹੈ। ਸ੍ ਵੀਰ ਨੇ ਇਹ ਵੀ ਕਿਹਾ ਕਿ ਅਕਾਲ ਤਖਤ ਦੇ ਜਥੇਦਾਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਅਪੀਲ ਕੀਤੀ ਕਿ ਜਿਹੜੇ ਕੁਝ ਗਰਮ ਖਿਆਲੀ ਵਿਆਕਤੀ ਹਨ ਉਹ ਸੰਵਿਧਾਨ ਨੂੰ ਨਹੀਂ ਮੰਨਦੇ, ਉਹ ਗੁਰੂ ਦੇ ਸਿੱਖ ਹੋ ਹੀ ਨਹੀਂ ਸਕਦੇ, ਉਹਨਾਂ ਕਿਹਾ ਕਿ ਅਜਿਹੇ ਵਿਅਕਤੀਆਂ ਪ੍ਰਤੀ ਸਤਿਕਾਰਯੋਗ ਜਥੇਦਾਰ ਸਾਹਿਬ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਖਤ ਸਟੈਂਡ ਲੈ ਕੇ ਉਹਨਾਂ ਵਿਰੁੱਧ ਕਾਰਵਾਈ ਕਰਨੀ ਚਾਹੀਦੀ ਕਿਉਂਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਤਸ਼ਾਹ ਨੇ ਜਦੋਂ ਪੰਜ ਪਿਆਰਿਆਂ ਦੀ ਸਾਜਨਾ ਕੀਤੀ ਉਸ ਵਕਤ ਸਾਰੇ ਹੀ ਪੰਜ ਪਿਆਰੇ ਦੱਬੇ ਕੁੱਚਲੇ ਸਮਾਜ ਵਿੱਚੋਂ ਸਨ ਅਤੇ ਸਭ ਤੋਂ ਜਿਆਦਾ ਸਤਿਕਾਰ ਦਬਿਆ ਕੁਚਲਿਆ ਸਮਾਜ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਕਰਦਾ ਹੈ ।ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਬੁੱਤਾਂ ਦੀ ਰਾਖੀ ਸਬੰਧੀ ਕੋਈ ਠੋਸ ਕਦਮ ਨਾ ਚੱਕਿਆ ਗਿਆ ਤਾਂ ਬਹੁਜਨ ਸਮਾਜ ਪਾਰਟੀ ਸੂਬੇ ਦੀ ਮੀਟਿੰਗ ਦੇ ਵਿੱਚ ਵਿਚਾਰ ਕੇ ਇਸ ਸਬੰਧੀ ਤਕੜਾ ਐਕਸ਼ਨ ਲੈ ਸਕਦੀ ਹੈ ਇਸ ਸਮੇਂ ਉਹਨਾਂ ਦੇ ਨਾਲ ਸਤਗੁਰ ਸਿੰਘ ਕੌਹਰੀਆਂ, ਸੂਬੇਦਾਰ ਰਣਧੀਰ ਸਿੰਘ ਨਾਗਰਾ, ਨਿਰਮਲ ਸਿੰਘ ਮੱਟੂ, ਹਰਮੇਲ ਸਿੰਘ, ਪਵਿੱਤਰ ਸਿੰਘ, ਮਿੱਠਾ ਸਿੰਘ, ਲਾਭ ਸਿੰਘ ਫੌਜੀ, ਗੁਰਦੇਵ ਸਿੰਘ ਘਾਰ ਦਾ, ਆਦਿ ਹਾਜ਼ਰ ਸਨ।

# ਬਸਪਾ ਦੇ ਸੂਬਾ ਪ੍ਰਧਾਨ ਡਾ: ਕਰੀਮਪੁਰੀ ਬਲਬੀਰ ਸਿੰਘ ਕਮਾਂਡਰ ਦਾ ਹਾਲ ਜਾਨਣ ਘਰ ਪੁੱਜੇ

## ਕਮਾਂਡਰ ਪਰਿਵਾਰ ਵੱਲੋਂ ਡਾ: ਕਰੀਮਪੁਰੀ ਦਾ ਲੋਈ ਤੇ ਸਿਰੋਪਾਓ ਭੇਟ ਕਰਕੇ ਸਨਮਾਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਲੁਧਿਆਣਾ 4 ਜੂਨ ( ) ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾ: ਅਵਤਾਰ ਸਿੰਘ ਕਰੀਮਪੁਰੀ ਬਸਪਾ ਦੇ ਸਾਬਕਾ ਜਿਲ੍ਹਾ ਪ੍ਰਧਾਨ ਬਲਬੀਰ ਸਿੰਘ ਕਮਾਂਡਰ ਜੋ ਹੁਣ ਭਾਜਪਾ ਐਸ ਸੀ ਮੋਰਚੇ ਦੇ ਸੂਬਾਈ ਬੁਲਾਰੇ ਹਨ, ਦਾ ਹਾਲ ਜਾਨਣ ਲਈ ਉਨ੍ਹਾਂ ਦੇ ਗ੍ਰਿਹਿ ਪੁੱਜੇ ਜਿੱਥੇ ਕਮਾਂਡਰ ਪਰਿਵਾਰ ਵੱਲੋਂ ਡਾ: ਕਰੀਮਪੁਰੀ ਦਾ ਲੋਈ ਤੇ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਜਿਕਰਯੋਗ ਹੈ ਕਿ ਬਸਪਾ 'ਚ ਧਾਕੜ ਆਗੂ ਵਜੋਂ ਜਾਣੇ ਜਾਂਦੇ ਬਲਬੀਰ ਸਿੰਘ ਕਮਾਂਡਰ ਨੂੰ ਬਸਪਾ ਦੇ ਸੂਬਾ ਪ੍ਰਧਾਨ ਪ੍ਰਕਾਸ਼ ਸਿੰਘ ਜੰਡਾਲੀ ਦੇ ਸਮੇਂ ਪਾਰਟੀ ਚੋਂ ਕੱਢ ਦਿੱਤਾ ਗਿਆ ਸੀ ਜਿਹੜੇ ਕਿ ਕਾਫੀ ਸਮਾਂ ਘਰੇ ਬੈਠਣ ਤੋਂ ਬਾਅਦ ਭਾਜਪਾ 'ਚ ਚਲੇ ਗਏ ਸਨ। ਉਹ ਬੀਤੇ ਸਮੇਂ 'ਚ ਦੋ ਵਾਰ ਦਿਲ ਦੀ ਬਿਮਾਰੀ ਕਾਰਨ ਬਿਮਾਰ ਹੋ ਗਏ ਸਨ ਜਿਨ੍ਹਾਂ ਦੀ ਬਿਮਾਰੀ ਦਾ ਪਤਾ ਚੱਲਣ 'ਤੇ ਡਾ: ਕਰੀਮਪੁਰੀ ਉਨ੍ਹਾਂ ਦੇ ਗ੍ਰਿਹਿ ਪੁੱਜੇ। ਡਾ: ਕਰੀਮਪੁਰੀ ਨੇ ਬਲਬੀਰ ਸਿੰਘ ਕਮਾਂਡਰ ਅਤੇ ਉਨ੍ਹਾਂ ਦੇ ਪਰਿਵਾਰ 'ਚ ਕੁਝ ਸਮਾਂ ਰਹਿਕੇ ਸਾਰੀ ਬਿਮਾਰੀ ਬਾਰੇ ਜਾਣਿਆ ਅਤੇ ਉਨ੍ਹਾਂ ਦੀ ਸੇਹਤਯਾਬੀ ਦੀ ਅਰਦਾਸ ਕੀਤੀ। ਇਸ ਦੌਰਾਨ ਉਨ੍ਹਾਂ ਕਮਾਂਡਰ ਪਰਿਵਾਰ ਨਾਲ ਬਸਪਾ 'ਚ ਇੱਕਠੇ ਰਹਿ ਕੇ ਚਲਾਈਆਂ ਗਈਆਂ ਸਰਗਰਮੀਆਂ ਨੂੰ ਯਾਦ ਕਰਦਿਆਂ ਪੂਰੇ ਪਰਿਵਾਰ ਦੀ ਬਾਬਾ ਸਾਹਿਬ ਤੇ ਸਾਬ੍ਹ ਕਾਂਸ਼ੀ ਰਾਮ ਜੀ ਪ੍ਰਤੀ ਸ਼ਰਧਾ ਭਾਵਨਾ ਦੀ ਸ਼ਲਾਘਾ ਵੀ ਕੀਤੀ। ਡਾ: ਕਰੀਮਪੁਰੀ ਦੇ ਘਰ ਆਉਣ 'ਤੇ ਕਮਾਂਡਰ ਪਰਿਵਾਰ ਨੂੰ ਵੀ ਬਹੁਤ ਚੰਗਾ ਲੱਗਾ। ਇਸ ਮੌਕੇ ਕਮਾਂਡਰ ਦੀ ਪਤਨੀ ਜਸਵੀਰ ਕੌਰ ਤੇ ਪੁੱਤਰ ਤੋਂ ਇਲਾਵਾ ਸੂਬਾ ਜਨਰਲ ਸਕੱਤਰ ਪ੍ਰਵੀਨ ਬੰਗਾ ਤੇ ਬਲਵਿੰਦਰ ਬਿੱਟਾ, ਦੇਹਾਤੀ ਇੰਚਾਰਜ ਪ੍ਰਗਣ ਬਿਲਗਾ, ਸ਼ਹਿਰੀ ਪ੍ਰਧਾਨ ਬਲਵਿੰਦਰ ਜੱਸੀ, ਹਲਕਾ ਸਾਹਨੇਵਾਲ ਦੇ ਇੰਚਾਰਜ ਜਗਤਾਰ ਸਿੰਘ ਕੈਂਥ, ਸੋਨੂੰ ਅੰਬੇਡਕਰ, ਰਜਿੰਦਰ ਨਿੱਕਾ, ਲਖਵੀਰ ਸਿੰਘ ਲੱਭਾ, ਵਿੱਕੀ ਅਤੇ ਹਰਕੀਰਤ ਸਿੰਘ ਆਦਿ ਹਾਜਰ ਸਨ।

# ਚੰਦੜ੍ਹ ਗੋਤ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਮਨਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 04 ਜੂਨ
INTERNATIONAL PAPER, 94636 01616
hardipchumber57@gmail.com



ਫਿਲੌਰ/ਅੱਪਰਾ (ਦੀਪਾ)- ਧੰਨ ਧੰਨ ਬਾਬਾ ਕੰਨੀਆਂ ਜੀ, ਧੰਨ ਧੰਨ ਬਾਬਾ ਮੱਲੂ ਰਾਮ ਜੀ ਅਤੇ ਮਾਤਾ ਸਤੀ ਜੀ ਚੰਦੜ੍ਹ ਗੋਤ ਜਠੇਰਿਆਂ ਦੀ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਚੰਦੜ ਗੋਤ ਜਠੇਰਿਆਂ ਸਾਲਾਨਾ ਜੋੜ ਮੇਲਾ ਸਮੂਹ ਚੰਦੜ੍ਹ ਪਰਿਵਾਰ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਿੰਡ ਪੱਦੀ ਜਗੀਰ ਵਿਖੇ ਬੜੀ ਸ਼ਰਧਾ ਪੂਰਵਕ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਖਵਿੰਦਰ ਰਾਮ ਨੇ ਦੱਸਿਆ ਕਿ ਸਮੇਂ ਸਵੇਰੇ 10 ਵਜੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ, ਉਪਰੰਤ ਸਟੇਜ ਦੀ ਕਾਰਵਾਈ ਸ਼ੁਰੂ ਕੀਤੀ ਗਈ, ਜਿਸ ਪੰਜਾਬ ਦੇ ਨਾਮਵਾਰਕਾਂ 'ਚੋਂ ਬੂਟਾ ਮੁਹੰਮਦ, ਬਲਜੀਤ ਜੱਸੀ, ਸਾਹਿਲ ਜੀ, ਰੋਹਿਤ ਖਹਿਰਾ ਨੇ ਜਠੇਰਿਆਂ ਦੀ ਮਹਿਮਾਂ ਦਾ ਗੁਣਗਾਨ ਕਰਕੇ ਆਇਆ ਸੰਗਤਾਂ ਨੂੰ ਨਿਹਾਲ ਕੀਤਾ। ਮੇਲੇ ਦੁਰਾਨ ਸਵੇਰ ਤੋਂ ਚਾਹ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਬਾਅਦ ਦੁਪਿਹਰ ਗੁਰੂ ਕਾ ਲੰਗਰ ਵਰਤਾਇਆ ਗਿਆ। ਇਸ ਮੌਕੇ ਸਿੱਧ ਜੋਗੀ ਬਾਬਾ ਬਾਲਕ ਨਾਥ ਜੀ ਸਰਵ ਸਾਂਝਾਂ ਦਰਬਾਰ ਪਿੰਡ ਉੜਾਪੜ ਦੇ ਮੁੱਖ ਸੇਵਾਦਾਰ ਬਾਬਾ ਬਲਵਿੰਦਰ ਲੱਡੂ ਜੀ ਵੱਲੋਂ ਡਾ. ਦੇਸ ਰਾਜ ਪੁਰੀ ਹਸਪਤਾਲ ਲੁਧਿਆਣਾ ਦੀ ਟੀਮ ਦੇ ਸਹਿਯੋਗ ਨਾਲ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਈਆਂ ਗਿਆ, ਜਿਸ 'ਚ 269 ਮਰੀਜ਼ਾਂ ਦਾ ਚੈੱਕਅੱਪ ਕੀਤਾ ਅਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਫ੍ਰੀ ਦਿਤੀਆਂ ਗਈਆਂ। ਇਸ ਸਮੇਂ ਸੈਕਟਰੀ ਸੁਖਵਿੰਦਰ ਰਾਮ ਨੇ ਸਹਿਯੋਗੀ ਸੱਜਣਾਂ ਦਾ ਦਿੱਤੇ ਸਹਿਯੋਗ ਲਈ ਤਹਿਦਿਲੋਂ ਧੰਨਵਾਦ ਕੀਤਾ ਅਤੇ ਸਹਿਯੋਗੀ ਸੱਜਣਾਂ ਨੂੰ ਸਿਰੋਪਾਓ ਭੇਂਟ ਦੇਕ ਸਨਮਾਨਿਤ ਕੀਤਾ।

ਇਸ ਮੌਕੇ ਪ੍ਰਧਾਨ ਦੇਵ ਰਾਮ ਕਮਾਲਪੁਰ, ਮੀਤ ਪ੍ਰਧਾਨ ਸਿਆਮਾ ਰਾਮ, ਸਕੱਤਰ ਸੁਰਿੰਦਰ ਪਾਲ ਕੁੱਕੂ, ਖਜਾਨਚੀ ਸੁਖਵਿੰਦਰ ਰਾਮ, ਸੀਨੀਅਰ ਮੀਤ ਪ੍ਰਧਾਨ ਚੌਧਰੀ ਮਨੋਹਰ ਲਾਲ, ਸੀਨੀਅਰ ਮੀਤ ਪ੍ਰਧਾਨ ਤਾਰਾ ਰਾਮ ਪੱਦੀ ਜਗੀਰ, ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਰਾਮ ਮਸੰਦਪੁਰ, ਪ੍ਰਕਾਸ਼ ਰਾਮ ਦੁਸਾਂਝ ਕਲਾਂ, ਦਲੀਪ ਚੰਦੜ੍ਹ, ਜਗਦੀਸ਼ ਰਾਮ, ਮਹਿੰਦਰ ਪਾਲ, ਭੁਪਿੰਦਰ ਸਿੰਘ ਪੱਦੀ ਜਗੀਰ, ਸੁਰਿੰਦਰ ਲੁਘਾ, ਮਹਿੰਦਰ ਪਾਲ, ਬੂਟਾ ਰਾਮ, ਅਜੇ ਕੁਮਾਰ, ਹਰਬੰਸ ਲਾਲ, ਜਸਪਾਲ ਕਾਲਾ, ਮੱਖਣ ਲਾਲ, ਸ਼੍ਰੀਮਤੀ ਰੇਸ਼ਮ ਕੌਰ ਅਦਿ ਤੋਂ ਇਲਾਵਾਂ ਭਾਰੀ ਗਿਣਤੀ ਵਿੱਚ ਸੰਗਤਾਂ ਆਦਿ ਹਾਜ਼ਰ ਸਨ । ਸਟੇਜ ਸਕੱਤਰ ਦੀ ਭੂਮਿਕਾਂ ਸੁਖਵਿੰਦਰ ਰਾਮ ਅਤੇ ਸੁਰਿੰਦਰ ਪਾਲ ਕੁੱਕੂ ਨੇ ਬਾਖੂਬੀ ਨਿਭਾਈ

# ਕਮਿਊਨਿਸਟ ਇਨਕਲਾਬੀ ਸਾਥੀ ਮਦਨ ਗੋਪਾਲ ਦੀ ਬਰਸੀ 7 ਜੂਨ ਨੂੰ ਮਨਾਈ ਜਾਵੇਗੀ: ਕਾਮਰੇਡ ਅਜਮੇਰ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 04 ਜੂਨ
INTERNATIONAL PAPER, 9463601616
hardipchumber57@gmail.com

